Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA    ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 100 Chief Editor : Chowdhary Prabhjit Singh, Editor : Chhatarpal Singh 98146-32807, Saturday 3 October 2026 Price : 2 Rs. Page : 6

## 2027 ਵਿਚ ਸ਼੍ਰੋਮਣੀ ਅਕਾਲੀ ਦਲ (ਬ) ਦੀ ਸਰਕਾਰ ਬਣਾਓ ਤਾਂ ਹੀ ਪੰਜਾਬ ਦਾ ਭਲਾ ਹੋਵੇਗਾ : ਸੁਖਬੀਰ ਸਿੰਘ ਬਾਦਲ

**ਕੋਟਫ਼ਤੂਹੀ (ਹੁਸ਼ਿਆਰਪੁਰ), 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇਥੋਂ ਨਜ਼ਦੀਕੀ ਪਿੰਡ ਮੰਨਣਹਾਨਾ ਦੇ ਗੁਰਦੁਆਰਾ ਹਰੀਸਰ ਕੁਟੀਆ ਅਮਰੂਦਾਂ ਵਾਲੀ ਦੇ ਕੁਸ਼ਤੀ ਸਟੇਡੀਅਮ ਵਿਚ ਸ਼੍ਰੋਮਣੀ ਅਕਾਲੀ ਦਲ (ਬ) ਵਲੋਂ 2027 'ਚ ਆ ਰਹੀਆ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦੇ ਹੋਏ 'ਪੰਜਾਬ ਬਚਾਓ ਰੈਲੀ' ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਦੀ ਸਰਪ੍ਰਸਤੀ ਹੇਠ ਹੋਈ, ਜਿਸ ਵਿਚ ਸ. ਸੁਖਬੀਰ ਸਿੰਘ ਬਾਦਲ ਨੇ ਆਪਣੇ ਵਿਚਾਰ ਸਾਂਝੇ ਕਰਦਿਆ ਕਿਹਾ ਕਿ 2027 ਵਿਚ ਸ਼੍ਰੋਮਣੀ ਅਕਾਲੀ ਦਲ (ਬ) ਦੀ ਸਰਕਾਰ ਬਣਨ 'ਤੇ ਪਹਿਲੇ ਮਹੀਨੇ ਜਿਸ ਕੋਲ ਕੋਈ ਟਿਊਬਵੈੱਲ ਕੁਨੈਕਸ਼ਨ ਨਹੀ ਹੈ, ਉਨ੍ਹਾਂ ਨੂੰ ਪਹਿਲੇ ਮਹੀਨੇ ਟਿਊਬਵੈੱਲ ਕੁਨੈਕਸ਼ਨ ਦਿੱਤੇ ਜਾਣਗੇ, ਕੰਢੀ ਏਰੀਏ ਦੀ ਬਹੁਤ ਘੱਟ ਤਰੱਕੀ ਹੋਈ ਹੈ, ਜਿਸ ਲਈ ਇਕ ਮਨਿਸਟਰੀ ਕੰਡੀ ਏਰੀਏ ਡਿਵੈਲਪਮੈਂਟ ਦੀ ਹੋਵੇਗੀ, ਜਿਸ ਦਾ ਕੰਮ ਹੀ ਕੰਡੀ ਏਰੀਏ ਦੀ ਡਿਵੈਲਪਮੈਂਟ ਹੋਵੇਗੀ, ਪਠਾਨਕੋਟ ਤੋਂ ਚੰਡੀਗੜ੍ਹ ਤੱਕ ਇਕ ਐਕਸਪ੍ਰੈੱਸ ਵੇਅ ਕੰਡੀ ਏਰੀਏ ਦੇ ਨਾਂਅ ਤੇ ਕੱਢਿਆ ਜਾਵੇਗਾ, ਜਿਸ ਨਾਲ ਕੰਢੀ ਏਰੀਏ ਦੀ ਤਰੱਕੀ ਆਪਣੇ ਆਪ ਹੋ ਜਾਵੇਗੀ।



ਇਸ ਇਲਾਕੇ ਨੂੰ ਇਕ ਸਪੈਸ਼ਲ ਇੰਡਸਟਰੀਅਲ ਪੈਕਿੰਜ ਦਿੱਤਾ ਜਾਵੇਗਾ, ਜੋ ਕੰਡੀ ਏਰੀਏ 'ਤੇ ਬਾਰਡਰ ਏਰੀਏ ਵਿਚ ਫ਼ੈਕਟਰੀ ਲਾਏਗਾ। ਉਸ ਨੂੰ ਵਾਧੂ ਸਹੂਲਤਾਂ ਸਾਡੀ ਸਰਕਾਰ ਦੇਵੇਗੀ, ਸਾਡੀ ਸਰਕਾਰ ਆਉਣ 'ਤੇ ਪੰਜਾਬ ਸਰਕਾਰ ਵਲੋਂ ਬੰਦ ਕੀਤੀ ਹੋਈ ਨੀਲੇ ਕਾਰਡ ਦੀ ਸਕੀਮ ਨੂੰ ਫਿਰ ਦੁਬਾਰਾ ਚਾਲੂ ਕਰਾਂਗੇ ਤੇ ਵੱਡੇ ਬਾਦਲ ਸਾਹਿਬ ਦੇ ਨਾਂਅ ਤੇ ਬਾਪੂ ਬਾਦਲ 30 ਕਿੱਲੋ ਕਣਕ ਦਿੰਦਾ ਸੀ ਉਹ ਹੁਣ 50 ਕਿੱਲੋ ਕਣਕ 4 ਰੁਪਏ ਦੇ ਹਿਸਾਬ ਨਾਲ ਤੇ 20 ਕਿੱਲੋ ਰੁਪਏ ਦੇ ਹਿਸਾਬ ਨਾਲ ਦਾਲ ਦਿੱਤੀ ਜਾਵੇਗੀ, ਲੜਕੀਆਂ ਦੀ ਸ਼ਗੁਨ ਸਕੀਮ ਆਉਣ ਵਾਲੀ ਸਰਕਾਰ ਇਕ ਲੱਖ ਰੁਪਏ ਤੇ ਬੁੱਢਾਪਾ ਪੈਨਸ਼ਨ 3100 ਰੁਪਏ ਕਰੇਗੀ, ਜਿਸ ਤੇ ਵਿਅਕਤੀਆਂ ਦੀ ਉਮਰ 65 ਸਾਲ ਤੋਂ ਘਟਾ ਕੇ 60 ਸਾਲ, ਬੀਬੀਆਂ ਦੀ ਉਮਰ 60 ਤੋਂ ਘਟਾ ਕੇ 55 ਸਾਲ ਕੀਤੀ ਜਾਵੇਗੀ।

ਨੌਜਵਾਨਾਂ ਨੂੰ ਆਪਣਾ ਰੋਜ਼ਗਾਰ ਸ਼ੁਰੂ ਕਰਨ ਲਈ ਇਸ ਸਰਕਾਰ ਦੌਰਾਨ ਖਾਲੀ ਪਈਆ ਤਿੰਨ ਲੱਖ ਨੌਕਰੀਆਂ ਪਹਿਲੇ ਸਾਲ ਪੰਜਾਬ ਦੇ ਬੱਚਿਆਂ ਨੂੰ ਦੇਵਾਂਗੇ, ਇਨ੍ਹਾਂ ਨੇ ਕਾਨੂੰਨ ਬਣਾ ਦਿੱਤਾ ਕਿ ਪੰਜਾਬ ਦੀ ਸਰਕਾਰੀ ਨੌਕਰੀ ਹਿੰਦੁਸਤਾਨ ਦਾ ਕੋਈ ਵੀ ਬੱਚਾ ਲੈ ਸਕਦਾ, ਦੂਸਰੇ ਸੂਬਿਆ ਵਿਚ ਇਹ ਭਾਸ਼ਣ ਕਰਦੇ ਹਨ ਕਿ ਅਸੀਂ ਤੁਹਾਨੂੰ ਪੰਜਾਬ ਵਿਚ ਨੌਕਰੀਆਂ ਦੇਵਾਂਗੇ, ਇਨ੍ਹਾਂ ਨੇ ਕਾਨੂੰਨ ਬਦਲ ਦਿੱਤਾ, ਹੁਣ ਜਿਹੜੀਆਂ 25 ਹਜ਼ਾਰ ਨੌਕਰੀਆਂ ਮਿਲੀਆ ਉਸ ਵਿਚ ਅੱਧੀਆਂ ਨੌਕਰੀਆਂ ਪੰਜਾਬ ਤੋਂ ਬਾਹਰਲਿਆਂ ਸੂਬਿਆ ਵਾਲਿਆਂ ਨੂੰ ਦਿੱਤੀਆਂ ਹਨ।

## ਬੀ.ਕੇ.ਯੂ ਉਗਰਾਹਾ ਵੱਲੋਂ 5 ਅਕਤੂਬਰ ਤੋਂ ਡੀ.ਸੀ. ਤੇ ਐੱਸ.ਡੀ.ਐੱਮ. ਦਫ਼ਤਰਾਂ ਦੇ 24 ਘੰਟਿਆਂ ਦੇ ਘਿਰਾਓ ਦਾ ਐਲਾਨ



**ਲਾਲੜੂ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪੰਜਾਬ ਸਰਕਾਰ ਦੀਆਂ ਨੀਤੀਆਂ ਅਤੇ ਕਿਸਾਨਾਂ-ਮਜ਼ਦੂਰਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਦੇ ਵਿਰੋਧ ਵਿੱਚ 5 ਅਕਤੂਬਰ ਤੋਂ ਪੰਜਾਬ ਭਰ ਵਿੱਚ ਡਿਪਟੀ ਕਮਿਸ਼ਨਰਾਂ ਅਤੇ ਐੱਸ.ਡੀ.ਐੱਮ. ਦਫ਼ਤਰਾਂ ਦਾ 24 ਘੰਟਿਆਂ ਦਾ ਲਗਾਤਾਰ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸੰਘਰਸ਼ ਦੀ ਤਿਆਰੀ ਵਜੋਂ ਜਥੇਬੰਦੀ ਵੱਲੋਂ ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।

ਜਿਸ ਤਹਿਤ ਅੱਜ ਲਾਲੜੂ ਸਰਕਲ ਦੇ ਪਿੰਡ ਮਲਕਪੁਰ, ਖੇੜੀ ਜੱਟਾਂ, ਹਮਾਯੂੰਪੁਰ ਅਤੇ ਸਾਧਾਂਪੁਰ ਵਿੱਚ ਕਿਸਾਨਾਂ ਤੇ ਮਜ਼ਦੂਰਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ 'ਪੰਜਾਬੀ ਟ੍ਰਿਬਿਊਨ' ਨਾਲ ਗੱਲਬਾਤ ਦੌਰਾਨ ਕਿਹਾ ਕਿ 5 ਅਕਤੂਬਰ ਦੀ ਰਾਤ 12 ਵਜੇ ਤੋਂ ਸ਼ੁਰੂ ਹੋਣ ਵਾਲੇ ਘਿਰਾਓ ਅਗਲੇ ਦਿਨ ਰਾਤ 12 ਵਜੇ ਤੱਕ ਲਗਾਤਾਰ ਜਾਰੀ ਰਹਿਣਗੇ, ਜਿਸ ਦੌਰਾਨ ਵੱਡੇ ਸੰਘਰਸ਼ ਦਾ ਐਲਾਨ ਵੀ ਕੀਤਾ ਜਾਵੇਗਾ।

ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਅਤੇ ਕਿਸਾਨ ਜਥੇਬੰਦੀਆਂ ਨਾਲ ਮੀਟਿੰਗਾਂ ਵਿੱਚ ਕੀਤੇ ਵਾਅਦੇ ਵੀ ਅਮਲ ਵਿੱਚ ਨਹੀਂ ਲਿਆਂਦੇ ਗਏ। ਉਨ੍ਹਾਂ ਕਿਹਾ ਕਿ ਜਥੇਬੰਦੀ ਅਮਰੀਕਾ ਨਾਲ ਕੀਤੇ ਵਪਾਰ ਸਮਝੌਤੇ ਦਾ ਵਿਰੋਧ ਕਰ ਰਹੀ ਹੈ। ਇਸ ਤੋਂ ਇਲਾਵਾ ਬਿਜਲੀ ਬਿੱਲ, ਬੀਜ ਬਿੱਲ ਅਤੇ ਸਾਰੀਆਂ ਫ਼ਸਲਾਂ 'ਤੇ ਐੱਮ.ਐੱਸ.ਪੀ. ਦੀ ਕਾਨੂੰਨੀ ਗਾਰੰਟੀ ਦੀ ਮੰਗ ਨੂੰ ਲੈ ਕੇ ਵੀ ਕਿਸਾਨਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।

ਉਗਰਾਹਾਂ ਨੇ ਲੈਂਡ ਪੂਲਿੰਗ ਨੀਤੀ ਤਹਿਤ ਕਿਸਾਨਾਂ ਦੀਆਂ ਜ਼ਮੀਨਾਂ ਲੈਣ ਦਾ ਵਿਰੋਧ ਕਰਦਿਆਂ ਕਿਹਾ ਕਿ ਜਥੇਬੰਦੀ ਇਸ ਨੀਤੀ ਖ਼ਿਲਾਫ਼ ਸੰਘਰਸ਼ ਜਾਰੀ ਰੱਖੇਗੀ। ਉਨ੍ਹਾਂ ਕਿਹਾ ਕਿ ਮੁਹਾਲੀ ਜ਼ਿਲ੍ਹੇ ਦੇ ਕਿਸਾਨਾਂ ਨਾਲ ਕਿਸੇ ਤਰ੍ਹਾਂ ਦੀ ਵੀ ਧੱਕੇਸ਼ਾਹੀ ਨਹੀਂ ਹੋਣ ਦਿੱਤੀ ਜਾਵੇਗੀ। ਜਬਰੀ ਕਿਸਾਨਾਂ ਦੀ ਜ਼ਮੀਨ ਐਕਵਾਇਰ ਕੀਤੇ ਜਾਣ ਦਾ ਵੀ ਜ਼ਬਰਦਸਤ ਢੰਗ ਨਾਲ ਵਿਰੋਧ ਕੀਤਾ ਜਾਵੇਗਾ।

## ਚਿਤਕਾਰਾ ਯੂਨੀਵਰਸਿਟੀ 'ਚ ਹੰਗਾਮੇ ਦੀ ਘਟਨਾ ਸਬੰਧੀ ਦੋ ਗ੍ਰਿਫ਼ਤਾਰ

**ਬਨੂੜ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਜਪੁਰਾ ਸਥਿਤ ਚਿਤਕਾਰਾ ਯੂਨੀਵਰਸਿਟੀ ਵਿੱਚ 25-26 ਸਤੰਬਰ 2026 ਦੀ ਦਰਮਿਆਨੀ ਰਾਤ ਨੂੰ ਹੋਈ ਵਿਦਿਆਰਥੀ ਹੰਗਾਮੇ ਦੀ ਘਟਨਾ ਦੇ ਸਬੰਧ ਵਿੱਚ ਪਟਿਆਲਾ ਪੁਲੀਸ ਨੇ ਦੋ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ 'ਤੇ ਸੋਸ਼ਲ ਮੀਡੀਆ ਰਾਹੀਂ ਗੁੰਮਰਾਹਕੁੰਨ ਅਫਵਾਹਾਂ ਫੈਲਾਅ ਕੇ ਵਿਦਿਆਰਥੀਆਂ ਨੂੰ ਭੜਕਾਉਣ ਦੇ ਦੋਸ਼ ਹਨ। ਤੱਥਾਂ ਦਾ ਖੁਲਾਸਾ ਕਰਦਿਆਂ ਪਟਿਆਲਾ ਪੁਲੀਸ ਦੇ ਬੁਲਾਰੇ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਦੀ ਪਛਾਣ ਨੰਗਲ ਦੇ ਰਹਿਣ ਵਾਲੇ ਹਿਮਾਂਸ਼ੂ ਅਤੇ ਅੰਬਾਲਾ ਦੇ ਆਰੀਅਨ ਵਜੋਂ ਹੋਈ ਹੈ।

ਘਟਨਾ ਤੋਂ ਬਾਅਦ ਘਟਨਾ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ, ਥਾਣਾ ਬਨੂੜ ਵਿਖੇ ਐੱਫ.ਆਈ.ਆਰ. ਦਰਜ ਕੀਤੀ ਗਈ ਸੀ ਅਤੇ ਵੱਡੇ ਪੱਧਰ 'ਤੇ ਜਾਂਚ ਸ਼ੁਰੂ ਕੀਤੀ ਗਈ ਸੀ। ਪੁਲੀਸ ਨੇ ਦੱਸਿਆ ਕਿ ਜਾਂਚ ਦੇ ਹਿੱਸੇ ਵਜੋਂ, ਵਿਦਿਆਰਥੀਆਂ ਅਤੇ ਹੋਰ ਅਸਮਾਜਿਕ ਵਿਅਕਤੀਆਂ ਵੱਲੋਂ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਫੈਲਾਏ ਗਏ ਸੋਸ਼ਲ ਮੀਡੀਆ ਗਤੀਵਿਧੀਆਂ ਅਤੇ ਫ਼ਰਜ਼ੀ ਸੁਨੇਹਿਆਂ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਗਈ।

ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵਾਂ ਦੋਸ਼ੀਆਂ ਨੇ ਵੱਖ-ਵੱਖ ਸੋਸ਼ਲ ਮੀਡੀਆ ਗਰੁੱਪਾਂ ਰਾਹੀਂ ਗੁੰਮਰਾਹਕੁੰਨ ਸੁਨੇਹੇ ਫੈਲਾਅ ਕੇ ਅਤੇ ਪ੍ਰਚਾਰ ਕੇ ਵਿਦਿਆਰਥੀਆਂ ਨੂੰ ਭੜਕਾਇਆ ਅਤੇ ਉਕਸਾਇਆ। ਜਿਸ ਨਾਲ ਯੂਨੀਵਰਸਿਟੀ ਕੈਂਪਸ ਵਿੱਚ ਸਥਿਤੀ ਨੂੰ ਤਣਾਅਪੂਰਨ ਬਣਾਉਣ ਵਿੱਚ ਯੋਗਦਾਨ ਪਿਆ।

ਹੁਣ ਤੱਕ ਇਸ ਮਾਮਲੇ ਵਿੱਚ ਦੋ ਮੁਲਜ਼ਮ ਗ੍ਰਿਫ਼ਤਾਰ ਕੀਤੇ ਗਏ ਹਨ ਅਤੇ 10 ਹੋਰਾਂ ਨੂੰ ਐੱਫ.ਆਈ.ਆਰ. ਵਿੱਚ ਨਾਮਜ਼ਦ ਕੀਤਾ ਗਿਆ ਹੈ। ਬਾਕੀ ਦੋਸ਼ੀਆਂ ਨੂੰ ਫੜਨ ਲਈ ਪੁਲੀਸ ਟੀਮਾਂ ਵੱਖ-ਵੱਖ ਥਾਵਾਂ 'ਤੇ ਵੀ ਭੇਜ ਦਿੱਤੀਆਂ ਗਈਆਂ ਹਨ।

ਅਧਿਕਾਰੀਆਂ ਨੇ ਕਿਹਾ ਕਿ ਗਲਤ ਸੂਚਨਾ ਫੈਲਾਉਣ, ਵਿਦਿਆਰਥੀਆਂ ਨੂੰ ਉਕਸਾਉਣ, ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਅਤੇ ਡਿਊਟੀ ਵਿੱਚ ਵਿਘਨ ਪਾਉਣ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀਆਂ ਸਬੰਧਤ ਭੂਮਿਕਾਵਾਂ ਦਾ ਪਤਾ ਲਗਾਉਣ ਲਈ ਅੱਗੇ ਦੀ ਜਾਂਚ ਜਾਰੀ ਹੈ।

## ਪ੍ਰਧਾਨ ਮੰਤਰੀ ਨੇ ਭਾਰਤੀ ਪਾਇਲਟ ਕੈਪਟਨ ਸਮਿਤ ਨਾਲ ਕੀਤੀ ਵੀਡੀਓ ਕਾਲ 'ਤੇ ਗੱਲਬਾਤ

### 174 ਜਾਨਾਂ ਬਚਾਉਣ ਲਈ ਕੀਤੀ ਬਹਾਦਰੀ ਦੀ ਸ਼ਲਾਘਾ

**ਨਵੀਂ ਦਿੱਲੀ, 2 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਭਾਰਤੀ ਪਾਇਲਟ ਕੈਪਟਨ ਸਮਿਤ ਨਾਲ ਫ਼ੋਨ 'ਤੇ ਗੱਲਬਾਤ ਕਰਕੇ ਉਨ੍ਹਾਂ ਦੀ ਬਹਾਦਰੀ ਅਤੇ ਸੂਝ-ਬੂਝ ਦੀ ਭਰਪੂਰ ਸ਼ਲਾਘਾ ਕੀਤੀ। ਇਜ਼ਰਾਈਲ ਜਾ ਰਹੇ ਜਹਾਜ਼ ਵਿੱਚ ਆਈ ਮੁਸ਼ਕਿਲ ਦੌਰਾਨ ਕੈਪਟਨ ਸਮਿਤ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ 174 ਯਾਤਰੀਆਂ ਦੀ ਜਾਨ ਬਚਾਈ। ਪ੍ਰਧਾਨ ਮੰਤਰੀ ਨੇ ਕੈਪਟਨ ਨੂੰ ਕਿਹਾ ਕਿ ਪੂਰਾ ਦੇਸ਼ ਉਨ੍ਹਾਂ ਦੀ ਤੰਦਰੁਸਤੀ ਲਈ ਪ੍ਰਾਰਥਨਾ ਕਰ ਰਿਹਾ ਹੈ ਅਤੇ ਉਨ੍ਹਾਂ ਦੇ ਜਲਦੀ ਠੀਕ ਹੋਣ ਲਈ ਮਹਾਮ੍ਰਿਤੁੰਜਯ ਮੰਤਰ ਦਾ ਜਾਪ ਕੀਤਾ ਜਾ ਰਿਹਾ ਹੈ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਭਾਰਤ ਦੇ ਲੋਕ ਦੂਜਿਆਂ ਦੀ ਜਾਨ ਲੈਣ ਵਾਲੇ ਨਹੀਂ, ਸਗੋਂ ਆਪਣੀ ਜਾਨ ਜੋਖਮ ਵਿੱਚ ਪਾ ਕੇ ਦੂਜਿਆਂ ਦੀ ਰੱਖਿਆ ਕਰਨ ਵਾਲੇ ਹਨ। ਗੱਲਬਾਤ ਦੌਰਾਨ ਕੈਪਟਨ ਸਮਿਤ ਨੇ ਦੱਸਿਆ ਕਿ ਜਦੋਂ ਉਹ ਜ਼ਿੰਦਗੀ ਅਤੇ ਮੌਤ ਨਾਲ ਲੜ ਰਹੇ ਸਨ, ਤਾਂ ਉਸ ਮੁਸ਼ਕਿਲ ਘੜੀ ਵਿੱਚ ਉਹ ਹਨੂਮਾਨ ਚਾਲੀਸਾ ਦਾ ਪਾਠ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਰੱਬ ਦੀ ਕਿਰਪਾ ਅਤੇ ਉਨ੍ਹਾਂ ਦੇ 17 ਸਾਲਾਂ ਦੇ ਉਡਾਣ ਤਜਰਬੇ ਕਰਕੇ ਹੀ ਇਹ ਸੰਭਵ ਹੋ ਸਕਿਆ। ਅੱਖਾਂ ਬੰਦ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਜਹਾਜ਼ ਦੀ ਸਥਿਤੀ ਦਾ ਅਹਿਸਾਸ ਸੀ, ਜਿਸ ਨਾਲ ਉਹ ਆਖਰੀ ਮੌਕੇ 'ਤੇ ਦਰਵਾਜ਼ਾ ਖੋਲ੍ਹਣ ਵਿੱਚ ਕਾਮਯਾਬ ਹੋਏ ਅਤੇ ਵੱਡਾ ਹਾਦਸਾ ਟਲ ਗਿਆ। ਇਹ ਘਟਨਾ ਬੁੱਧਵਾਰ ਨੂੰ ਫਲਾਈਦੁਬਈ ਦੀ ਦੁਬਈ ਤੋਂ ਤਲ ਅਵੀਵ ਜਾ ਰਹੀ ਉਡਾਣ ਵਿੱਚ ਵਾਪਰੀ ਸੀ। ਜਹਾਜ਼ ਵਿੱਚ 174 ਲੋਕ ਸਵਾਰ ਸਨ, ਜਿਨ੍ਹਾਂ ਵਿੱਚ ਜ਼ਿਆਦਾਤਰ ਇਜ਼ਰਾਇਲੀ ਯਾਤਰੀ ਸਨ। ਕੋ-ਪਾਇਲਟ ਨੇ ਜਹਾਜ਼ ਦੇ ਭਾਰਤੀ ਕੈਪਟਨ ਨੂੰ ਚਾਕੂ ਮਾਰ ਦਿੱਤਾ ਅਤੇ ਕਥਿਤ ਤੌਰ 'ਤੇ ਜਹਾਜ਼ ਨੂੰ ਕਰੈਸ਼ ਕਰਨ ਦੀ ਕੋਸ਼ਿਸ਼ ਕੀਤੀ। ਹਮਲੇ ਤੋਂ ਬਾਅਦ ਜਹਾਜ਼ ਬਹੁਤ ਤੇਜ਼ੀ ਨਾਲ ਹੇਠਾਂ ਵੱਲ ਜਾਣ ਲੱਗਾ। ਜ਼ਖ਼ਮੀ ਕੈਪਟਨ ਨੇ ਕਾਕਪਿਟ ਦਾ ਦਰਵਾਜ਼ਾ ਖੋਲ੍ਹ ਦਿੱਤਾ, ਜਿਸ ਤੋਂ ਬਾਅਦ ਕੁਝ ਯਾਤਰੀ ਅਤੇ ਹੋਰ ਕਰਮਚਾਰੀ ਅੰਦਰ ਪਹੁੰਚੇ ਅਤੇ ਹਮਲਾਵਰ ਨੂੰ ਕਾਬੂ ਕੀਤਾ।

## ਅੰਮ੍ਰਿਤਸਰ ਪੁਲਿਸ ਨੇ ਹੈਰੋਇਨ ਤੇ ਹਥਿਆਰਾਂ ਸਮੇਤ 4 ਕੀਤੇ ਕਾਬੂ




**ਅੰਮ੍ਰਿਤਸਰ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇਕ ਵੱਡੀ ਸਫ਼ਲਤਾ ਵਿਚ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਦੋ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਨੈੱਟਵਰਕਾਂ ਨੂੰ ਤਬਾਹ ਕੀਤਾ ਤੇ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਪਾਸੋਂ 10 ਕਿਲੋ ਹੈਰੋਇਨ ਅਤੇ 10 ਗੈਰ-ਕਾਨੂੰਨੀ ਪਿਸਤੌਲ ਬਰਾਮਦ ਕੀਤੇ ਹਨ। ਮੁੱਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਦੋਸ਼ੀ ਕਥਿਤ ਤੌਰ 'ਤੇ ਵਿਦੇਸ਼ੀ ਤਸਕਰਾਂ ਨਾਲ ਜੁੜੇ ਹੋਏ ਹਨ ਅਤੇ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਪ੍ਰਾਪਤੀ ਵਿਚ ਸ਼ਾਮਿਲ ਹਨ।

ਅੰਮ੍ਰਿਤਸਰ ਦੇ ਥਾਣਾ ਘਰਿੰਡਾ ਵਿਖੇ ਦੋ ਵੱਖ-ਵੱਖ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ਪੂਰੇ ਨੈੱਟਵਰਕ ਦਾ ਪਰਦਾਫ਼ਾਸ਼ ਕਰਨ ਅਤੇ ਪਿਛਲੇ ਅਤੇ ਅਗਲੇ ਸੰਬੰਧਾਂ ਨੂੰ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਪੰਜਾਬ ਪੁਲਿਸ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੇ ਨੈੱਟਵਰਕਾਂ ਨੂੰ ਖਤਮ ਕਰਨ ਅਤੇ ਪੰਜਾਬ ਨੂੰ ਇਕ ਸੁਰੱਖਿਅਤ ਅਤੇ ਨਸ਼ਾ ਮੁਕਤ ਸੂਬਾ ਬਣਾਉਣ ਲਈ ਆਪਣੀ ਵਚਨਬੱਧਤਾ 'ਤੇ ਅਡੋਲ ਹੈ।

## ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਜਨਮ ਦਿਵਸ 'ਤੇ ਨਿੱਘੀ ਸ਼ਰਧਾਂਜਲੀ

**ਚੰਡੀਗੜ੍ਹ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਨ ਮੌਕੇ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ।

ਆਪਣੇ ਸੰਦੇਸ਼ ਵਿੱਚ ਸਪੀਕਰ ਸੰਧਵਾਂ ਨੇ ਸੂਬੇ ਦੇ ਲੋਕਾਂ ਨੂੰ ਮਹਾਤਮਾ ਗਾਂਧੀ ਵੱਲੋਂ ਦਰਸਾਏ ਸੱਚ, ਅਹਿੰਸਾ ਅਤੇ ਆਪਸੀ ਸਦਭਾਵਨਾ ਦੇ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ। ਉਨ੍ਹਾਂ ਮਹਾਤਮਾ ਗਾਂਧੀ ਨੂੰ ਇੱਕ ਵਿਲੱਖਣ ਸ਼ਖ਼ਸੀਅਤ ਦੱਸਦਿਆਂ ਕਿਹਾ ਕਿ ਉਨ੍ਹਾਂ ਦੀ ਦੂਰਅੰਦੇਸ਼ ਅਗਵਾਈ ਸਦਕਾ ਹੀ ਭਾਰਤ ਨੂੰ ਆਜ਼ਾਦੀ ਮਿਲੀ ਅਤੇ ਉਨ੍ਹਾਂ ਦੇ ਵੱਖ-ਵੱਖ ਸੰਘਰਸ਼ਮਈ ਅੰਦੋਲਨਾਂ ਨੇ ਬਰਤਾਨਵੀ ਬਸਤੀਵਾਦੀ ਹਕੂਮਤ ਦੀਆਂ ਨੀਹਾਂ ਹਿਲਾ ਦਿੱਤੀਆਂ।

ਸ. ਸੰਧਵਾਂ ਨੇ ਕਿਹਾ ਕਿ ਮਹਾਤਮਾ ਗਾਂਧੀ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਸਦਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਗਾਂਧੀ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਫ਼ਲਸਫ਼ੇ ਤੋਂ ਪ੍ਰੇਰਨਾ ਲੈਂਦੀਆਂ ਰਹਿਣਗੀਆਂ।

## ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸ਼ਾਸਤਰੀ ਨੂੰ ਅਰਪਿਤ ਕੀਤੀ ਪੁਸ਼ਪਾਂਜਲੀ

**ਚੰਡੀਗੜ੍ਹ, 2 ਅਕਤੂਬਰ**
**-ਸੰਜੀਵ ਸ਼ਰਮਾ-**

ਹਰਿਆਣਾ ਲੋਕ ਭਵਨ ਵਿੱਚ ਅੱਜ ਰਾਸ਼ਟਰਪਿਤਾ ਮਹਾਤਮਾ ਗਾਂਧੀ ਦੀ ਜਯੰਤੀ ਸ਼ਰਧਾ ਅਤੇ ਮਾਣ ਨਾਲ ਮਨਾਈ ਗਈ। ਇਸ ਮੌਕੇ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਅਤੇ ਪਹਿਲੀ ਮਹਿਲਾ ਸ਼੍ਰੀਮਤੀ ਮਿਤ੍ਰਾ ਘੋਸ਼ ਨੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਪੂਰਬੀ ਪ੍ਰਧਾਨ ਮੰਤਰੀ ਸ੍ਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਉਨ੍ਹਾਂ ਦੀ ਜਯੰਤੀ 'ਤੇ ਪੁਸ਼ਪਾਂਜਲੀ ਭੇਟ ਕਰਕੇ ਸ਼ਰਧਾਂਜਲੀ ਦਿੱਤੀ।



ਇਸ ਮੌਕੇ ਲੋਕ ਭਵਨ ਵਿੱਚ ਸਰਬ-ਧਰਮ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਸਭਾ ਵਿੱਚ ਰਾਮਧੁਨ ਦਾ ਗਾਇਨ ਕੀਤਾ ਗਿਆ ਅਤੇ ਮਹਾਤਮਾ ਗਾਂਧੀ ਦੇ ਪਸੰਦੀਦਾ ਭਜਨਾਂ ਦੀ ਪੇਸ਼ਕਾਰੀ ਦਿੱਤੀ ਗਈ।

ਪ੍ਰਾਰਥਨਾ ਸਭਾ ਵਿੱਚ ਹਿੰਦੂ, ਮੁਸਲਮਾਨ, ਇਸਾਈ ਅਤੇ ਸਿੱਖ ਧਰਮਾਂ ਦੇ ਧਰਮ ਗੁਰੂਆਂ ਨੇ ਆਪਣੇ ਪ੍ਰਵਚਨਾਂ ਅਤੇ ਭਜਨਾਂ ਰਾਹੀਂ ਸ਼ਾਂਤੀ, ਆਪਸੀ ਭਾਈਚਾਰੇ, ਫ਼ਿਰਕੂ ਸਦਭਾਵਨਾ, ਰਾਸ਼ਟਰੀ ਏਕਤਾ ਅਤੇ ਅਖੰਡਤਾ ਦਾ ਸੰਦੇਸ਼ ਦਿੱਤਾ।

ਇਸ ਮੌਕੇ ਮਹਾਤਮਾ ਗਾਂਧੀ ਅਤੇ ਸ੍ਰੀ ਲਾਲ ਬਹਾਦੁਰ ਸ਼ਾਸਤਰੀ ਦੇ ਆਦਰਸ਼ਾਂ, ਸਾਦਗੀ ਅਤੇ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਸਮਰਪਣ ਨੂੰ ਨਮਨ ਕਰਦਿਆਂ ਦੇਸ਼ ਦੇ ਨਿਰਮਾਣ ਵਿੱਚ ਉਨ੍ਹਾਂ ਦੇ ਅਨਮੋਲ ਯੋਗਦਾਨ ਨੂੰ ਯਾਦ ਕੀਤਾ ਗਿਆ।

ਇਸ ਮੌਕੇ ਪੁਲਿਸ ਮਹਾਨਿਦੇਸ਼ਕ ਸ੍ਰੀ ਅਜੇ ਸਿੰਘਲ, ਵਧੀਕ ਮੁੱਖ ਸਕੱਤਰ (ਸਮਾਜਿਕ ਨਿਆਂ, ਅਧਿਕਾਰਿਤਾ, ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਭਲਾਈ ਅਤੇ ਅੰਤੋਦਿਆ ਵਿਭਾਗ) ਸ਼੍ਰੀਮਤੀ ਜੀ. ਅਨੁਪਮਾ, ਕਮਿਸ਼ਨਰ ਅਤੇ ਸਕੱਤਰ ਵਿੱਤ ਵਿਭਾਗ ਸ੍ਰੀ ਸੀ.ਜੀ. ਰਜਨੀ ਕਾਂਤਨ, ਕਮਿਸ਼ਨਰ ਅਤੇ ਸਕੱਤਰ ਤੇ ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਸ੍ਰੀ ਕੇ.ਐਮ. ਪਾਂਡੁਰੰਗ, ਰਾਜਪਾਲ ਦੇ ਸਕੱਤਰ ਸ੍ਰੀ ਵਿਜੇਕੁਮਾਰ ਭਾਵਿਕੱਟੀ, ਰਾਜਪਾਲ ਦੇ ਏ.ਡੀ.ਸੀ. ਸ੍ਰੀ ਧੀਰਜ ਕੁਮਾਰ ਸੇਤੀਆ ਅਤੇ ਹਰਿਆਣਾ ਪੁਲਿਸ ਸ਼ਿਕਾਇਤ ਅਥਾਰਟੀ ਦੇ ਚੇਅਰਮੈਨ ਡਾ. ਆਰ.ਸੀ. ਮਿਸ਼ਰਾ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।









# ਸੰਪਾਦਕੀ

## ਵਸੀਲੇ ਮੁਖ਼ਬਿਰਾਨਾ, ਰਿਸ਼ਤਾ-ਏ-ਵਫ਼ਾ ਡਿਜੀਟਲ ਦੌਰ ਦੀ ਰਸਮ-ਏ-ਇਲਤਜਾ

ਭਾਰਤ ਵਿੱਚ ਵਿਆਹ ਸਿਰਫ਼ ਦੋ ਵਿਅਕਤੀਆਂ ਦਾ ਨਿੱਜੀ ਫ਼ੈਸਲਾ ਨਹੀਂ ਮੰਨਿਆ ਜਾਂਦਾ। ਇਹ ਅਕਸਰ ਦੋ ਪਰਿਵਾਰਾਂ, ਸਮਾਜਿਕ ਸਥਿਤੀ, ਆਰਥਿਕ ਸਮਰੱਥਾ ਅਤੇ ਪਰਿਵਾਰਕ ਇੱਜ਼ਤ ਨਾਲ ਜੁੜਿਆ ਪੱਖ ਹੈ। ਇਸੇ ਸਮਾਜਿਕ ਦਬਾਅ ਦੇ ਵਿਚਕਾਰ ਇੱਕ ਅਜਿਹਾ ਕਾਰੋਬਾਰੀ ਖੇਤਰ ਵੀ ਉਭਰ ਰਿਹਾ ਹੈ, ਜਿਸ ਬਾਰੇ ਆਮ ਗੱਲਬਾਤ ਵਿੱਚ ਫਿਲਹਾਲ ਬਹੁਤ ਘੱਟ ਚਰਚਾ ਹੁੰਦੀ ਹੈ ਵਿਆਹ ਤੋਂ ਪਹਿਲਾਂ ਨਿੱਜੀ ਜਾਂਚ , ਜਿਸ ਨੂੰ ਆਮ ਤੌਰ 'ਤੇ ਨਿੱਜੀ ਜਾਸੂਸੀ ਸੇਵਾਵਾਂ ਰਾਹੀਂ ਕਰਵਾਇਆ ਜਾਂਦਾ ਹੈ।

ਪਹਿਲਾਂ ਵਿਆਹ ਲਈ ਰਿਸ਼ਤੇ ਦੀ ਪੜਤਾਲ ਲਈ ਰਿਸ਼ਤੇਦਾਰਾਂ, ਜਾਣ-ਪਛਾਣ ਵਾਲਿਆਂ, ਪਿੰਡ ਜਾਂ ਮੁਹੱਲੇ ਦੇ ਲੋਕਾਂ ਅਤੇ ਪਰਿਵਾਰਕ ਸਰੋਤਾਂ ਤੋਂ ਜਾਣਕਾਰੀ ਲਈ ਜਾਂਦੀ ਸੀ। ਹੁਣ ਸ਼ਹਿਰੀਕਰਨ, ਡਿਜ਼ੀਟਲ ਜੀਵਨ ਅਤੇ ਵਧਦੀ ਸਮਾਜਿਕ ਮੁਕਾਬਲੇਬਾਜ਼ੀ ਨੇ ਇਸ ਪ੍ਰਕਿਰਿਆ ਨੂੰ ਇੱਕ ਪੇਸ਼ੇਵਰ ਸੇਵਾ ਦਾ ਰੂਪ ਦੇ ਦਿੱਤਾ ਹੈ। ਕੁਝ ਨਿੱਜੀ ਜਾਂਚ ਏਜੰਸੀਆਂ ਵਿਆਹ ਦੇ ਸੰਭਾਵੀ ਰਿਸ਼ਤੇ ਬਾਰੇ ਨੌਕਰੀ, ਆਮਦਨ, ਵਿਆਹ ਦੀ ਸਥਿਤੀ, ਪਿਛਲੇ ਰਿਸ਼ਤਿਆਂ, ਸਮਾਜਿਕ ਵਰਤਾਰੇ ਅਤੇ ਪਰਿਵਾਰਕ ਪਿਛੋਕੜ ਦੀ ਜਾਂਚ ਕਰਨ ਦਾ ਦਾਅਵਾ ਕਰਦੀਆਂ ਹਨ।

ਇਸ ਰੁਝਾਨ ਦਾ ਇੱਕ ਪੱਖ ਵਿਹਾਰਕ ਵੀ ਹੈ। ਵਿਆਹ ਜੀਵਨ ਦਾ ਮਹੱਤਵਪੂਰਨ ਫ਼ੈਸਲਾ ਹੈ ਅਤੇ ਕਿਸੇ ਵਿਅਕਤੀ ਵੱਲੋਂ ਆਪਣੀ ਨੌਕਰੀ, ਆਮਦਨ, ਵਿਆਹੀ ਸਥਿਤੀ ਜਾਂ ਕਿਸੇ ਹੋਰ ਮਹੱਤਵਪੂਰਨ ਤੱਥ ਬਾਰੇ ਝੂਠੀ ਜਾਣਕਾਰੀ ਦੇਣਾ ਭਵਿੱਖ ਵਿੱਚ ਗੰਭੀਰ ਸਮੱਸਿਆ ਪੈਦਾ ਕਰਦਾ ਹੈ। ਇਸ ਲਈ ਦਸਤਾਵੇਜ਼ਾਂ ਦੀ ਕਾਨੂੰਨੀ ਅਤੇ ਸਹਿਮਤੀ-ਆਧਾਰਿਤ ਜਾਂਚ ਇੱਕ ਵਾਜਬ ਸਾਵਧਾਨੀ ਹੋ ਸਕਦੀ ਹੈ।

ਪਰ ਸਮੱਸਿਆ ਉਸ ਵੇਲੇ ਸ਼ੁਰੂ ਹੁੰਦੀ ਹੈ ਜਦੋਂ ਜਾਂਚ ਅਤੇ ਜਾਸੂਸੀ ਵਿਚਲੀ ਹੱਦ ਮਿਟਣ ਲੱਗਦੀ ਹੈ। ਕਿਸੇ ਦੀ ਇਜਾਜ਼ਤ ਤੋਂ ਬਿਨਾਂ ਉਸ ਦਾ ਪਿੱਛਾ ਕਰਨਾ, ਨਿੱਜੀ ਜੀਵਨ 'ਤੇ ਨਿਗਰਾਨੀ ਰੱਖਣਾ, ਨਿੱਜੀ ਸੰਬੰਧਾਂ ਬਾਰੇ ਗੁਪਤ ਜਾਣਕਾਰੀ ਇਕੱਠੀ ਕਰਨਾ ਜਾਂ ਸੋਸ਼ਲ ਮੀਡੀਆ ਤੋਂ ਨਿੱਜੀ ਤਸਵੀਰਾਂ ਅਤੇ ਜਾਣਕਾਰੀਆਂ ਇਕੱਠੀਆਂ ਕਰਕੇ ਦਬਾਅ ਬਣਾਉਣਾ ਗੰਭੀਰ ਭੇਦਾਂ -ਸਬੰਧੀ ਸਵਾਲ ਖੜ੍ਹੇ ਕਰਦਾ ਹੈ।

ਭਾਰਤੀ ਸੰਵਿਧਾਨਕ ਵਿਵਸਥਾ ਵਿੱਚ ਨਿੱਜਤਾ ਨੂੰ ਮੌਲਿਕ ਅਧਿਕਾਰ ਵਜੋਂ ਮਾਨਤਾ ਮਿਲ ਚੁੱਕੀ ਹੈ। ਇਸ ਲਈ ਵਿਆਹ ਤੋਂ ਪਹਿਲਾਂ ਸੱਚਾਈ ਜਾਣਨ ਦੀ ਇੱਛਾ ਆਪਣੇ ਆਪ ਵਿੱਚ ਕਿਸੇ ਵਿਅਕਤੀ ਦੇ ਨਿੱਜੀ ਜੀਵਨ ਵਿੱਚ ਬੇਹੱਦ ਦਖ਼ਲ ਦੀ ਇਜਾਜ਼ਤ ਨਹੀਂ ਬਣ ਸਕਦੀ ।

ਇਸ ਪੂਰੇ ਰੁਝਾਨ ਦੇ ਪਿੱਛੇ ਇੱਕ ਹੋਰ ਵੱਡਾ ਸਮਾਜਿਕ ਕਾਰਕ 'ਆਦਰਸ਼ ਰਿਸ਼ਤੇ' ਦੀ ਭਾਲ ਹੈ । ਪਰਿਵਾਰ ਅਕਸਰ ਨੌਕਰੀ, ਤਨਖ਼ਾਹ, ਜਾਇਦਾਦ, ਪਰਿਵਾਰਕ ਸ਼ੋਹਰਤ , ਰਹਿਣ- ਸਹਿਣ ਅਤੇ ਸਮਾਜਿਕ ਦਰਜੇ ਨੂੰ ਵਿਆਹ ਦੀ ਸਫ਼ਲਤਾ ਨਾਲ ਜੋੜ ਦਿੰਦੇ ਹਨ। ਨਤੀਜੇ ਵਜੋਂ ਇੱਕ ਮਨੁੱਖ ਨੂੰ ਉਸ ਦੀ ਸ਼ਖ਼ਸੀਅਤ ਨਾਲੋਂ ਉਸ ਦੀ 'ਪਿਛੋਕੜ ਰਿਪੋਰਟ' ਵਿੱਚ ਬਦਲਣ ਦਾ ਖ਼ਤਰਾ ਪੈਦਾ ਹੋ ਜਾਂਦਾ ਹੈ।

ਇਸ ਵਿੱਚ ਲਿੰਗਕ ਅਸਮਾਨਤਾ ਦਾ ਪੱਖ ਵੀ ਮਹੱਤਵਪੂਰਨ ਹੈ। ਕਈ ਸਮਾਜਿਕ ਹਵਾਲੇ ਵਿੱਚ ਔਰਤਾਂ ਦੇ ਪਿਛਲੇ ਜੀਵਨ ਦੀ ਜਾਂਚ ਨੂੰ ਵਧੇਰੇ ਚਰਿੱਤਰ ਮਿਆਰ ਨਾਲ ਤੋਲਿਆ ਜਾਂਦਾ ਹੈ, ਜਦਕਿ ਮਰਦਾਂ ਲਈ ਉਹੀ ਵਿਹਾਰ ਵੱਖਰੇ ਢੰਗ ਨਾਲ ਦੇਖਿਆ ਜਾ ਸਕਦਾ ਹੈ। ਇਹ ਦੋਹਰੇ ਮਾਪਦੰਡ ਵਿਆਹ ਦੇ ਸਮਾਜਿਕ ਢਾਂਚੇ ਵਿੱਚ ਭਰੋਸੇ ਦੀ ਥਾਂ ਸ਼ੱਕ ਨੂੰ ਮਜ਼ਬੂਤ ਕਰਦੇ ਹਨ।

ਡਿਜ਼ੀਟਲ ਯੁੱਗ ਨੇ ਇਸ ਸਮੱਸਿਆ ਨੂੰ ਹੋਰ ਮੁਸ਼ਕਲ ਕਰ ਦਿੱਤਾ ਹੈ। ਸੋਸ਼ਲ ਮੀਡੀਆ, ਪੇਸ਼ੇਵਰ ਵੈੱਬਸਾਈਟਾਂ ਅਤੇ ਹੋਰ ਆਨਲਾਈਨ ਸਰੋਤਾਂ ਨੇ ਕਿਸੇ ਵਿਅਕਤੀ ਬਾਰੇ ਜਾਣਕਾਰੀ ਇਕੱਠੀ ਕਰਨੀ ਆਸਾਨ ਕਰ ਦਿੱਤੀ ਹੈ। ਪਰ ਆਨਲਾਈਨ ਉਪਲਬਧ ਹਰ ਜਾਣਕਾਰੀ ਸਹੀ, ਪੂਰੀ ਜਾਂ ਮੌਜੂਦਾ ਨਹੀਂ ਹੁੰਦੀ। ਅਧੂਰੀ ਜਾਣਕਾਰੀ ਕਿਸੇ ਵੀ ਇਨਸਾਨ ਦੇ ਚਰਿੱਤਰ ਨੂੰ ਨੁਕਸਾਨ ਪਹੁੰਚਾ ਸਕਦੀ ਹੈ।

ਇਸ ਲਈ ਵਿਆਹ ਤੋਂ ਪਹਿਲਾਂ ਸਾਵਧਾਨੀ ਜ਼ਰੂਰੀ ਹੈ, ਪਰ ਸਾਵਧਾਨੀ ਨੂੰ ਨਿਗਰਾਨੀ ਵਿੱਚ ਅਤੇ ਜਾਂਚ ਨੂੰ ਜਾਸੂਸੀ ਵਿੱਚ ਬਦਲਣਾ ਸਮਾਜਿਕ ਤੌਰ 'ਤੇ ਖ਼ਤਰਨਾਕ ਹੈ। ਸਹੀ ਰਸਤਾ ਦਸਤਾਵੇਜ਼ੀ ਤੱਥਾਂ ਦੀ ਕਾਨੂੰਨੀ ਪੜਤਾਲ , ਸਿੱਧੀ ਗੱਲ-ਬਾਤ / ਚਰਚਾ , ਆਪਸੀ ਸਹਿਮਤੀ ਅਤੇ ਭੇਦਾਂ ਦੀ ਇੱਜ਼ਤ ਹੈ।

ਵਿਆਹ ਭਰੋਸੇ ਦਾ ਇਕ ਢਾਂਚਾ ਹੈ। ਜੇ ਰਿਸ਼ਤੇ ਦੀ ਸ਼ੁਰੂਆਤ ਹੀ ਗੁਪਤ ਨਿਗਰਾਨੀ, ਸ਼ੱਕ ਅਤੇ ਛੁਪੀ ਹੋਈ ਜਾਂਚ ਨਾਲ ਹੋਵੇ, ਤਾਂ ਸਵਾਲ ਸਿਰਫ਼ ਇਹ ਨਹੀਂ ਰਹਿੰਦਾ ਕਿ ਸਾਹਮਣੇ ਵਾਲਾ ਕਿੰਨਾ ਸੱਚਾ ਹੈ, ਸਵਾਲ ਹਾਲਤ ਬਾਦਲ ਦਿੰਦਾ ਹੈ ਕਿ ਕੀ ਅਸੀਂ ਵਿਆਹ ਤੋਂ ਪਹਿਲਾਂ ਹੀ ਭਰੋਸੇ ਦੀ ਉਹ ਨੀਂਹ ਕਮਜ਼ੋਰ ਕਰ ਰਹੇ ਹਾਂ, ਜਿਸ 'ਤੇ ਵਿਆਹੀ ਜੀਵਨ ਖੜ੍ਹਾ ਹੋਣਾ ਹੈ ?




Shaheed-e-Azam Printed, pubĺished and owned by Harjinder Chaudhary printed at Raftaar Printing Press, Factory Area, Patiaĺa and pubĺished at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਜਾਨਿਬਦਾਰ ਕਵਾਨੀਨ ਦੇ ਪੱਖ, ਪਰ, ਸਾਡਾ ਹੱਕ ਇੱਥੇ ਰੱਖ ਪੱਖਪਾਤੀ ਕਨੂੰਨ ਦੇ ਪੱਖ, ਮਰਦ ਸਹੇ ਆਖਿਰ ਕਿਤੋਂ ਤੱਕ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਭਾਰਤੀ ਸਮਾਜ ਵਿੱਚ ਘਰੇਲੂ ਹਿੰਸਾ, ਦਾਜ, ਯੌਨ ਅਪਰਾਧ ਅਤੇ ਔਰਤਾਂ ਵਿਰੁੱਧ ਹਿੰਸਾ ਕੋਈ ਮਨ ਘੜੰਤ ਸਮੱਸਿਆ ਨਹੀਂ। ਇਹ ਇੱਕ ਗੰਭੀਰ ਸਮਾਜਿਕ ਹਕੀਕਤ ਹੈ ਅਤੇ ਔਰਤਾਂ ਦੀ ਸੁਰੱਖਿਆ ਲਈ ਵਿਸ਼ੇਸ਼ ਕਾਨੂੰਨਾਂ ਦੀ ਲੋੜ ਨੂੰ ਨਕਾਰਿਆ ਨਹੀਂ ਜਾ ਸਕਦਾ। ਪਰ ਇਨਸਾਫ਼ ਦੀ ਇੱਕ ਹੋਰ ਪਰਤ ਵੀ ਹੈ, ਉਹ ਪੁਰਸ਼, ਜੋ ਘਰੇਲੂ ਹਿੰਸਾ, ਮਾਨਸਿਕ ਤਸ਼ੱਦਦ, ਆਰਥਿਕ ਸ਼ੋਸ਼ਣ, ਧਮਕੀਆਂ ਜਾਂ ਯੌਨ ਹਿੰਸਾ ਦਾ ਸ਼ਿਕਾਰ ਹੁੰਦੇ ਹਨ ਅਤੇ ਅਕਸਰ ਆਪਣੀ ਪੀੜ ਬਿਆਨ ਕਰਨ ਤੋਂ ਵੀ ਝਕਦੇ ਹਨ।

ਮਰਦਾਂ ਉੱਤੇ ਤਸ਼ੱਦਦ ਦੇ ਵਿਸ਼ੇ ਦਾ ਮਤਲਬ ਇਹ ਨਹੀਂ ਹੈਗਾ ਕਿ ਔਰਤਾਂ ਲਈ ਬਣੇ ਸੁਰੱਖਿਆ ਕਾਨੂੰਨ ਖਤਮ ਕਰ ਦਿੱਤੇ ਜਾਣ ਕਿਉਂਕਿ ਜਿਵੇਂ ਇਨਸਾਫ਼ ਦਾ ਲਿੰਗ ਨਹੀਂ ਹੁੰਦਾ ਉਸੇ ਤਰੀਕੇ ਪੀੜ ਦਾ ਵੀ ਨਹੀਂ, ਇੱਥੇ ਮੁੱਦਾ ਇਹ ਹੈ ਕਿ ਕਾਨੂੰਨ ਹਰ ਪੀੜਤ ਇਨਸਾਨ ਲਈ ਬਰਾਬਰ, ਪ੍ਰਭਾਵਸ਼ਾਲੀ ਅਤੇ ਨਿਆਂਸੰਗਤ ਹੈ ?

ਭਾਰਤ ਦਾ ਪ੍ਰੋਟੈਕਸ਼ਨ ਆਫ ਵੂਮੈਨ ਫਰੋਮ ਡੋਮੈਸਟਿਕ ਹਿੰਸਾ ਐਕਟ , 2005 ਵਿਸ਼ੇਸ਼ ਤੌਰ 'ਤੇ ਘਰੇਲੂ ਹਿੰਸਾ ਦਾ ਸਾਹਮਣਾ ਕਰਨ ਵਾਲੀਆਂ ਔਰਤਾਂ ਦੀ ਸੁਰੱਖਿਆ ਲਈ ਬਣਾਇਆ ਗਿਆ ਹੈ। ਇਸ ਦੀ ਧਾਰਾ B(a) ਵਿੱਚ ਅਧਿਕਾਰਾਂ ਜਾਂ ਹਿੱਤਾਂ ਤੋਂ ਪ੍ਰਭਾਵਿਤ ਔਰਤ ਵਜੋਂ ਪਰਿਭਾਸ਼ਿਤ ਕੀਤਾ ਗਿਆ ਹੈ ਜੋ ਘਰੇਲੂ ਸੰਬੰਧ ਵਿੱਚ ਰਹੀ ਹੋਵੇ ਅਤੇ ਘਰੇਲੂ ਹਿੰਸਾ ਦਾ ਦੋਸ਼ ਲਗਾਉਂਦੀ ਹੋਵੇ।

ਇਸ ਦਾ ਅਰਥ ਇਹ ਹੈ ਕਿ ਜੇ ਕਿਸੇ ਪੁਰਸ਼ ਨੂੰ ਉਸ ਦੀ ਪਤਨੀ ਜਾਂ ਹੋਰ ਘਰੇਲੂ ਸਾਥੀ ਵੱਲੋਂ ਲਗਾਤਾਰ ਮਾਨਸਿਕ, ਸਰੀਰਕ ਜਾਂ ਆਰਥਿਕ ਤਸ਼ੱਦਦ ਦਾ ਸਾਹਮਣਾ ਕਰਨਾ ਪੈਂਦਾ ਹੈ, ਤਾਂ ਉਸ ਨੂੰ ਇਸੇ ਕਾਨੂੰਨ ਅਧੀਨ ਉਹ ਸਿੱਧਾ ਸੁਰੱਖਿਆ-ਢਾਂਚਾ ਉਪਲਬਧ ਨਹੀਂ ਜੋ ਇੱਕ ਔਰਤ ਪੀੜਤ ਨੂੰ ਮਿਲਦਾ ਹੈ।

ਇਹ ਕਾਨੂੰਨ ਬਣਾਉਣ ਦਾ ਇਤਿਹਾਸਕ ਕਾਰਨ ਔਰਤਾਂ ਵਿਰੁੱਧ ਮੌਜੂਦ ਹਿੰਸਾ ਦਾ ਦਾਇਰਾ ਸੀ। ਪਰ ਸਮੇਂ ਦੇ ਨਾਲ ਪਰਿਵਾਰਕ ਸੰਬੰਧਾਂ ਦੀ ਹਕੀਕਤ ਹੋਰ ਮੁਸ਼ਕਲ ਹੋਈ ਹੈ। ਇਸ ਲਈ ਹੁਣ ਇਹ ਚਰਚਾ ਜ਼ਰੂਰੀ ਬਣਦੀ ਹੈ ਕਿ ਔਰਤਾਂ ਦੀ ਵਿਸ਼ੇਸ਼ ਸੁਰੱਖਿਆ ਨੂੰ ਕਾਇਮ ਰੱਖਦਿਆਂ ਪੁਰਸ਼ ਪੀੜਤਾਂ ਲਈ ਵੀ ਪ੍ਰਭਾਵਸ਼ਾਲੀ ਕਾਨੂੰਨੀ ਸੁਰੱਖਿਆ ਕਿਵੇਂ ਬਣਾਈ ਜਾਵੇ।

ਭਾਰਤੀ ਸਮਾਜ ਵਿੱਚ ਪੁਰਸ਼ ਨੂੰ ਅਕਸਰ ਪਰਿਵਾਰ ਦਾ ਮਜ਼ਬੂਤ ਮੈਂਬਰ ਮੰਨਿਆ ਜਾਂਦਾ ਹੈ। ਉਸ ਤੋਂ ਕਮਾਈ ਕਰਨ, ਪਰਿਵਾਰ ਚਲਾਉਣ, ਸੰਕਟ ਸਹਿਣ ਅਤੇ ਭਾਵਨਾਵਾਂ ਨੂੰ ਕਾਬੂ ਵਿੱਚ ਰੱਖਣ ਦੀ ਉਮੀਦ ਕੀਤੀ ਜਾਂਦੀ ਹੈ।

ਇਸੇ ਕਰਕੇ ਜਦੋਂ ਕੋਈ ਪੁਰਸ਼ ਆਪਣੀ ਪਤਨੀ ਜਾਂ ਪਰਿਵਾਰਕ ਮੈਂਬਰ ਵੱਲੋਂ ਮਾਨਸਿਕ ਜਾਂ ਸਰੀਰਕ ਤਸ਼ੱਦਦ ਦੀ ਗੱਲ ਕਰਦਾ ਹੈ ਤਾਂ ਉਸ ਨੂੰ ਕਈ ਵਾਰ ਹਮਦਰਦੀ ਦੀ ਬਜਾਏ ਤਾਨਾ ਮਿਲਦਾ ਹੈ— ਤੂੰ ਮਰਦ ਹੋ ਕੇ ਇਹ ਨਹੀਂ ਸਹਾਰ ਸਕਦਾ ? ਇਹ ਸੋਚ ਪੀੜਤ ਨੂੰ ਹੋਰ ਇਕੱਲਾ ਕਰ ਦਿੰਦੀ ਹੈ।

ਹਰਿਆਣਾ ਵਿੱਚ 1,000 ਵਿਆਹੇ ਪੁਰਸ਼ਾਂ 'ਤੇ ਕੀਤੇ ਗਏ ਇੱਕ ਭਾਈਚਾਰਕ ਪੜਚੋਲ ਵਿੱਚ 51.5 ਫ਼ੀਸਦੀ ਪੁਰਸ਼ਾਂ ਨੇ ਜੀਵਨ ਵਿੱਚ ਕਿਸੇ ਸਮੇਂ ਪਤਨੀ ਜਾਂ ਨਜ਼ਦੀਕੀ ਸਾਥੀ ਵੱਲੋਂ ਹਿੰਸਾ ਦਾ ਅਨੁਭਵ ਦੱਸਿਆ, 10.5 ਫ਼ੀਸਦੀ ਨੇ ਪਿਛਲੇ 12 ਮਹੀਨਿਆਂ ਵਿੱਚ ਅਜਿਹਾ ਅਨੁਭਵ ਦੱਸਿਆ। ਜਾਂਚ ਵਿੱਚ ਭਾਵਨਾਤਮਕ ਹਿੰਸਾ ਸਰੀਰਕ ਹਿੰਸਾ ਨਾਲੋਂ ਕਾਫ਼ੀ ਵੱਧ ਦਰਜ ਹੋਈ। ਇਸ ਪੜਚੋਲ ਨੇ ਇਹ ਵੀ ਜ਼ਾਹਰ ਕੀਤਾ ਕਿ ਪੁਰਸ਼ ਵੀ ਲਿੰਗ-ਆਧਾਰਿਤ ਹਿੰਸਾ ਦੇ ਪੀੜਤ ਹੁੰਦੇ ਹਨ, ਹਾਲਾਂਕਿ ਇਸ ਨੂੰ ਔਰਤਾਂ ਵਿਰੁੱਧ ਹਿੰਸਾ ਦੇ ਪੱਧਰ ਨਾਲ ਸਿੱਧਾ ਤੁਲਨਾ ਕਰਨਾ ਠੀਕ ਨਹੀਂ ਹੋਵੇਗਾ।

ਇਸ ਤੋਂ ਇੱਕ ਮਹੱਤਵਪੂਰਨ ਗੱਲ ਸਾਹਮਣੇ ਆਉਂਦੀ ਹੈ, ਕਿ ਅੰਕੜੇ ਸਿਰਫ਼ ਉਹੀ ਦਰਦ ਦਿਖਾਉਂਦੇ ਹਨ ਜੋ ਦਰਜ ਹੋਇਆ ਹੋਵੇ। ਪਰ ਜੋ ਪੀੜਤ ਬੋਲਦਾ ਹੀ ਨਹੀਂ, ਉਹ ਅੰਕੜਿਆਂ ਕਿੱਥੇ ਦਸ ਦੇਣਗੇ ?

1 ਜੁਲਾਈ 2024 ਤੋਂ ਭਾਰਤੀ ਨਯਾਯਾ ਸੰਹਿਤਾ(ਬੀਐਨਐਸ), 2023 ਲਾਗੂ ਹੋਈ। ਕੇਂਦਰ ਸਰਕਾਰ ਮੁਤਾਬਿਕ ਇਸ ਵਿੱਚ ਔਰਤਾਂ ਅਤੇ ਬੱਚਿਆਂ ਵਿਰੁੱਧ ਅਪਰਾਧਾਂ ਨੂੰ ਇੱਕ ਵੱਖਰੇ ਹਿੱਸੇ ਤਹਿਤ ਤਰਜੀਹ ਦਿੱਤੀ ਗਈ ਹੈ ਅਤੇ ਔਰਤਾਂ ਵਿਰੁੱਧ ਕਈ ਅਪਰਾਧਾਂ ਲਈ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਕੀਤਾ ਗਿਆ ਹੈ।

ਪਰ ਇਸੇ ਕਾਨੂੰਨੀ ਢਾਂਚੇ ਵਿੱਚ ਕੁਝ ਅਪਰਾਧ ਅਜੇ ਵੀ ਸਪਸ਼ਟ ਤੌਰ 'ਤੇ ਲਿੰਗ-ਵਿਸ਼ੇਸ਼ ਹਨ। ਮਿਸਾਲ ਵਜੋਂ ਬੀਐਨਐਸ ਦੀ ਧਾਰਾ 85 ਪਤੀ ਜਾਂ ਪਤੀ ਦੇ ਰਿਸ਼ਤੇਦਾਰ ਵੱਲੋਂ ਔਰਤ ਨਾਲ ਤਸ਼ੱਦਦ ਨੂੰ ਅਪਰਾਧ ਬਣਾਉਂਦੀ ਹੈ।

ਇਸੇ ਤਰ੍ਹਾਂ ਬੀਐਨਐਸ ਦੀ ਬਲਾਤਕਾਰ ਵਾਲੀ ਵਿਵਸਥਾ ਵਿੱਚ ਪੀੜਤ ਅਤੇ ਦੋਸ਼ੀ ਦੀ ਪਰਿਭਾਸ਼ਾ ਲਿੰਗ ਨਾਲ ਸਬੰਧਿਤ ਹੈ। ਕਾਨੂੰਨੀ ਵਿਸ਼ਲੇਸ਼ਣਾਂ ਨੇ ਇਸ ਕਾਰਨ ਪੁਰਸ਼ ਅਤੇ ਕੁਝ ਹੋਰ ਲਿੰਗ-ਪਹਿਚਾਣ ਵਾਲੇ ਯੌਨ ਹਿੰਸਾ ਪੀੜਤਾਂ ਲਈ ਕਾਨੂੰਨੀ ਖਾਲੀਪਣ / ਚੁੱਪ ਵੱਲ ਧਿਆਨ ਖਿੱਚਦਾ ਹੈ।

ਇਸ ਦਾ ਮਤਲਬ ਇਹ ਨਹੀਂ ਕਿ ਪੁਰਸ਼ ਵਿਰੁੱਧ ਹੋਣ ਵਾਲਾ ਹਰ ਹਮਲਾ ਕਾਨੂੰਨ ਤੋਂ ਬਾਹਰ ਹੈ। ਸਰੀਰਕ ਸੱਟ , ਧਮਕੀ, ਜ਼ਬਰਦਸਤੀ, ਜਾਇਦਾਦ ਜਾਂ ਪੈਸੇ ਨਾਲ ਜੁੜੇ ਅਪਰਾਧ ਅਤੇ ਹੋਰ ਕਈ ਕਰਤੂਤਾਂ ਲਈ ਆਮ ਫੌਜਦਾਰੀ ਕਾਨੂੰਨ ਦੀਆਂ ਧਾਰਾਵਾਂ ਲਾਗੂ ਹੋ ਸਕਦੀਆਂ ਹਨ। ਪਰ ਇੱਕ ਵਿਸ਼ੇਸ਼, ਸਰਬਪੱਖੀ ਅਤੇ ਲਿੰਗ-ਨਿਰਪੱਖ ਘਰੇਲੂ ਹਿੰਸਾ ਸੁਰੱਖਿਆ ਪ੍ਰਣਾਲੀ ਦਾ ਸਵਾਲ ਖਾਸ ਅਤੇ ਵੱਖਰਾ ਹੈ। ਇਸ ਵਿਸ਼ੇ ਦੀ ਸਭ ਤੋਂ ਸੰਵੇਦਨਸ਼ੀਲ ਪਰਤ ਝੂਠੇ ਮਾਮਲਿਆਂ ਦੀ ਹੈ।

ਕਿਸੇ ਵੀ ਕਾਨੂੰਨ ਦਾ ਗਲਤ ਇਸਤੇਮਾਲ ਸੰਭਵ ਹੋਣਾ ਅਤੇ ਹਰ ਮਾਮਲੇ ਨੂੰ ਝੂਠਾ ਮੰਨ ਲੈਣਾ, ਇਹ ਦੋ ਵੱਖਰੀਆਂ ਗੱਲਾਂ ਹਨ। ਸਿਰਫ਼ ਇਸ ਲਈ ਕਿ ਕੋਈ ਮਾਮਲਾ ਅਦਾਲਤ ਵਿੱਚ ਸਾਬਤ ਨਹੀਂ ਹੋਇਆ, ਇਹ ਆਪਣੇ ਆਪ ਸਾਬਤ ਨਹੀਂ ਕਰਦਾ ਕਿ ਸ਼ਿਕਾਇਤ ਜਾਣ-ਬੁੱਝ ਕੇ ਝੂਠੀ ਸੀ। ਇਸੇ ਤਰ੍ਹਾਂ ਹਰ ਸ਼ਿਕਾਇਤ ਨੂੰ ਸਿਰਫ਼ ਇਸ ਲਈ ਸੱਚ ਨਹੀਂ ਮੰਨਿਆ ਜਾ ਸਕਦਾ ਕਿਉਂਕਿ ਉਹ ਦਰਜ ਹੋ ਗਈ ਹੈ।

ਇਨਸਾਫ਼ ਦੀ ਪ੍ਰਕਿਰਿਆ ਦਾ ਮੂਲ ਸਿਧਾਂਤ ਇਹੀ ਹੈ ਕਿ ਦੋਸ਼ ਦੀ ਜਾਂਚ ਸਬੂਤਾਂ ਦੇ ਆਧਾਰ 'ਤੇ ਹੋਵੇ, ਲਿੰਗ ਦੇ ਆਧਾਰ 'ਤੇ ਨਹੀਂ।

ਇਸ ਲਈ ਲੋੜ ਹੈ ਕਿ ਪੁਲਿਸ ਜਾਂਚ ਨਿਰਪੱਖ ਹੋਵੇ, ਸਬੂਤਾਂ ਦੀ ਵਿਗਿਆਨਕ ਜਾਂਚ ਹੋਵੇ, ਅਦਾਲਤ ਦੋਹਾਂ ਪੱਖਾਂ ਨੂੰ ਸੁਣੇ ਅਤੇ ਕਿਸੇ ਵੀ ਪੀੜਤ ਜਾਂ ਦੋਸ਼ੀ ਨੂੰ ਪਹਿਲਾਂ ਹੀ ਲਿੰਗ ਦੇ ਆਧਾਰ 'ਤੇ ਕਿਸੇ ਖ਼ਾਸ ਹਿੱਸੇ ਵਿੱਚ ਨਾ ਰੱਖਿਆ ਜਾਵੇ। ਪੁਰਸ਼ ਪੀੜਤਾਂ ਦੀ ਸਮੱਸਿਆ ਸਿਰਫ਼ ਕਾਨੂੰਨ ਤੱਕ ਸੀਮਿਤ ਨਹੀਂ। ਇਹ ਮਨੋਵਿਗਿਆਨਕ ਅਤੇ ਸਮਾਜਿਕ ਵੀ ਹੈ।

ਕਈ ਪੁਰਸ਼ਾਂ ਲਈ ਆਪਣੀ ਪਤਨੀ ਤੋਂ ਮਾਰ-ਕੁੱਟ , ਗਾਲੀ-ਗਲੌਚ, ਬਲੈਕਮੇਲ, ਆਰਥਿਕ ਦਬਾਅ ਜਾਂ ਭਾਵਨਾਤਮਕ ਤਸ਼ੱਦਦ ਬਾਰੇ ਦੱਸਣਾ ਮਰਦਾਨਗੀ ਦੇ ਵਿਰੁੱਧ ਸਮਝਿਆ ਜਾਂਦਾ ਹੈ।

ਕਾਨੂੰਨ ਅਤੇ ਸਮਾਜ ਬਾਰੇ ਹਾਲੀਆ ਵਿਗਿਆਨਕ ਚਾਂਚ ਨੇ ਵੀ ਇਸ ਗੱਲ ਵੱਲ ਧਿਆਨ ਖਿੱਚਿਆ ਹੈ ਕਿ ਪੁਰਸ਼ ਪੀੜਤਾਂ ਨੂੰ ਸਮਾਜਿਕ ਉਮੀਦਾਂ, ਕਲੰਕ ਅਤੇ ਬਣਦਾ ਕਾਨੂੰਨੀ ਉਪਾਵ ਦੀ ਘਾਟ ਕਾਰਨ ਆਪਣੀ ਪੀੜ ਸਾਹਮਣੇ ਲਿਆਉਣ ਵਿੱਚ ਮੁਸ਼ਕਲ ਆਉਂਦੀ ਹੈ।

ਪੀੜਿਤ ਦੇ ਮਨੋਵਿਗਿਆਨ ਜਾਂ ਅਕਸਰ ਸਮਾਜ ਵਿੱਚ ਇੱਕ ਖ਼ਿਆਲ ਘੁੰਮਦਾ ਹੈ ਕਿ ਜੇਕਰ ਇੱਕ ਪੁਰਸ਼ ਡਰ, ਬਲੈਕਮੇਲ ਜਾਂ ਘਰੇਲੂ ਹਿੰਸਾ ਕਾਰਨ ਮਾਨਸਿਕ ਤੌਰ 'ਤੇ ਟੁੱਟ ਰਿਹਾ ਹੈ, ਤਾਂ ਕੀ ਉਸ ਦੀ ਪੀੜ ਇਸ ਲਈ ਘੱਟ ਮਹੱਤਵਪੂਰਨ ਹੋ ਜਾਂਦੀ ਹੈ ਕਿਉਂਕਿ ਉਹ ਪੁਰਸ਼ ਹੈ ? ਲਿਕਿੰਗ ਇਹ ਵੀ ਚਿੱਟਾ ਸੱਚ ਹੈ ਕਿ ਪੀੜ ਦਾ ਕੋਈ ਜੈਂਡਰ ਨਹੀਂ ਹੁੰਦਾ ਇਸ ਲਈ ਹੱਲ ਔਰਤ ਬਨਾਮ ਪੁਰਸ਼ ਨਹੀਂ ਇਸ ਗੱਲ ਨੂੰ ਔਰਤਾਂ ਅਤੇ ਪੁਰਸ਼ਾਂ ਦੀ ਲੜਾਈ ਬਣਾਉਣਾ ਸਮੱਸਿਆ ਨੂੰ ਹੋਰ ਗੰਭੀਰ ਕਰੇਗਾ।

ਔਰਤਾਂ ਵਿਰੁੱਧ ਹਿੰਸਾ ਇੱਕ ਹਕੀਕਤੀ ਅਤੇ ਗੰਭੀਰ ਸਮੱਸਿਆ ਹੈ। ਇਸ ਲਈ ਬਣੇ ਕਾਨੂੰਨੀ ਸੁਰੱਖਿਆ-ਉਪਾਅ ਨੂੰ ਕਮਜ਼ੋਰ ਕਰਨਾ ਹੱਲ ਨਹੀਂ। ਪਰ ਇਸ ਦੇ ਨਾਲ ਹੀ ਪੁਰਸ਼ ਪੀੜਤਾਂ ਲਈ ਵੀ ਅਜਿਹਾ ਕਾਨੂੰਨੀ ਅਤੇ ਵਿਭਾਗੀ ਢਾਂਚਾ ਹੋਣਾ ਚਾਹੀਦਾ ਹੈ ਜਿਸ ਵਿੱਚ ਉਹ ਬਿਨਾਂ ਸ਼ਰਮ, ਡਰ ਜਾਂ ਸਮਾਜਿਕ ਮਜ਼ਾਕ ਦੇ ਆਪਣੀ ਸ਼ਿਕਾਇਤ ਦਰਜ ਕਰਵਾ ਸਕਣ।

ਇਸ ਲਈ ਕੁਝ ਸੁਧਾਰਾਂ ਦੀ ਤਜਵੀਜ਼ ਤਹਿਤ:

ਪਹਿਲਾ— ਘਰੇਲੂ ਹਿੰਸਾ ਦੀ ਇੱਕ ਵੱਖਰੀ ਜਾਂ ਵੇਰਵੇਦਾਰ ਲਿੰਗ-ਨਿਰਪੱਖ ਕਾਨੂੰਨੀ ਪ੍ਰਬੰਧ , ਜੋ ਪੀੜਤ ਦੀ ਲਿੰਗ-ਪਹਿਚਾਣ ਦੀ ਬਜਾਏ ਹਿੰਸਾ ਦੀ ਕਿਸਮ ਅਤੇ ਰਿਸ਼ਤੇ ਨੂੰ ਮੁੱਢ ਬਣਾਏ।

ਦੂਜਾ— ਪੁਰਸ਼ ਪੀੜਤਾਂ ਲਈ ਪੁਲਿਸ, ਕਾਨੂੰਨੀ ਸਹਾਇਤਾ, ਕਾਊਂਸਲਿੰਗ ਅਤੇ ਪਨਾਹ ਅਤੇ ਸਹਾਇਤਾ ਸੇਵਾਵਾਂ ਦਾ ਪ੍ਰਬੰਧ।

ਤੀਜਾ— ਝੂਠੀ ਸ਼ਿਕਾਇਤ ਅਤੇ ਸੱਚੀ ਸ਼ਿਕਾਇਤ ਵਿੱਚ ਫ਼ਰਕ ਕਰਨ ਲਈ ਮਜ਼ਬੂਤ, ਨਿਰਪੱਖ ਅਤੇ ਸਬੂਤ-ਆਧਾਰਿਤ ਜਾਂਚ।

ਚੌਥਾ— ਵਿਆਹ ਅਤੇ ਪਰਿਵਾਰਕ ਵਿਵਾਦਾਂ ਵਿੱਚ ਵਿਚੋਲੇ ਅਤੇ ਸਲਾਹ-ਮਸ਼ਵਰਾ ਦੇ ਪ੍ਰਬੰਧ ਹੋਣ ਜਿੱਥੇ ਅਪਰਾਧ ਦੀ ਗੰਭੀਰਤਾ ਅਤੇ ਪੀੜਤ ਦੀ ਸੁਰੱਖਿਆ ਨਾਲ ਸਮਝੌਤਾ ਕੀਤੇ ਬਿਨਾਂ ਇਹ ਉਪਾਅ ਉਚਿਤ ਹੋਣ।

ਪੰਜਵਾਂ— ਸਮਾਜਿਕ ਸਿੱਖਿਆ— ਮਰਦ ਨੂੰ ਦਰਦ ਨਹੀਂ ਹੁੰਦਾ ਦੀ ਥਾਂ ਦਰਦ ਕਿਸੇ ਨੂੰ ਵੀ ਹੋ ਸਕਦਾ ਹੈ ਵਾਲੀ ਸੋਚ।

ਇਨਸਾਫ਼ ਦਾ ਅਸਲ ਮਿਆਰ ਕਿਸੇ ਵੀ ਸਭਿਆਚਾਰਕ ਅਤੇ ਲੋਕਤੰਤਰਿਕ ਸਮਾਜ ਵਿੱਚ ਹਰ ਪੀੜਤ ਨੂੰ ਸੁਰੱਖਿਆ ਅਤੇ ਨਿਆਂ ਦੇਣਾ ਹੈ।

ਜੇਕਰ ਔਰਤ ਦੀ ਅੱਖ ਦਾ ਹਰ ਹੰਝੂ ਕੀਮਤੀ ਹੈ, ਪਰ ਪੁਰਸ਼ ਦੀ ਅੱਖ ਦਾ ਹੰਝੂ ਵੀ ਮਨੁੱਖੀ ਹੈ। ਇੱਕ ਔਰਤ ਜੇ ਘਰੇਲੂ ਹਿੰਸਾ ਤੋਂ ਡਰਦੀ ਹੈ ਤਾਂ ਉਸ ਦੀ ਰੱਖਿਆ ਹੋਣੀ ਚਾਹੀਦੀ ਹੈ। ਪਰ ਜੇ ਇੱਕ ਪੁਰਸ਼ ਵੀ ਸਮਾਜ ਵਿੱਚ ਹਿੰਸਾ, ਧਮਕੀ ਜਾਂ ਮਾਨਸਿਕ ਤਸ਼ੱਦਦ ਦਾ ਸ਼ਿਕਾਰ ਹੈ ਤਾਂ ਉਸ ਦੀ ਚੁੱਪੀ ਨੂੰ ਮਰਦਾਨਗੀ ਦਾ ਨਾਮ ਦੇ ਕੇ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ।

ਸਮਾਜਿਕ ਬਰਾਬਰਤਾ ਦਾ ਮਤਲਬ ਸਿਰਫ਼ ਇਹ ਹੀ ਨਹੀਂ ਕਿ ਹਰ ਇਨਸਾਨ ਨਾਲ ਹਰ ਸਥਿਤੀ ਵਿੱਚ ਬਿਲਕੁਲ ਇੱਕੋ ਜਿਹਾ ਵਿਵਹਾਰ ਕੀਤਾ ਜਾਵੇ ਸਗੋਂ ਜਿਸ ਵਿਅਕਤੀ ਨੂੰ ਅਸਲ ਪੀੜ ਹੋਈ ਹੈ, ਉਸ ਨੂੰ ਪ੍ਰਭਾਵਸ਼ਾਲੀ ਨਿਆਂ ਦਾ ਰਾਹ ਮਿਲੇ।

ਭਾਰਤ ਵਿੱਚ ਔਰਤਾਂ ਦੀ ਸੁਰੱਖਿਆ ਲਈ ਬਣੇ ਵਿਸ਼ੇਸ਼ ਕਾਨੂੰਨ ਇੱਕ ਇਤਿਹਾਸਕ ਸਮਾਜਿਕ ਲੋੜ ਦਾ ਨਤੀਜਾ ਹਨ। ਪਰ ਕਾਨੂੰਨ ਵੀ ਸਮਾਜ ਵਿਚਲੇ ਬਦਲਾਵ ਨਾਲ ਵਿਕਸਿਤ ਹੁੰਦਾ ਰਹਿੰਦੇ ਹੈ। ਅੱਜ ਦੀ ਵੰਗਾਰ ਇਹ ਹੈ ਕਿ ਅਸੀਂ ਔਰਤਾਂ ਦੀ ਸੁਰੱਖਿਆ ਨੂੰ ਕਮਜ਼ੋਰ ਕੀਤੇ ਬਿਨਾਂ ਪੁਰਸ਼ਾਂ ਅਤੇ ਹੋਰ ਪੀੜਤਾਂ ਲਈ ਮੌਜੂਦ ਕਾਨੂੰਨੀ ਖਾਲੀਪਣ ਨੂੰ ਕਿਵੇਂ ਭਰਦੇ ਹਾਂ।

ਦੁਨੀਆਂ ਦੇ ਸਬ ਤੋਂ ਵੱਡੇ ਲੋਕਤੰਤਰ ਵਿੱਚ ਬਰਾਬਰੀ ਦੇ ਇਨਸਾਫ਼ ਦੀ ਦਰਕਾਰ: ਜਦੋਂ ਕਿਸੇ ਮਨੁੱਖ ਨਾਲ ਅਨਿਆਂ ਹੁੰਦਾ ਹੈ, ਤਾਂ ਕੀ ਕਾਨੂੰਨ ਉਸ ਦੀ ਆਵਾਜ਼ ਸੁਣਦਾ ਹੈ ?

## ਆੜ੍ਹਤੀਏ ਕਿਸਾਨਾਂ ਨੂੰ ਸੁੱਕਾ ਝੋਨਾ ਮੰਡੀਆਂ ਵਿੱਚ ਲਿਆਉਣ ਲਈ ਪ੍ਰੇਰਿਤ ਕਰਨ: ਐਸ.ਡੀ.ਐਮ. ਕਰੁਣ ਗੁਪਤਾ



ਫ਼ਤਹਿਗੜ੍ਹ ਸਾਹਿਬ, 2 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਝੋਨੇ ਦੀ ਖਰੀਦ ਦੌਰਾਨ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣੀ ਚਾਹੀਦੀ ਅਤੇ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜਾਉਣ ਲਈ ਸਾਰੇ ਵਿਭਾਗੀ ਅਧਿਕਾਰੀ ਆਪਸੀ ਤਾਲਮੇਲ ਨਾਲ ਕੰਮ ਕਰਨ। ਇਹ ਹਦਾਇਤਾਂ ਐਸ.ਡੀ.ਐਮ. ਫਤਿਹਗੜ੍ਹ ਸਾਹਿਬ ਸ੍ਰੀ ਕਰੁਣ ਗੁਪਤਾ ਵੱਲੋਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ, ਮੰਡੀਆਂ ਵਿੱਚ ਤਾਇਨਾਤ ਖਰੀਦ ਇੰਸਪੈਕਟਰਾਂ, ਆੜ੍ਹਤੀਆਂ ਅਤੇ ਮਿੱਲ ਮਾਲਕਾਂ ਨਾਲ ਵਿਸ਼ੇਸ਼ ਮੀਟਿੰਗ ਦੌਰਾਨ ਦਿੱਤੀਆਂ। ਐਸ.ਡੀ.ਐਮ. ਗੁਪਤਾ ਨੇ ਖਰੀਦ ਪ੍ਰਬੰਧਾਂ ਨਾਲ ਸਬੰਧਤ ਅਧਿਕਾਰੀਆਂ ਨੂੰ ਝੋਨੇ ਦੇ ਖਰੀਦ ਰੋਜ਼ਾਨਾ ਆਪਣੇ ਪੱਧਰ ਤੇ ਹਰ ਪਹਿਲੂ ਤੇ ਧਿਆਨ ਦੇਣ ਲਈ ਕਿਹਾ ਤਾਂ ਜੋ ਮੰਡੀਆਂ ਵਿੱਚ ਕਿਸਾਨਾਂ ਨੂੰ ਫਸਲ ਵੇਚਣ ਵਿੱਚ ਕੋਈ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਸਮੂਹ ਖਰੀਦ ਏਜੰਸੀਆਂ ਦੇ ਇੰਸਪੈਕਟਰਾਂ ਨੂੰ ਵੀ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਆਉਣ ਵਾਲੀ ਫਸਲ ਦੀ ਸਰਕਾਰੀ ਖਰੀਦ ਨਿਰਧਾਰਤ ਨਿਯਮਾਂ ਅਨੁਸਾਰ ਸਮੇਂ ਸਿਰ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਸਮੂਹ ਆੜ੍ਹਤੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨਾਲ ਜੁੜੇ ਕਿਸਾਨਾਂ ਨੂੰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ ਲਈ ਪ੍ਰੇਰਿਤ ਕਰਨ, ਤਾਂ ਜੋ ਕਿਸਾਨਾਂ ਦੀ ਫਸਲ ਦੀ ਖਰੀਦ ਸਮੇਂ ਸਿਰ ਹੋ ਸਕੇ ਅਤੇ ਖਰੀਦੀ ਗਈ ਫਸਲ ਦੀ ਬਣਦੀ ਅਦਾਇਗੀ ਸਬੰਧਤ ਖਰੀਦ ਏਜੰਸੀਆਂ ਵੱਲੋਂ ਕਿਸਾਨਾਂ ਨੂੰ ਕੀਤੀ ਜਾ ਸਕੇ। ਇਸ ਮੌਕੇ ਡੀ.ਐਮ. ਮਾਰਕਫੈੱਡ , ਡੀ.ਐਮ. ਮਾਰਕੀਟ ਕਮੇਟੀ ਸਰਹਿੰਦ , ਸ੍ਰੀ ਸਾਧੂ ਰਾਮ ਭੱਟਮਾਜ਼ਰਾ, ਫੂਡ ਸਪਲਾਈ ਅਫ਼ਸਰ ਕੇਵਲ ਸਿੰਘ, ਸ੍ਰੀ ਤਰਸੇਮ ਲਾਲ ਉਪਲ, ਆੜ੍ਹਤੀ ਐਸੋਸੀਏਸ਼ਨ ਦੇ ਨੁਮਾਇੰਦੇ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਇੰਸਪੈਕਟਰ ਹਾਜ਼ਰ ਸਨ।

## ਸੜਕੀ ਹਾਦਸਿਆਂ ਨੂੰ ਰੋਕਣ ਅਤੇ ਲੋਕਾਂ ਦੀ ਜਾਨ ਬਚਾਉਣ ਲਈ ਅਧਿਕਾਰੀ ਆਪਸੀ ਤਾਲਮੇਲ ਨਾਲ ਕੰਮ ਕਰਨ: ਵਧੀਕ ਡਿਪਟੀ ਕਮਿਸ਼ਨਰ

ਫ਼ਤਹਿਗੜ੍ਹ ਸਾਹਿਬ, 2 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀਮਤੀ ਅਮਰਬੀਰ ਕੌਰ ਭੁੱਲਰ ਦੀ ਪ੍ਰਧਾਨਗੀ ਹੇਠ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਸਮੀਖਿਆ ਮੀਟਿੰਗ ਹੋਈ। ਜਿਸ ਵਿੱਚ ਵਧੀਕ ਡਿਪਟੀ ਕਮਿਸ਼ਨਰ ਵਲੋਂ ਸੜ੍ਹਕੀ ਹਾਦਸੇ ਰੋਕਣ ਲਈ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਵਧੀਕ ਡਿਪਟੀ ਕਮਿਸ਼ਨਰ ਨੇ ਜੁਗਾੜੂ ਵਾਹਨਾਂ ਦੀ ਗੈਰ-ਕਾਨੂੰਨੀ ਵਰਤੋਂ ਨੂੰ ਰੋਕਣ ਲਈ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਸਖ਼ਤ ਕਾਰਵਾਈ ਕਰਨ ਦੀਆਂ ਹਦਾਇਤਾਂ ਦਿੱਤੀਆਂ। ਓਹਨਾ ਕਿਹਾ ਕਿ ਅਜਿਹੇ ਵਾਹਨਾਂ ਦੀ ਲਗਾਤਾਰ ਚੈਕਿੰਗ ਕਰਕੇ ਉਨ੍ਹਾਂ ਨੂੰ ਸੜਕਾਂ 'ਤੇ ਚੱਲਣ ਤੋਂ ਰੋਕਣ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਯਕੀਨੀ ਬਣਾਈ ਜਾਵੇ। ਓਹਨਾ ਮਾਨਯੋਗ ਸੁਪਰੀਮ ਕੋਰਟ ਦੇ ਸੜਕ ਸੁਰੱਖਿਆ ਸਬੰਧੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ, ਸੜਕਾਂ 'ਤੇ ਆਵਾਰਾ ਪਸ਼ੂਆਂ ਦੀ ਰੋਕਥਾਮ, ਗੈਰ-ਕਾਨੂੰਨੀ ਕਬਜ਼ਿਆਂ ਅਤੇ ਸੜਕ ਕਿਨਾਰੇ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ, ਹਿੱਟ ਐਂਡ ਰਨ ਮਾਮਲਿਆਂ, ਵਾਹਨਾਂ ਦੀ ਚੈਕਿੰਗ ਅਤੇ ਇਨਫੋਰਸਮੈਂਟ, ਸੇਫ ਸਕੂਲ ਵਾਹਨ ਸਕੀਮ ਅਤੇ ਬਲੈਕ ਸਪੌਟਸ ਸਬੰਧੀ ਕਾਰਵਾਈ ਦੀ ਸਮੀਖਿਆ ਕੀਤੀ ਗਈ। ਇਸ ਤੋਂ ਇਲਾਵਾ ਪੀ.ਐਮ. ਰਾਹਤ ਯੋਜਨਾ ਤਹਿਤ ਕੇਸਾਂ ਦੀ ਸਥਿਤੀ, ਈ-ਡੀ.ਏ.ਆਰ. ਪੋਰਟਲ 'ਤੇ ਡਾਟਾ ਅਪਲੋਡ ਕਰਨ, ਰੋਡ ਸੇਫਟੀ ਫੰਡ ਅਤੇ ਰੋਡ ਸੇਫਟੀ ਸਬੰਧੀ ਵੈੱਬ ਪੇਜ ਦੀ ਪ੍ਰਗਤੀ ਬਾਰੇ ਵੀ ਵਿਚਾਰ ਕੀਤਾ ਗਿਆ। ਮੀਟਿੰਗ ਦੌਰਾਨ ਰਿਜ਼ਨਲ ਟਰਾਂਸਪੋਰਟ ਅਫਸਰ ਸ੍ਰੀ ਨਮਨ ਮੜਕਨ, ਐਸ.ਡੀ.ਐਮ.ਫਤਹਿਗੜ੍ਹ ਸਾਹਿਬ ਕਰੁਣ ਗੁਪਤਾ, ਐਸ.ਡੀ.ਐਮ. ਬਸੀ ਪਠਾਣਾ ਦੀਪਜੋਤ ਕੌਰ, ਐਸ.ਡੀ.ਐਮ. ਅਮਲੋਹ ਹਰਵੀਰ ਕੌਰ, ਐਸ.ਡੀ.ਐਮ. ਖਮਾਣੋਂ ਅਰਵਿੰਦ ਕੁਮਾਰ ਗੁਪਤਾ, ਡੀ ਐਸ ਪੀ ਇੰਦਰਪ੍ਰੀਤ ਸਿੰਘ, ਸਹਾਇਕ ਰਿਜ਼ਨਲ ਟਰਾਂਸਪੋਰਟ ਅਫਸਰ,ਸ੍ਰੀ ਮਨਿੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਹਾਜਰ ਸਨ।

## ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦਾ 99 ਫੀਸਦੀ ਤੋਂ ਵੱਧ ਕੰਮ ਮੁਕੰਮਲ- ਡਿਪਟੀ ਕਮਿਸ਼ਨਰ

ਫ਼ਤਹਿਗੜ੍ਹ ਸਾਹਿਬ, 2 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (Special Intensive Revision–SIR) 99 ਫੀਸਦੀ ਤੋਂ ਵੱਧ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਇਹ



ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹੇ ਦੇ ਤਿੰਨਾਂ ਵਿਧਾਨ ਸਭਾ ਹਲਕਿਆਂ ਵਿੱਚ ਐਸ.ਆਈ.ਆਰ.-2026 ਤਹਿਤ ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ ਲਗਭਗ ਮੁਕੰਮਲ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨਾਲ ਜੁੜੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਇਸ ਕੰਮ ਨੂੰ ਸੁਚੱਜੇ ਅਤੇ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਫ਼ਤਹਿਗੜ੍ਹ ਸਾਹਿਬ ਵੱਲੋਂ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਕੰਪਲੈਕਸ, ਫ਼ਤਹਿਗੜ੍ਹ ਸਾਹਿਬ ਵਿਖੇ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਵੱਖ-ਵੱਖ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿਖੇ ਵੀ ਹੈਲਪ ਡੈਸਕ ਕਾਰਜਸ਼ੀਲ ਹਨ, ਜਿੱਥੇ ਵੋਟਰ ਵੋਟਰ ਸੂਚੀਆਂ ਨਾਲ ਸਬੰਧਤ ਆਪਣੇ ਸਵਾਲਾਂ, ਇਤਰਾਜ਼ਾਂ ਜਾਂ ਕਿਸੇ ਵੀ ਕਿਸਮ ਦੀ ਜਾਣਕਾਰੀ ਲਈ ਸੰਪਰਕ ਕਰ ਸਕਦੇ ਹਨ। ਜ਼ਿਲ੍ਹਾ ਚੋਣ ਅਫ਼ਸਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਸਮੁੱਚੀ ਚੋਣ ਮਸ਼ੀਨਰੀ ਨਾਲ ਤਾਲਮੇਲ ਕਰਕੇ ਐਸ.ਆਈ.ਆਰ. ਦੀ ਪ੍ਰਕਿਰਿਆ ਨੂੰ ਪਾਰਦਰਸ਼ੀ, ਨਿਰਪੱਖ, ਸੁਚਾਰੂ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ਿਲੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੂਥ ਲੈਵਲ ਅਫ਼ਸਰਾਂ (BLOs) ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਅਤੇ ਜਿੱਥੇ ਵੀ ਲੋੜ ਹੋਵੇ, ਲੋੜੀਂਦੇ ਦਸਤਾਵੇਜ਼ ਅਤੇ ਜਾਣਕਾਰੀ ਮੁਹੱਈਆ ਕਰਵਾਉਣ, ਤਾਂ ਜੋ ਐਸ.ਆਈ.ਆਰ. ਦੀ ਪ੍ਰਕਿਰਿਆ ਨੂੰ ਸਮੇਂ ਸਿਰ ਅਤੇ ਸੁਚਾਰੂ ਢੰਗ ਨਾਲ ਮੁਕੰਮਲ ਕੀਤਾ ਜਾ ਸਕੇ।

## ਰਾਸ਼ਟਰੀ ਜਯੋਤੀ ਕਲਾ ਮੰਚ ਦੇ 19ਵੇਂ ਦੁਸਹਿਰੇ ਮੇਲੇ ਦਾ ਸੱਦਾ ਪੱਤਰ ਜਾਰੀ

ਪਟਿਆਲਾ, 2 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਰਾਸ਼ਟਰੀ ਜਯੋਤੀ ਕਲਾ ਮੰਚ (ਰਜਿ.)ਪਟਿਆਲਾ ਵੱਲੋਂ ਮਨਾਏ ਜਾ ਰਹੇ 19ਵੇਂ ਦੁਸਹਿਰੇ ਮੇਲੇ ਦੀਆਂ ਤਿਆਰੀਆਂ ਜ਼ੋਰਾਂ ਉੱਤੇ ਹਨ। ਇਸ ਦੌਰਾਨ ਮੰਚ ਦੇ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਅਤੇ ਦੁਸਹਿਰਾ ਕਮੇਟੀ ਦੇ ਪ੍ਰਧਾਨ ਰਾਜ ਸਿੰਗਲਾ ਦੀ ਪ੍ਰਧਾਨਗੀ ਹੇਠ ਮੇਲੇ ਦਾ ਸੱਦਾ ਪੱਤਰ ਜਾਰੀ ਕੀਤਾ ਗਿਆ। 19ਵੇਂ ਦੁਸਹਿਰੇ ਮੇਲੇ ਦਾ ਸੱਦਾ ਪੱਤਰ ਸਮਾਜ ਸੇਵੀ ਅਤੇ ਗਰੀਨ ਮੈਨ ਭਗਵਾਨ ਦਾਸ ਜੁਨੇਜਾ ਨੇ ਆਪਣੇ ਕਰ ਕਮਲਾਂ ਨਾਲ ਜਾਰੀ ਕੀਤਾ। ਇਸ ਮੌਕੇ ਰਾਸ਼ਟਰੀ ਜਯੋਤੀ ਕਲਾ ਮੰਚ ਦੇ ਅਹੁਦੇਦਾਰ ਇੰਜ. ਨਰਿੰਦਰ ਸਿੰਘ, ਡਾ. ਬੀਰ ਚੰਦ ਖੁਰਮੀ, ਹਰਮੇਸ਼ ਸਿੰਗਲਾ ਮੌਜੂਦ ਰਹੇ।



# ਅਮਿਤ ਸ਼ਾਹ ਦਾ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਨ ਦਾ ਦਾਅਵਾ ਖੋਖਲਾ: ਬਲਬੀਰ ਸਿੱਧੂ

**ਮੁਹਾਲੀ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀਨੀਅਰ ਕਾਂਗਰਸੀ ਆਗੂ ਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਅੱਜ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪੰਜਾਬ ਫੇਰੀ ਦੌਰਾਨ ਸੂਬੇ ਵਿੱਚੋਂ 31 ਦਸੰਬਰ 2029 ਤੱਕ ਨਸ਼ਾ ਖ਼ਤਮ ਕਰਨ ਦੇ ਕੀਤੇ ਗਏ ਦਾਅਵੇ ਨੂੰ ਸਿਆਸੀ ਪਖੰਡ ਕਰਾਰ ਦਿੰਦਿਆਂ ਭਾਜਪਾ ਨੂੰ ਸੂਬੇ ਵਿਚ ਨਸ਼ਾ ਤਸਕਰਾਂ ਦੀ ਪੁਸ਼ਤਪਨਾਹੀ ਕਰਨ ਵਿਚ ਬਰਾਬਰ ਦੀ ਜ਼ਿੰਮੇਵਾਰ ਕਿਹਾ ਹੈ।

ਸਿੱਧੂ ਨੇ ਕਿਹਾ ਕਿ ਅਮਿਤ ਸ਼ਾਹ ਦਾ ਇਹ ਦਾਅਵਾ ਪੂਰੀ ਤਰ੍ਹਾਂ ਖੋਖਲਾ ਹੈ ਕਿਉਂਕਿ ਪੰਜਾਬ ਸਿਰ 'ਚਿੱਟੇ' ਦਾ ਕਲੰਕ ਲਾਉਣ ਵਾਲੀ ਅਤੇ ਨਸ਼ਾ ਮਾਫੀਆ ਨੂੰ ਪੂਰੀ ਸਰਪ੍ਰਸਤੀ ਦੇਣ ਵਾਲੀ ਪਿਛਲੀ ਬਾਦਲ ਸਰਕਾਰ ਸੀ। ਜਿਸ ਵਿਚ ਭਾਜਪਾ ਖ਼ੁਦ ਵੀ ਭਾਈਵਾਲ ਸੀ। ਉਨ੍ਹਾਂ ਕਿਹਾ ਕਿ ਸੂਬੇ ਦੇ ਹਜ਼ਾਰਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿਚ ਫਸਾ ਕੇ ਮੌਤ ਦੇ ਮੂੰਹ ਵਿਚ ਧੱਕਣ ਦੇ ਪਾਪ ਵਿੱਚ ਭਾਜਪਾ ਬਰਾਬਰ ਦੀ ਹਿੱਸੇਦਾਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵਲੋਂ ਅੱਜ ਨਸ਼ਾ ਮੁਕਤ ਪੰਜਾਬ ਬਣਾਉਣ ਦੀਆਂ ਗੱਲਾਂ ਕਰਨਾ ਭਾਜਪਾ ਦਾ ਦੋਗਲਾਪਣ ਸਾਬਤ ਕਰਦੀਆਂ ਹਨ।

ਸਿੱਧੂ ਨੇ ਅਮਿਤ ਸ਼ਾਹ ਨੂੰ ਸਵਾਲ ਕੀਤਾ ਕਿ ਪੰਜਾਬ ਆ ਕੇ ਨਸ਼ਿਆਂ ਦੀ ਗੱਲ ਕਰਨ ਵਾਲੇ ਗ੍ਰਹਿ ਮੰਤਰੀ ਨੇ ਦੇਸ਼ ਵਿੱਚ ਮਹਿੰਗਾਈ ਅਤੇ ਆਮ ਪਰਿਵਾਰਾਂ 'ਤੇ ਵਧ ਰਹੇ ਆਰਥਿਕ ਦਬਾਅ ਬਾਰੇ ਕਿਉਂ ਨਹੀਂ ਬੋਲਿਆ? ਅਗਸਤ 2026 ਵਿੱਚ ਭਾਰਤ ਦੀ ਰਿਟੇਲ ਮਹਿੰਗਾਈ 4.82 ਫ਼ੀਸਦੀ ਰਹੀ, ਜਦਕਿ ਖੁਰਾਕੀ ਮਹਿੰਗਾਈ 5.95 ਫ਼ੀਸਦੀ ਦਰਜ ਕੀਤੀ ਗਈ। ਉਨ੍ਹਾਂ ਕਿਹਾ ਕਿ ਜਨਤਾ ਦੀ ਰਸੋਈ ਦਾ ਬਜਟ ਵਧ ਰਿਹਾ ਹੈ। ਉਹ ਇਨ੍ਹਾਂ ਗੱਲਾਂ ਨੂੰ ਕਿਉਂ ਅਣਗੌਲਿਆ ਕਰ ਰਹੇ ਹਨ?

ਉਨ੍ਹਾਂ ਅੱਗੇ ਕਿਹਾ ਕਿ ਸ਼ੇਅਰ ਬਾਜ਼ਾਰ ਵਿੱਚ ਆ ਰਹੀ ਗਿਰਾਵਟ ਅਤੇ ਨਿਵੇਸ਼ਕਾਂ ਦੀ ਚਿੰਤਾ ਬਾਰੇ ਵੀ ਕੇਂਦਰੀ ਸਰਕਾਰ ਨੂੰ ਜਵਾਬ ਦੇਣਾ ਚਾਹੀਦਾ ਹੈ। ਸਤੰਬਰ 2026 ਵਿੱਚ ਨਿਫਟੀ 50 ਵਿੱਚ 6.1 ਫ਼ੀਸਦੀ ਅਤੇ ਸੈਂਸੈਕਸ ਵਿੱਚ 5.8 ਫ਼ੀਸਦੀ ਦੀ ਮਹੀਨਾਵਾਰ ਗਿਰਾਵਟ ਦਰਜ ਕੀਤੀ ਗਈ ਅਤੇ ਵਿਦੇਸ਼ੀ ਨਿਵੇਸ਼ਕਾਂ ਵੱਲੋਂ ਭਾਰਤੀ ਇਕਵਿਟੀਜ਼ ਵਿੱਚੋਂ ਲਗਭਗ 2.7 ਬਿਲੀਅਨ ਡਾਲਰ ਕੱਢੇ ਗਏ। ਸਿੱਧੂ ਨੇ ਸਵਾਲ ਕੀਤਾ ਕਿ ਜਦੋਂ ਦੇਸ਼ ਦੀ ਅਰਥਵਿਵਸਥਾ ਨਾਲ ਜੁੜੇ ਇਹ ਮੁੱਦੇ ਲੋਕਾਂ ਦੀ ਚਿੰਤਾ ਦਾ ਕਾਰਨ ਬਣ ਰਹੇ ਹਨ ਤਾਂ ਪੰਜਾਬ ਦੀ ਧਰਤੀ 'ਤੇ ਇਨ੍ਹਾਂ ਬਾਰੇ ਚਰਚਾ ਕਿਉਂ ਨਹੀਂ ਹੋਈ?



ਕਿਸਾਨੀ ਮੁੱਦੇ 'ਤੇ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਤਿੰਨ ਖੇਤੀ ਕਾਨੂੰਨਾਂ ਦਾ ਸੰਘਰਸ਼ ਅੱਜ ਵੀ ਯਾਦ ਹੈ। ਕੇਂਦਰ ਸਰਕਾਰ ਨੇ ਨਵੰਬਰ 2021 ਵਿੱਚ ਤਿੰਨੋਂ ਖੇਤੀ ਕਾਨੂੰਨ ਵਾਪਸ ਲੈਣ ਦਾ ਐਲਾਨ ਕੀਤਾ ਅਤੇ ਬਾਅਦ ਵਿੱਚ ਸੰਸਦ ਨੇ ਉਨ੍ਹਾਂ ਨੂੰ ਰੱਦ ਕਰ ਦਿੱਤਾ ਸੀ।

ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਨੂੰ ਪੰਜਾਬ ਆ ਕੇ ਕਿਸਾਨਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ, MSP ਦੀ ਕਾਨੂੰਨੀ ਗਾਰੰਟੀ ਅਤੇ ਕਿਸਾਨੀ ਨਾਲ ਜੁੜੇ ਹੋਰ ਮੁੱਦਿਆਂ 'ਤੇ ਵੀ ਸਪੱਸ਼ਟ ਜਵਾਬ ਦੇਣਾ ਚਾਹੀਦਾ ਸੀ।

ਸਿੱਧੂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਦੇਸ਼ ਦੀ ਖੁਰਾਕ ਸੁਰੱਖਿਆ ਵਿੱਚ ਵੱਡਾ ਯੋਗਦਾਨ ਪਾਇਆ ਹੈ ਅਤੇ ਪੰਜਾਬ ਦੀ ਜਵਾਨੀ, ਕਿਸਾਨੀ ਅਤੇ ਆਮ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਸਿਰਫ਼ ਚੋਣੀ ਭਾਸ਼ਣਾਂ ਤੱਕ ਸੀਮਤ ਨਹੀਂ ਕੀਤਾ ਜਾ ਸਕਦਾ।

ਸਿੱਧੂ ਨੇ ਕਿਹਾ ਕਿ ਪੰਜਾਬ ਆਉਣ ਵਾਲੇ ਕੇਂਦਰੀ ਆਗੂਆਂ ਨੂੰ ਸੂਬੇ ਦੇ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣੇ ਪੈਣਗੇ— ਨਸ਼ੇ, ਮਹਿੰਗਾਈ, ਕਿਸਾਨੀ, MSP, ਰੁਜ਼ਗਾਰ ਅਤੇ ਪੰਜਾਬ ਦੇ ਆਰਥਿਕ ਹਿੱਤਾਂ ਬਾਰੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸਿਰਫ਼ ਨਾਅਰੇ ਨਹੀਂ, ਸਗੋਂ ਠੋਸ ਨੀਤੀ, ਜਵਾਬਦੇਹੀ ਅਤੇ ਜ਼ਮੀਨੀ ਕਾਰਵਾਈ ਦੀ ਉਮੀਦ ਰੱਖਦੇ ਹਨ।

ਸਿੱਧੂ ਨੇ ਨੇ ਗ੍ਰਹਿ ਮੰਤਰੀ ਨੂੰ ਸਿੱਧਾ ਸਵਾਲ ਕਰਦਿਆਂ ਪੁੱਛਿਆ ਕਿ ਜੇਕਰ ਭਾਜਪਾ ਕੋਲ ਨਸ਼ਾ ਖ਼ਤਮ ਕਰਨ ਦਾ ਕੋਈ ਜਾਦੂਈ ਫਾਰਮੂਲਾ ਹੈ, ਤਾਂ ਉਹ ਆਪਣੀਆਂ ਸਰਕਾਰਾਂ ਵਾਲੇ ਸੂਬਿਆਂ ਖਾਸ ਕਰਕੇ ਗੋਆ ਅਤੇ ਗੁਜਰਾਤ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਨੱਥ ਪਾਉਣ ਵਿੱਚ ਕਿਉਂ ਬੁਰੀ ਤਰ੍ਹਾਂ ਨਾਕਾਮ ਰਹੀ ਹੈ? ਉਨ੍ਹਾਂ ਕਿਹਾ ਕਿ ਗੋਆ ਅੱਜ ਡਰੱਗ ਟੂਰਿਜ਼ਮ ਦਾ ਗੜ੍ਹ ਬਣ ਚੁੱਕਾ ਹੈ ਅਤੇ ਗੁਜਰਾਤ ਦੀਆਂ ਸਮੁੰਦਰੀ ਬੰਦਰਗਾਹਾਂ ਨਸ਼ਾ ਤਸਕਰੀ ਦੇ ਮੁੱਖ ਕੇਂਦਰ ਬਣ ਗਈਆਂ ਹਨ।

ਸਿੱਧੂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਸਰਹੱਦ ਪਾਰੋਂ ਆਉਣ ਵਾਲੇ ਨਸ਼ਿਆਂ ਨੂੰ ਰੋਕਣ ਵਿੱਚ ਵੀ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਬੀ.ਐਸ.ਐਫ. ਅਤੇ ਕੇਂਦਰੀ ਏਜੰਸੀਆਂ ਦੇ ਹੁੰਦਿਆਂ ਅੰਤਰਰਾਸ਼ਟਰੀ ਸਰਹੱਦਾਂ ਰਾਹੀਂ ਨਸ਼ਾ ਦੇਸ਼ ਅੰਦਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਗੁਜਰਾਤ ਦੇ ਸਮੁੰਦਰੀ ਪੋਰਟ ਦੇਸ਼ ਵਿੱਚ ਨਸ਼ਾ ਸਮੱਗਲਿੰਗ ਦਾ ਸਭ ਤੋਂ ਵੱਡਾ ਜ਼ਰੀਆ ਅਤੇ ਪ੍ਰਾਇਮਰੀ ਸਰੋਤ ਬਣ ਚੁੱਕੇ ਹਨ, ਜਿੱਥੋਂ ਵੱਡੇ ਪੱਧਰ ਉੱਤੇ ਨਸ਼ੇ ਦੀਆਂ ਖੇਪਾਂ ਆ ਰਹੀਆਂ ਹਨ।

ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਸਰਕਾਰ ਆਪਣੇ ਨੱਕ ਹੇਠ ਹੁੰਦੀ ਇਸ ਤਸਕਰੀ ਨੂੰ ਰੋਕਣ ਵਿੱਚ ਪੂਰੀ ਤਰਾਂ ਅਸਮਰੱਥ ਰਹੀ ਹੈ। ਕਾਂਗਰਸੀ ਆਗੂ ਨੇ ਕਿਹਾ ਕਿ ਇਹ ਬੇਹੱਦ ਅਫ਼ਸੋਸਨਾਕ ਹੈ ਕਿ ਅਮਿਤ ਸ਼ਾਹ ਨੇ ਪੰਜਾਬ ਦੀ ਧਰਤੀ 'ਤੇ ਆ ਕੇ ਸੂਬੇ ਦੇ ਭਖਦੇ ਮਸਲਿਆਂ ਅਤੇ ਸਿੱਖ ਕੌਮ ਦੀਆਂ ਚਿਰੋਕਣੀਆਂ ਮੰਗਾਂ, ਜਿਵੇਂ ਕਿ ਬੰਦੀ ਸਿੰਘਾਂ ਦੀ ਰਿਹਾਈ, 'ਤੇ ਇੱਕ ਵੀ ਸ਼ਬਦ ਨਹੀਂ ਬੋਲਿਆ।

ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪੰਜਾਬ ਫੇਰੀ ਸਿਰਫ਼ ਸਿਆਸੀ ਰੋਟੀਆਂ ਸੇਕਣ ਤੱਕ ਸੀਮਤ ਰਹੀ। ਉਹਨਾਂ ਨਾਲ ਇਹ ਵੀ ਕਿਹਾ ਕਿ ਪੰਜਾਬ ਦੇ ਲੋਕ ਹੁਣ ਭਾਜਪਾ ਦੇ ਇਨ੍ਹਾਂ ਖੋਖਲੇ ਵਾਅਦਿਆਂ ਅਤੇ ਜੁਮਲਿਆਂ ਦੇ ਬਹਿਕਾਵੇ ਵਿੱਚ ਨਹੀਂ ਆਉਣਗੇ ਅਤੇ ਜਵਾਨੀ ਨੂੰ ਬਰਬਾਦ ਕਰਨ ਵਾਲਿਆਂ ਨੂੰ ਮੂੰਹ-ਤੋੜ ਜਵਾਬ ਦੇਣਗੇ।

# ਖੇਡਾਂ ਵਤਨ ਪੰਜਾਬ ਦੀਆਂ: ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ; ਫੁਟਬਾਲ ਵਿੱਚ ਸੁਨਾਮ ਏ ਦੀ ਟੀਮ ਨੇ ਸੁਨਾਮ ਬੀ ਦੀ ਟੀਮ ਨੂੰ 3 ਅੰਕਾਂ ਨਾਲ ਹਰਾ ਕੇ ਫਾਈਨਲ ਵਿੱਚ ਬਣਾਈ ਥਾਂ



**ਸੰਗਰੂਰ, 2 ਅਕਤੂਬਰ**
**-ਜਗਦੇਵ ਰੰਚਨਾਂ-**

ਖੇਡ ਵਿਭਾਗ ਪੰਜਾਬ ਵਲੋਂ ਖੇਡਾਂ ਵਤਨ ਪੰਜਾਬ ਦੀਆਂ (ਸੀਜ਼ਨ-04)-2026 ਅਧੀਨ ਬਲਾਕ ਪੱਧਰੀ ਖੇਡਾਂ ਤੋਂ ਬਾਅਦ ਹੁਣ ਜ਼ਿਲ੍ਹਾ ਪੱਧਰੀ ਖੇਡਾਂ ਤਹਿਤ ਕੁੱਲ 39 ਵੱਖ-ਵੱਖ ਖੇਡਾਂ ਕਰਵਾਈਆਂ ਜਾ ਰਹੀਆਂ ਹਨ ਤੇ ਇਹਨਾਂ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਖੇਡ ਫੁੱਟਬਾਲ, ਚੈੱਸ, ਆਰਚਰੀ, ਲਾਅਨ ਟੈਨਿਸ, (ਲੜਕੇ/ਲੜਕੀਆਂ) ਦਾ ਅੱਜ ਆਗਾਜ਼ ਕੀਤਾ ਗਿਆ।

ਇਸ ਵਿਸ਼ੇਸ਼ ਮੌਕੇ ਸ੍ਰੀ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵੱਲੋ ਗੇਮ ਚੈੱਸ ਦਾ ਉਦਘਾਟਨ ਕੀਤਾ ਗਿਆ ਜੋ ਕਿ ਅਗਰਵਾਲ ਧਰਮਸ਼ਾਲ, ਸੁਨਾਮੀ ਗੇਟ, ਨੇੜੇ ਵੱਡਾ ਚੌਂਕ, ਸੰਗਰੂਰ ਵਿਖੇ ਕਰਵਾਈ ਜਾ ਰਹੀ ਹੈ। ਗੇਮ ਆਰਚਰੀ ਜੀ.ਸੀ.ਐੱਮ. ਕਾਨਵੈਂਟ ਸਕੂਲ, ਦਿੜਬਾ ਵਿਖੇ ਅਤੇ ਫੁੱਟਬਾਲ ਗੇਮ ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਸ੍ਰੀ ਮਸਤੂਆਣਾ ਸਾਹਿਬ ਵਿਖੇ ਆਯੋਜਿਤ ਕਰਵਾਈ ਜਾ ਰਹੀ ਹੈ।

ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਨੂੰ ਸ਼ੁਭ ਇਛਾਵਾਂ ਦਿੱਤੀਆਂ ਗਈਆਂ ਅਤੇ ਖੇਡ ਭਾਵਨਾ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਖੇਡ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਰਾਹੀਂ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਖੇਡਾਂ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸ਼ਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਵੀ ਹੈ। ਜ਼ਿਲਾ ਖੇਡ ਅਫਸਰ ਨਵਦੀਪ ਸਿੰਘ ਨੇ ਦੱਸਿਆ ਕਿ ਖੇਡ ਵਿਭਾਗ ਵੱਲੋਂ ਖਿਡਾਰੀਆਂ ਨੂੰ ਹਰ ਸੰਭਵ ਸਹੂਲਤ ਅਤੇ ਵਧੀਆ ਖੇਡ ਮਾਹੌਲ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਗੇਮ ਫੁਟਬਾਲ: ਅੰ: 14 (ਲੜਕੀਆਂ) ਦੇ ਹੋਏ ਸੈਮੀਫਾਈਨਲ ਮੁਕਾਬਲਿਆਂ ਦੌਰਾਨ ਸੁਨਾਮ ਏ ਦੀ ਟੀਮ ਨੇ ਸੁਨਾਮ ਬੀ ਦੀ ਟੀਮ ਨੂੰ 3 ਅੰਕਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚੀ ਅਤੇ ਇਸ ਦੇ ਨਾਲ ਹੀ ਅੰ:17 (ਲੜਕੀਆਂ) ਦੇ ਕੁਆਰਟਰਫਾਈਨਲ ਮੁਕਾਬਲੇ ਦੌਰਾਨ ਸੁਨਾਮ-ਏ ਦੀ ਟੀਮ ਅਨਦਾਣਾ ਦੀ ਟੀਮ ਨੂੰ ਹਰਾ ਕੇ ਫਾਈਨਲ ਮੁਕਾਬਲੇ ਵਿੱਚ ਪਹੁੰਚ ਚੁੱਕੀ ਹੈ।

# ਪੰਜਾਬ 'ਚ ਐੱਸ.ਆਈ.ਆਰ. ਪ੍ਰਕਿਰਿਆ ਮੁਕੰਮਲ ਹੋਣ ਨੇੜੇ, 99 ਫ਼ੀਸਦ ਤੋਂ ਵੱਧ ਕੰਮ ਪੂਰਾ ਹੋਇਆ: ਮੁੱਖ ਚੋਣ ਅ਼ਫਸਰ, ਪੰਜਾਬ ਅਨਿੰਦਿਤਾ ਮਿਤਰਾ

## 55 ਵਿਧਾਨ ਸਭਾ ਹਲਕਿਆਂ ਅਤੇ 08 ਜ਼ਿਲ੍ਹਿਆਂ ਨੇ ਮੁਕੰਮਲ ਕੀਤੀ 100 ਫ਼ੀਸਦ ਐੱਸ.ਆਈ.ਆਰ.-2026 ਪ੍ਰਕਿਰਿਆ

**ਚੰਡੀਗੜ੍ਹ 2 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ.ਆਈ.ਆਰ.) ਦਾ 99.21 ਫ਼ੀਸਦ ਕੰਮ ਪੂਰਾ ਹੋਣ ਨਾਲ ਐਸ.ਆਈ.ਆਰ ਦਾ ਸਮੁੱਚਾ ਅਮਲ ਮੁਕੰਮਲ ਹੋਣ ਨੇੜੇ ਪਹੁੰਚ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਫ਼ਸਰ, ਪੰਜਾਬ (ਸੀ.ਈ.ਓ.) ਅਨਿੰਦਿਤਾ ਮਿਤਰਾ ਨੇ ਦੱਸਿਆ ਕਿ 08 ਜ਼ਿਲ੍ਹਿਆਂ—ਮੋਗਾ, ਸ਼ਹੀਦ ਭਗਤ ਸਿੰਘ ਨਗਰ (ਐੱਸ.ਬੀ.ਐੱਸ. ਨਗਰ), ਮਾਨਸਾ, ਤਰਨ ਤਾਰਨ, ਫ਼ਰੀਦਕੋਟ, ਸੰਗਰੂਰ, ਪਟਿਆਲਾ ਅਤੇ ਮਾਲੇਰਕੋਟਲਾ ਨੇ ਐੱਸ.ਆਈ.ਆਰ. 2026 ਦਾ ਕੰਮ 100 ਫ਼ੀਸਦ ਮੁਕੰਮਲ ਕਰ ਲਿਆ ਹੈ। ਇਸ ਤੋਂ ਇਲਾਵਾ ਸੂਬੇ ਦੇ ਕੁੱਲ 117 ਵਿਧਾਨ ਸਭਾ ਹਲਕਿਆਂ ਵਿੱਚੋਂ 55 ਹਲਕਿਆਂ ਵਿੱਚ ਵੀ ਇਹ ਕੰਮ ਪੂਰਾ ਹੋ ਚੁੱਕਾ ਹੈ।

ਮੁੱਖ ਚੋਣ ਅਫ਼ਸਰ, ਪੰਜਾਬ ਨੇ ਦੱਸਿਆ ਕਿ ਵੋਟਰ ਸੂਚੀ ਵਿੱਚ ਹਰ ਯੋਗ ਵੋਟਰ ਦੀ ਸ਼ਮੂਲੀਅਤ ਯਕੀਨੀ ਬਣਾਉਣ ਅਤੇ ਵੋਟਰਾਂ ਦੀ ਸਹੂਲਤ ਲਈ, ਜਿਨ੍ਹਾਂ ਮਾਮਲਿਆਂ ਵਿੱਚ ਨੋਟਿਸ ਜਾਰੀ ਕੀਤੇ ਗਏ ਹਨ ਅਤੇ ਸੁਣਵਾਈ ਜਾਂ ਦਸਤਾਵੇਜ਼ ਜਮ੍ਹਾਂ ਕਰਵਾਉਣੇ ਬਾਕੀ ਹਨ, ਉੱਥੇ ਬੂਥ ਲੈਵਲ ਅਫ਼ਸਰ (ਬੀ.ਐੱਲ.ਓ.) ਖ਼ੁਦ ਵੋਟਰਾਂ ਨਾਲ ਰਾਬਤਾ ਕਾਇਮ ਕਰਨਗੇ ਅਤੇ ਵੋਟਰਾਂ



ਨੂੰ ਦਫ਼ਤਰਾਂ ਵਿੱਚ ਸੱਦਣ ਦੀ ਬਜਾਏ ਉਨ੍ਹਾਂ ਪਾਸੋਂ ਲੋੜੀਂਦੇ ਦਸਤਾਵੇਜ਼ ਸਿੱਧੇ ਤੌਰ 'ਤੇ ਇਕੱਤਰ ਕਰਨਗੇ।

ਉਨ੍ਹਾਂ ਕਿਹਾ, ÷ਇਸ ਪ੍ਰਬੰਧ ਨਾਲ ਵੋਟਰਾਂ ਨੂੰ ਨਿੱਜੀ ਸੁਣਵਾਈ ਅਤੇ ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਚੋਣ ਰਜਿਸਟ੍ਰੇਸ਼ਨ ਅਫ਼ਸਰ (ਈ.ਆਰ.ਓਜ਼) ਦੇ ਦਫ਼ਤਰ ਵਿਖੇ ਜਾਣ ਦੀ ਲੋੜ ਨਹੀਂ ਪਵੇਗੀ।÷

ਇਸ ਤੋਂ ਇਲਾਵਾ, ਜਿਨ੍ਹਾਂ ਵਿਧਾਨ ਸਭਾ ਹਲਕਿਆਂ ਵਿੱਚ ਅਜੇ ਵੀ ਕੁੱਝ ਕੰਮ ਬਾਕੀ ਹੈ, ਉੱਥੇ ਵੋਟਰਾਂ ਦੀ ਸਹੂਲਤ ਲਈ ਆਉਣ ਵਾਲੇ ਹਫ਼ਤੇ ਦੇ ਅਖ਼ੀਰਲੇ ਦਿਨਾਂ (ਵੀਕੈਂਡ) 'ਚ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ।

ਵੋਟਰ ਸੂਚੀ ਨਾਲ ਸਬੰਧਤ ਸ਼ੰਕਿਆਂ ਅਤੇ ਸਮੱਸਿਆਵਾਂ ਦੇ ਨਿਪਟਾਰੇ ਲਈ ਸੂਬੇ ਭਰ ਦੇ ਜ਼ਿਲ੍ਹਾ ਚੋਣ ਅਫ਼ਸਰਾਂ (ਡੀ.ਈ.ਓਜ਼) ਅਤੇ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼) ਦੇ ਦਫ਼ਤਰਾਂ ਵਿੱਚ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਹਨ।

ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਦਫ਼ਤਰ ਮੁੱਖ ਚੋਣ ਅਫ਼ਸਰ, ਪੰਜਾਬ ਸਮੁੱਚੀ ਚੋਣ ਮਸ਼ੀਨਰੀ ਨਾਲ ਤਾਲਮੇਲ ਕਰਕੇ ਇਸ ਪੂਰੀ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ।

ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐੱਲ.ਓਜ਼ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਨ ਸਹਿਯੋਗ ਦੇਣ ਅਤੇ ਇਸ ਕਾਰਜ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਲੋੜੀਂਦੇ ਦਸਤਾਵੇਜ਼ ਤੇ ਜਾਣਕਾਰੀ ਜਲਦ ਤੋਂ ਜਲਦ ਮੁਹੱਈਆ ਕਰਵਾਉਣਾ ਯਕੀਨੀ ਬਣਾਉਣ।

# ਗਿਆਨੀ ਜ਼ੈਲ ਸਿੰਘ ਨਗਰ ਵਿਖੇ ਮਹਿਲਾਵਾਂ ਦੀ ਮੀਟਿੰਗ; ਵਿਧਾਇਕ ਦੀ ਅਗਵਾਈ ਹੇਠ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ



**ਰੂਪਨਗਰ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗਿਆਨੀ ਜ਼ੈਲ ਸਿੰਘ ਨਗਰ ਵਿਖੇ ਨਗਰ ਕੌਂਸਲ ਦੇ ਪ੍ਰਧਾਨ ਇੰਦਰਪਾਲ ਸਿੰਘ ਰਾਜੂ ਸਤਿਆਲ ਦੇ ਗ੍ਰਹਿ ਵਿਖੇ ਮਹਿਲਾਵਾਂ ਦੀ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਦੀ ਧਰਮ ਪਤਨੀ ਨੀਸ਼ਾ ਚੱਢਾ ਅਤੇ ਨਗਰ ਕੌਂਸਲ ਪ੍ਰਧਾਨ ਇੰਦਰਪਾਲ ਸਿੰਘ ਰਾਜੂ ਸਤਿਆਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਅਤੇ ਹਲਕਾ ਰੂਪਨਗਰ ਵਿੱਚ ਵਿਧਾਇਕ ਦਿਨੇਸ਼ ਚੱਢਾ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।

ਇਸ ਮੌਕੇ ਨਿਸ਼ਾ ਚੱਢਾ ਨੇ ਕਿਹਾ ਕਿ ਵਿਧਾਇਕ ਦਿਨੇਸ਼ ਚੱਢਾ ਵੱਲੋਂ ਹਲਕੇ ਦੇ ਵਿਕਾਸ ਲਈ ਲਗਾਤਾਰ ਮਿਹਨਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੜਕਾਂ, ਬੁਨਿਆਦੀ ਢਾਂਚੇ, ਸਿੱਖਿਆ, ਸਿਹਤ ਅਤੇ ਲੋਕਾਂ ਦੀਆਂ ਰੋਜ਼ਾਨਾ ਜ਼ਰੂਰਤਾਂ ਨਾਲ ਸਬੰਧਤ ਮਾਮਲਿਆਂ ਨੂੰ ਤਰਜੀਹ ਦੇ ਕੇ ਹੱਲ ਕਰਵਾਉਣ ਲਈ ਵਿਧਾਇਕ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਦਿਨੇਸ਼ ਚੱਢਾ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਂਦੀਆਂ ਹਨ ਅਤੇ ਵਿਕਾਸ ਕਾਰਜਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇੰਦਰਪਾਲ ਸਿੰਘ ਰਾਜੂ ਸਤਿਆਲ ਨੇ ਕਿਹਾ ਕਿ ਵਿਧਾਇਕ ਦਿਨੇਸ਼ ਚੱਢਾ ਵੱਲੋਂ ਹਲਕੇ ਦੇ ਵਿਕਾਸ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਵਿਧਾਇਕ ਵੱਲੋਂ ਸ਼ਹਿਰ ਅਤੇ ਪਿੰਡਾਂ ਦੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਸਮਝਦਿਆਂ ਵਿਕਾਸ ਕਾਰਜਾਂ ਨੂੰ ਅੱਗੇ ਵਧਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਨਾਲ ਨਿਰੰਤਰ ਸੰਪਰਕ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਨਾ ਵਿਧਾਇਕ ਦੀ ਕਾਰਜਸ਼ੈਲੀ ਦਾ ਅਹਿਮ ਹਿੱਸਾ ਹੈ।

ਮੀਟਿੰਗ ਵਿੱਚ ਨਿਸ਼ਾ ਚੱਢਾ, ਰਾਜੂ ਸਤਿਆਲ, ਤਰਨਜੀਤ ਕੌਰ (ਐੱਮ.ਸੀ.), ਜਗਮੋਹਨ ਕੌਰ (ਐੱਮ.ਸੀ.), ਨੀਲਮ ਰਾਣੀ (ਹਲਕਾ ਇੰਚਾਰਜ ਮਹਿਲਾ ਵਿੰਗ), ਕਰਮਜੀਤ ਕੌਰ (ਹਲਕਾ ਵਾਈਸ ਇੰਚਾਰਜ ਮਹਿਲਾ ਵਿੰਗ), ਬਲਜਿੰਦਰ ਕੌਰ (ਹਲਕਾ ਵਾਈਸ ਇੰਚਾਰਜ ਮਹਿਲਾ ਵਿੰਗ), ਇਸ਼ੂ ਧਵਨ ਅਤੇ ਗੁਰਸਿਰਤ ਕੌਰ ਸਮੇਤ ਹੋਰ ਮਹਿਲਾਵਾਂ ਹਾਜ਼ਰ ਸਨ। ਮੀਟਿੰਗ ਦੌਰਾਨ ਇਲਾਕੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

# ਸਵੱਛਤਾ ਸੇਵਾ ਅਭਿਆਨ ਤਹਿਤ ਕਰਵਾਈ ਗਈ ਸਫ਼ਾਈ



**ਬਠਿੰਡਾ, 2 ਅਕਤੂਬਰ**
**-ਗੁਰਤੇਜ ਅਤਲਾ-**

ਸਵੱਛ, ਸੁੰਦਰ ਅਤੇ ਸਿਹਤਮੰਦ ਵਾਤਾਵਰਣ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਬਠਿੰਡਾ ਵੱਲੋਂ ਸਵੱਛਤਾ ਸੇਵਾ ਅਭਿਆਨ ਤਹਿਤ ਵਿਸ਼ੇਸ਼ ਸਫ਼ਾਈ ਮੁਹਿੰਮ ਤਹਿਤ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਬਠਿੰਡਾ ਅਤੇ ਆਲੇ-ਦੁਆਲੇ ਦੇ ਖੇਤਰ ਦੀ ਸਫ਼ਾਈ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਕੀਤੀ ਗਈ।

ਮੁਹਿੰਮ ਦੌਰਾਨ ਦਫ਼ਤਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਕੂੜਾ-ਕਰਕਟ ਹਟਾਇਆ ਗਿਆ ਅਤੇ ਸਫ਼ਾਈ ਵਿਵਸਥਾ ਨੂੰ ਸੁਚੱਜਾ ਬਣਾਇਆ ਗਿਆ। ਇਸ ਦੇ ਨਾਲ ਹੀ ਸਫ਼ਾਈ ਪ੍ਰਤੀ ਜਾਗਰੂਕਤਾ ਪੈਦਾ ਕਰਦਿਆਂ ਸਵੱਛਤਾ ਸਿਰਫ਼ ਮੁਹਿੰਮ ਨਹੀਂ, ਸਗੋਂ ਸਾਡੀ ਰੋਜ਼ਾਨਾ ਜ਼ਿੰਮੇਵਾਰੀ ਹੈ ਦਾ ਸੰਦੇਸ਼ ਦਿੱਤਾ ਗਿਆ।

ਇਸ ਮੌਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਦਿਲਪ੍ਰੀਤ ਸਿੰਘ ਕੰਗ ਨੇ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਨਾ ਸਿਰਫ਼ ਸਾਡੀ ਸਿਹਤ ਲਈ ਜ਼ਰੂਰੀ ਹੈ, ਬਲਕਿ ਇਹ ਇੱਕ ਜ਼ਿੰਮੇਵਾਰ ਅਤੇ ਜਾਗਰੂਕ ਸਮਾਜ ਦੀ ਪਹਿਚਾਣ ਵੀ ਹੈ। ਉਨ੍ਹਾਂ ਕਿਹਾ ਕਿ ਜੇਕਰ ਹਰ ਵਿਅਕਤੀ ਆਪਣੇ ਘਰ, ਦਫ਼ਤਰ ਅਤੇ ਆਲੇ-ਦੁਆਲੇ ਦੀ ਸਫ਼ਾਈ ਨੂੰ ਆਪਣੀ ਜ਼ਿੰਮੇਵਾਰੀ ਸਮਝੇ ਤਾਂ ਸਵੱਛਤਾ ਦੇ ਟੀਚੇ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਵੱਛਤਾ ਦੀ ਇਸ ਭਾਵਨਾ ਨੂੰ ਲਗਾਤਾਰ ਜਾਰੀ ਰੱਖਣ ਅਤੇ ਹੋਰਨਾਂ ਨੂੰ ਵੀ ਸਫ਼ਾਈ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ। ਸਵੱਛਤਾ ਸੇਵਾ ਅਭਿਆਨ ਰਾਹੀਂ ਸਾਫ਼ ਦਫ਼ਤਰ, ਸਾਫ਼ ਆਲੇ-ਦੁਆਲੇ ਅਤੇ ਸਿਹਤਮੰਦ ਸਮਾਜ ਦਾ ਸੁਨੇਹਾ ਦਿੱਤਾ ਗਿਆ।

# ਖੇਤੀਬਾੜੀ ਵਿਭਾਗ ਵੱਲੋਂ ਨਿਊ ਗੋਇਲ ਪੈਸਟੀਸਾਈਡ ਕੁਲਾਰਾਂ ਵਿਰੁੱਧ ਇੰਸੈਕਟੀਸਾਈਡ ਐਕਟ ਅਨੁਸਾਰ ਕੀਤੀ ਕਾਰਵਾਈ: ਮੁੱਖ ਖੇਤੀਬਾੜੀ ਅਫਸਰ, ਪਟਿਆਲਾ

**ਪਟਿਆਲਾ, 2 ਅਕਤੂਬਰ**
**-ਬਲਜੀਤ ਸਰਨਾ-**

ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਪਟਿਆਲਾ ਅਨੁਪ੍ਰਿਤਾ ਜੌਹਲ ਵੱਲੋਂ ਗਠਿਤ ਕੀਤੀ ਗਈ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਨਿਊ ਗੋਇਲ ਇੰਸੈਕਟੀਸਾਈਡ ਕੁਲਾਰਾਂ ਵਿਰੁੱਧ ਹਰਿਆਣਾ ਵਿਖੇ ਦਰਜ ਹੋਈ ਐਫ.ਆਈ.ਆਰ. ਦੇ ਅਧਾਰ ਤੇ ਇੰਸੈਕਟੀਸਾਈਡ ਐਕਟ-1968 ਅਤੇ ਇੰਸੈਕਟੀਸਾਈਡ ਰੂਲਜ 1971 ਅਨੁਸਾਰ ਕਾਰਵਾਈ ਕਰਦਿਆਂ ਦੁਕਾਨ ਨੂੰ ਸੀਲ ਕੀਤਾ ਗਿਆ।




ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਨੇ ਦੱਸਿਆ ਕਿ ਅਜੈ ਕੁਮਾਰ ਦੇ ਵਿਰੁੱਧ ਨਕਲੀ ਦਵਾਈਆਂ ਵੇਚਣ ਸਬੰਧੀ ਹਰਿਆਣਾ ਵਿਖੇ ਐਫ.ਆਈ.ਆਰ. ਦਰਜ ਹੋਈ ਸੀ ਜਿਸ ਤਹਿਤ ਮਿਤੀ 29 ਸਤੰਬਰ 2026 ਨੂੰ ਖੇਤੀਬਾੜੀ ਵਿਭਾਗ ਦੀ ਟੀਮ ਜਿਸ ਵਿੱਚ ਬਲਾਕ ਖੇਤੀਬਾੜੀ ਅਫਸਰ ਡਾ. ਸਤੀਸ਼ ਕੁਮਾਰ, ਖੇਤੀਬਾੜੀ ਵਿਕਾਸ ਅਫਸਰ ਡਾ. ਵਿਜੈ ਕੁਮਾਰ, ਡਾ. ਅਮਨਪ੍ਰੀਤ ਸਿੰਘ ਸੰਧੂ ਅਤੇ ਡਾ. ਰਸਪਿੰਦਰ ਸਿੰਘ ਵੱਲੋਂ ਸਾਂਝੇ ਤੌਰ ਤੇ ਦੁਕਾਨ ਤੇ ਛਾਪਾ ਮਾਰਿਆ ਗਿਆ ਅਤੇ ਦੱਸਿਆ ਕਿ ਮੌਕੇ ਉੱਪਰ ਦੁਕਾਨਦਾਰ ਮੌਜੂਦ ਨਾ ਹੋਣ ਕਾਰਨ ਉਸ ਦੀ ਦੁਕਾਨ ਇੰਸੈਕਟੀਸਾਈਡ ਇੰਸਪੈਕਟਰ ਡਾ. ਵਿਜੈ ਕੁਮਾਰ ਵੱਲੋਂ ਸੀਲ ਕਰ ਦਿੱਤੀ ਗਈ ਇਸ ਛਾਪੇ ਦੌਰਾਨ ਸੰਜੈਂਟਾ ਕੰਪਨੀ ਦੇ ਨੁਮਾਇੰਦੇ ਪ੍ਰੇਮ ਸ਼ਰਮਾ ਵੀ ਮੌਕੇ ਤੇ ਮੌਜੂਦ ਸਨ। ਡਾ. ਦਾਰਾ ਸਿੰਘ ਅਨੁਸਾਰ ਦੁਕਾਨ ਮਾਲਕ ਵੱਲੋਂ ਦੁਕਾਨ ਖੋਲਣ ਉਪਰੰਤ ਮੌਜੂਦ ਦਵਾਈਆਂ ਦੇ ਸੈਂਪਲ ਲਏ ਜਾਣਗੇ ਅਤੇ ਇੰਸੈਕਟੀਸਾਈਡ ਐਕਟ 1968 ਅਨੁਸਾਰ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਪਰਾਲੀ ਦੀ ਸਾਂਭ-ਸੰਭਾਲ ਲਈ ਆਧੁਨਿਕ ਖੇਤੀ ਮਸ਼ੀਨਾਂ 'ਤੇ ਐੱਸ.ਸੀ. ਕਿਸਾਨਾਂ ਨੂੰ ਮਿਲੇਗੀ 50 ਫੀਸਦੀ ਸਬਸਿਡੀ

**ਮਲੇਰਕੋਟਲਾ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਨੂੰ ਆਧੁਨਿਕ ਖੇਤੀ ਮਸ਼ੀਨਰੀ ਨਾਲ ਜੋੜਨ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਨਾਲ ਸਬੰਧਤ ਵੱਖ-ਵੱਖ ਮਸ਼ੀਨਾਂ ਉੱਪਰ ਸਬਸਿਡੀ ਮੁਹੱਈਆ ਕਰਵਾਉਣ ਲਈ ਅਨੁਸੂਚਿਤ ਜਾਤੀ (ਐੱਸ.ਸੀ.) ਨਾਲ ਸਬੰਧਤ ਵਿਅਕਤੀਗਤ ਕਿਸਾਨਾਂ ਤੋਂ ਮੁੜ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਯੋਗ ਐੱਸ.ਸੀ. ਕਿਸਾਨਾਂ ਨੂੰ ਸਕੀਮ ਦੀਆਂ ਹਦਾਇਤਾਂ ਅਨੁਸਾਰ ਪਰਾਲੀ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ 50 ਫੀਸਦੀ ਸਬਸਿਡੀ 'ਤੇ ਉਪਲਬਧ ਕਰਵਾਈਆਂ ਜਾਣਗੀਆਂ। ਕਿਸਾਨ ਇਸ ਸਕੀਮ ਤਹਿਤ agrimachinerypb.com ਆਨਲਾਈਨ ਪੋਰਟਲ ਰਾਹੀਂ ਵਿਅਕਤੀਗਤ ਕੰਪੋਨੈਂਟ ਅਧੀਨ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾ ਸਕਦੇ ਹਨ।

ਡਾ. ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਸਕੀਮ ਤਹਿਤ ਸੁਪਰ ਐੱਸ.ਐੱਮ.ਐੱਸ., ਹੈਪੀ ਸੀਡਰ, ਸੁਪਰ ਸੀਡਰ, ਜ਼ੀਰੋ ਟਿੱਲ ਡਰਿੱਲ, ਬੇਲਰ, ਰੇਕ, ਸਰਫੇਸ ਸੀਡਰ ਅਤੇ ਉਲਟਾਵੇਂ ਪਲਾਓ ਆਦਿ ਮਸ਼ੀਨਾਂ ਲਈ ਅਰਜ਼ੀਆਂ ਦਿੱਤੀਆਂ ਜਾ ਸਕਦੀਆਂ ਹਨ। ਸਬਸਿਡੀ ਦੀ ਦਰ ਅਤੇ ਹੋਰ ਸ਼ਰਤਾਂ ਸਕੀਮ ਦੀਆਂ ਨਿਰਧਾਰਤ ਗਾਈਡਲਾਈਨਾਂ ਅਨੁਸਾਰ ਲਾਗੂ ਹੋਣਗੀਆਂ।

ਉਨ੍ਹਾਂ ਦੱਸਿਆ ਕਿ ਅਰਜ਼ੀਆਂ ਦੀ ਚੋਣ ਅਪਲਾਈ ਕਰਨ ਦੀ ਮਿਤੀ ਦੀ ਤਰਜੀਹ ਦੇ ਆਧਾਰ 'ਤੇ ਕੀਤੀ ਜਾਵੇਗੀ। ਝੋਨੇ ਦੀ ਵਾਢੀ ਦੇ ਸੀਜ਼ਨ ਦੌਰਾਨ ਸਕੀਮ ਅਧੀਨ ਉਪਲਬਧ ਫੰਡਾਂ ਦੇ ਅਨੁਸਾਰ 'ਪਹਿਲਾਂ ਆਓ, ਪਹਿਲਾਂ ਪਾਓ' ਦੇ ਆਧਾਰ 'ਤੇ ਯੋਗ ਅਰਜ਼ੀਕਾਰਾਂ ਨੂੰ ਮਨਜ਼ੂਰੀ ਦਿੱਤੀ ਜਾਵੇਗੀ।

ਮੁੱਖ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਮਸ਼ੀਨਰੀ ਦੀ ਵਰਤੋਂ ਕਰਕੇ ਇਸ ਦਾ ਖੇਤ ਵਿੱਚ ਹੀ ਸੁਚੱਜਾ ਪ੍ਰਬੰਧਨ ਕਰਨ।

# ਪੰਜਾਬ ਖੇਡ ਯੂਨੀਵਰਸਿਟੀ ਨੇ ਬਜ਼ੁਰਗਾਂ ਦੀ ਸਾਂਭ-ਸੰਭਾਲ ਦਾ ਸਮਾਜ ਨੂੰ ਦਿੱਤਾ ਨਿਵੇਕਲਾ ਸੁਨੇਹਾ: ਉਲੰਪੀਅਨ ਡਾ. ਰੂਪਾ ਸੈਣੀ



**ਪਟਿਆਲਾ, 2 ਅਕਤੂਬਰ**
**-ਬਲਜੀਤ ਸਰਨਾ-**

ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਵੱਲੋਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ 21 ਸਤੰਬਰ ਤੋਂ 30 ਸਤੰਬਰ ਤੱਕ ਬਜ਼ੁਰਗਾਂ ਦੀ ਤੰਦਰੁਸਤੀ ਲਈ 10 ਰੋਜ਼ਾ ਕੈਂਪ ਸਫਲਤਾਪੂਰਵਕ ਸੰਪੰਨ ਹੋ ਗਿਆ ਹੈ। ਖੇਡ ਯੂਨੀਵਰਸਿਟੀ ਨੇ ਇਸ ਕੈਂਪ ਜ਼ਰੀਏ ਬਜ਼ੁਰਗਾਂ ਦੀ ਸਾਂਭ-ਸੰਭਾਲ ਦਾ ਨਿਵੇਕਲਾ ਸੁਨੇਹਾ ਪੂਰੇ ਸਮਾਜ ਨੂੰ ਦਿੱਤਾ ਹੈ। ਇਸ ਕੈਂਪ ਦੇ ਵਿਦਾਇਗੀ ਸਮਾਰੋਹ ਵਿਚ ਹਾਕੀ ਉਲੰਪੀਅਨ ਡਾ. ਰੂਪਾ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕਿਹਾ ਕਿ ਅਸੀਂ ਬਜ਼ੁਰਗਾਂ ਦੀ ਸਿਹਤ ਅਤੇ ਮਾਨਸਿਕ ਸਮੱਸਿਆਵਾਂ ਨੂੰ ਧਿਆਨ ਵਿਚ ਰੱਖਦਿਆ ਇਹ ਕੈਂਪ ਦਾ ਲਗਾਇਆ ਸੀ। ਅੱਜ ਦੇ ਸਮੇਂ ਬਜ਼ੁਰਗਾਂ ਨੂੰ ਸਭ ਤੋਂ ਵੱਧ ਅੱਖੋਂ-ਪਰੋਖੇ ਕੀਤਾ ਜਾਂਦਾ ਹੈ। ਪਰਿਵਾਰਾਂ ਵਿਚ ਜਿਹੜੀ ਪੁੱਛ-ਪੜਤਾਲ ਬਜ਼ੁਰਗਾਂ ਦੀ ਹੋਣੀ ਚਾਹੀਦੀ ਹੈ, ਉਹ ਨਹੀਂ ਹੋ ਰਹੀ ਸਗੋਂ ਉਹਨਾਂ ਨੂੰ ਵਾਧੂ ਪਈ ਵਸਤੂ ਵਜੋਂ ਦੇਖਿਆ ਜਾ ਰਿਹਾ ਹੈ ਜਿਹੜੀ ਸਾਡੇ ਸਮਾਜ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡਾ ਸਰਮਾਇਆ ਹਨ। ਉਹਨਾਂ ਦੇ ਸਾਰੀ ਉਮਰ ਦੇ ਤਜ਼ਰਬੇ, ਉਹਨਾਂ ਦਾ ਨਜ਼ਰੀਆ ਸਾਡੇ ਲਈ ਖਜ਼ਾਨੇ ਦਾ ਕੰਮ ਕਰ ਸਕਦਾ ਹੈ। ਜਿਹੜੀਆਂ ਗੱਲਾਂ ਅਸੀਂ ਉਹਨਾਂ ਦੀ ਜ਼ਿੰਦਗੀ ਦੇ ਤਜ਼ਰਬੇ ਸਾਂਝੇ ਕਰਕੇ ਸਿੱਖ ਸਕਦੇ ਹਾਂ, ਉਹ ਕਿਸੇ ਕਿਤਾਬ ਵਿਚੋਂ ਨਹੀਂ ਸਿੱਖੇ ਜਾ ਸਕਦੇ। ਇਸ ਮੌਕੇ ਡਾ. ਰੂਪਾ ਸੈਣੀ ਨੇ ਕਿਹਾ ਕਿ ਅਜੋਕੇ ਸਮੇਂ ਵਿਚ ਸਾਡਾ ਸਮਾਜ ਕੁਰਾਹੇ ਪਿਆ ਹੋਇਆ ਹੈ, ਇਸ ਵਿਚ ਬਜ਼ੁਰਗਾਂ ਦੀ ਬੇਕਦਰੀ ਤੇ ਨਿਰਾਦਰ ਆਮ ਵਰਤਾਰਾ ਹੈ, ਜਿਆਦਾਤਰ ਘਰਾਂ ਵਿਚ ਔਲਾਦ ਬੁਢਾਪੇ ਸਮੇਂ ਆਪਣੇ ਮਾਂ-ਬਾਪ ਤੋਂ ਕਿਨਾਰਾ ਕਰਨ ਲੱਗ ਪਈ ਹੈ। ਉਹਨਾਂ ਕਿਹਾ ਕਿ ਮੈਂ ਖੇਡ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਗਿੱਲ ਨੂੰ ਇਸ ਨੇਕ ਉਪਰਾਲੇ ਲਈ ਵਧਾਈ ਦਿੰਦੀ ਹਾਂ। ਉਹਨਾਂ ਦੀ ਦੂਰ ਅੰਦੇਸ਼ੀ ਸਦਕਾ ਇਕ ਚੰਗਾ ਸੁਨੇਹਾ ਸਮਾਜ ਵਿਚ ਜਾ ਸਕਿਆ ਹੈ ਅਤੇ ਬਜ਼ੁਰਗਾਂ ਦਾ ਆਸ਼ੀਰਵਾਦ ਵੀ ਇਸ ਯੂਨੀਵਰਸਿਟੀ ਨੂੰ ਮਿਲ ਸਕਿਆ ਹੈ। ਵਿਦਾਇਗੀ ਸਮਾਰੋਹ ਦੌਰਾਨ ਬਜ਼ੁਰਗ ਆਪਣੇ ਕੈਂਪ ਦੇ ਅਨੁਭਵ ਸਾਂਝੇ ਕਰਦਿਆ ਕਾਫੀ ਖੁਸ਼ ਅਤੇ ਉਤਸ਼ਾਹਿਤ ਨਜ਼ਰ ਆਏ। ਅੰਤ ਵਿਚ ਸਾਰੇ ਬਜ਼ੁਰਗਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਡਾ. ਗਿੱਲ ਨੇ ਦੱਸਿਆ ਕਿ ਇਸ ਕੈਂਪ ਵਿੱਚ 110 ਦੀ ਗਿਣਤੀ ਵਿੱਚ ਬਜ਼ੁਰਗ ਨੇ ਭਾਗ ਲਿਆ। 10 ਦਿਨਾਂ ਦੌਰਾਨ ਸਾਡੇ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਵੱਲੋਂ ਬਜ਼ੁਰਗਾਂ ਨੂੰ ਰੋਜ਼ਾਨਾ ਦੀਆਂ ਡਾਇਲਿਸਿਸ, ਬਲੱਡ ਪ੍ਰੈਸ਼ਰ, ਸ਼ੂਗਰ, ਕਿਸੇ ਵੀ ਤਰ੍ਹਾਂ ਦੀ ਸਰਜਰੀ ਆਦਿ ਵੱਖ-ਵੱਖ ਬਿਮਾਰੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਦੀ ਸੁਵਿਧਾ ਅਤੇ ਲੋੜ ਅਨੁਸਾਰ ਖਾਣ-ਪੀਣ ਦੀਆਂ ਆਦਤਾਂ ਨੂੰ ਨਿਰਧਾਰਤ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਬਜ਼ੁਰਗਾਂ ਦੇ ਮਾਨਸਿਕ ਤਣਾਅ ਅਤੇ ਇਕੱਲੇਪਣ ਨੂੰ ਘੱਟ ਕਰਨ ਲਈ ਕੌਂਸਲਰਾਂ ਦੀ ਟੀਮ ਨੇ ਲੋੜੀਂਦੀ ਕੌਂਸਲਿੰਗ ਕਰਕੇ ਖੇਡਾਂ ਦੀਆਂ ਰਚਨਾਤਮਕ ਕ੍ਰਿਆਵਾਂ ਵੀ ਕਰਵਾਈਆਂ।

# ਗੈਸ ਏਜੰਸੀ ਵਰਕਰਜ਼ ਯੂਨੀਅਨ ਇਫਟੂ ਪਟਿਆਲਾ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ



**ਪਟਿਆਲਾ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਰਿੰਦਰਾ ਗੈਸ ਸਰਵਿਸ ਐਸ.ਐਸ.ਟੀ. ਨਗਰ ਪਟਿਆਲਾ ਵਿਖੇ ਪਿਛਲੇ 15—20 ਸਾਲਾਂ ਤੋਂ ਲਗਾਤਾਰ ਪੱਕੇ ਕੰਮ ਕਰ ਰਹੇ ਵਰਕਰਾਂ ਨੂੰ ਨਵੀਂ ਆਈ ਏਜੰਸੀ ਮਾਲਕ ਵਲੋਂ ਜਿਸਦੀ ਸਰਕਾਰੇ ਦਰਬਾਰੇ ਪਹੁੰਚ ਹੈ, ਆਪਣੇ ਦਦਫਤਰ ਬੈਠਦੇ ਸਾਰ ਹੀ ਏਜੰਸੀ ਦੇ ਵਰਕਰਾਂ ਨੂੰ ਬੁਲਾ ਕੇ ਦਬਕਾ ਮਾਰਿਆ ਕਿ ਮੈਂ ਚੰਡੀਗੜ੍ਹ (ਪੰਚਕੂਲੇ) ਤੋਂ ਆਈ ਹਾਂ। ਮੇਰੇ ਕੋਲ ਪੰਚਕੂਲੇ ਵਿੱਚ ਤਿੰਨ—ਚਾਰ ਗੈਸ ਏਜੰਸੀਆਂ ਹਨ। ਮੈਂ ਵਰਕਰਾਂ ਨੂੰ ਤਨਖਾਹ ਨਹੀਂ ਦਿੰਦੀ ਹਾਂ। ਵਰਕਰਾਂ ਨੂੰ ਤਨਖਾਹ ਦੇਣੀ ਬੰਦ ਕਰ ਦਿੱਤੀ ਹੈ ਤੇ ਕਿਹਾ ਕਿ ਮੈਨੂੰ ਪਤਾ ਲੱਗਿਆ ਕਿ ਤੁਸੀਂ ਯੂਨੀਅਨ ਦੇ ਮੈਂਬਰ ਹੋ ਤੇ ਯੂਨੀਅਨ ਦੇ ਸਰਗਰਮੀ ਵਿੱਚ ਭਾਗ ਲੈਂਦੇ ਹੋ। ਮੈਂ ਤੁਹਾਨੂੰ ਬੰਦਾ ਬਣਾਉਂਦੀ ਹਾਂ। ਜੇਕਰ ਤੁਸੀਂ ਮੇਰੇ ਕੋਲ ਕੰਮ ਕਰਨਾ ਹੈ ਤਾਂ ਪਹਿਲੀ ਗੱਲ ਇਹ ਹੈ ਕਿ ਤੁਸੀਂ ਲਿਖਕੇ ਦਿਓ ਕਿ ਅਸੀ ਜਥੇਬੰਦੀ ਦੇ ਮੈਂਬਰ ਨਹੀਂ ਹਾਂ। ਦੂਜੀ ਗੱਲ ਇਹ ਹੈ ਕਿ ਮੇਰੇ ਵੱਲੋਂ ਲੋਕਾਂ ਦੇ ਗੈਸ ਸਲੰਡਰਾਂ ਵਿਚੋਂ ਚੋਰੀ ਨਾਲ ਗੈਸ ਕੱਢਕੇ ਸਲੰਡਰ ਲੋਕਾਂ ਨੂੰ ਦੇਣੇ ਹਨ। ਜਦੋਂ ਇਹ ਗੱਲ ਵਰਕਰਾਂ ਵਲੋਂ ਆਪਣੀ ਯੂਨੀਅਨ ਦੇ ਧਿਆਨ ਵਿੱਚ ਲਿਆਦੀ ਤਾਂ ਜ਼ਬਾਨੀ ਤੌਰ ਤੇ ਬੋਲ ਕੇ ਵਰਕਰਾਂ ਨੂੰ ਕੰਮ ਤੋਂ ਛੁੱਟੀ ਕਰ ਦਿੱਤੀ ਗਈ ਤੇ ਕਿਹਾ ਗਿਆ ਕਿ ਤਨਖਾਹਾਂ ਵੀ ਯੂਨੀਅਨ ਕੋਲ ਜਾ ਕੇ ਲੈ ਲਵੋ। ਉਪਰੋਕਤ ਮਸਲੇ ਸਬੰਧੀ ਯੂਨੀਅਨ ਦੇ ਆਗੂ ਮਿਤੀ 29—09—2026 ਨੂੰ ਏਜੰਸੀ ਦੇ ਮਾਲਕ ਨੂੰ ਮਿਲਣ ਦੇ ਲਈ ਏਜੰਸੀ ਦਫਤਰ ਗਏ ਤਾਂ ਪਹਿਲਾਂ ਤੋਂ ਹੀ 20 ਬੰਦੇ ਅਣਪਛਾਤੇ ਦਫਤਰ ਅੰਦਰ ਬੈਠੇ ਸੀ। ਮਾਲਕ ਵਲੋਂ ਉਨ੍ਹਾਂ ਵੀਹ ਬੰਦਿਆਂ ਨੂੰ ਆਗੂਆਂ ਦੇ ਗੱਲ ਪਵਾ ਕੇ ਆਪ ਵੀ ਦਫਤਰ ਤੋਂ ਬਾਹਰ ਆਕੇ ਉਚੀ ਉਚੀ ਬੋਲਕੇ ਡਰਾਉਣ ਦੀ ਕੋਸ਼ਿਸ਼ ਕੀਤੀ ਅਤੇ ਕਿਹਾ ਕਿ ਪਤਾ ਨਹੀਂ ਕਿੱਥੇ—ਕਿੱਥੋਂ ਚਲੇ ਆਉਂਦੇ ਹਨ ਭੁੱਖੇ ਨੰਗੇ ਭਜ ਜਾਓ ਇੱਥੋਂ ਮੈਂ ਕੋਈ ਗੱਲ ਨਹੀਂ ਕਰਨੀ ਤੁਹਾਡੇ ਨਾਲ, ਨਹੀ ਤਾਂ ਪੁਲਿਸ ਬੁਲਾਕੇ ਤੁਹਾਡੇ ਪਿਛਵਾੜੇ ਗਰਮ ਕਰਵਾਉਂਦੀ ਹਾਂ ਅਤੇ ਨਾਲੇ ਅੰਦਰ ਕਰਾਉਂਗੀ।

ਸੋ ਜਿਲਾ ਕਮੇਟੀ ਮਜਬੂਰ ਹੋ ਕੇ ਆਪਣੀ ਜਿਲਾ ਕਮੇਟੀ ਦੀ ਮੀਟਿੰਗ ਬੁਲਾਕੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਜਿਲਾ ਪ੍ਰਧਾਨ ਬਲਜਿੰਦਰ ਸਿੰਘ ਲੱਖੋਮਾਜਰਾ ਨੇ ਕੀਤੀ। ਮੀਟਿੰਗ ਵਿੱਚ ਜਿਲਾ ਸਕੱਤਰ ਸੁਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ, ਵਿੱਤ ਸਕੱਤਰ ਅਵਤਾਰ ਸਿੰਘ ਨੰਦਪੁਰ ਕੇਸ਼ੋ, ਪ੍ਰੈਸ ਸਕੱਤਰ ਸਤਗੁਰ ਨਾਭਾ ਅਤੇ ਏਜੰਸੀਆਂ ਦੇ ਪ੍ਰਧਾਨ ਜਰਨੈਲ ਸਿੰਘ ਧੀਰਜ ਕੁਮਾਰ, ਕੇਸਰ ਸਿੰਘ, ਮਨਜੀਤ ਸਿੰਘ ਜੱਸੀ, ਸੋਨੀ, ਜ਼ਸਵੀਰ ਸਿੰਘ, ਰਘਬੀਰ ਸਿੰਘ ਨਾਭਾ, ਇਸ ਤੋਂ ਇਲਾਵਾ ਉਚੇਚੇ ਤੌਰ ਤੇ ਜਥੇਬੰਦੀਆਂ ਦੇ ਸਰਪ੍ਰਸਤ ਸੂਬਾ ਆਗੂ ਸ੍ਰੀ ਨਾਥ ਪਟਿਆਲਾ ਹਾਜਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਘਰ-ਘਰ ਜਾਗਰੂਕਤਾ ਮੁਹਿੰਮ ਜਾਰੀ

**ਸ੍ਰੀ ਅਨੰਦਪੁਰ ਸਾਹਿਬ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਘਰ-ਘਰ ਜਾ ਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸ ਮੁਹਿੰਮ ਤਹਿਤ ਵਿਲੇਜ਼ ਡਿਫੈਂਸ ਕਮੇਟੀਆਂ, ਵਾਰਡ ਡਿਫੈਂਸ ਕਮੇਟੀਆਂ ਅਤੇ ਕੋਆਰਡੀਨੇਟਰਾਂ ਵੱਲੋਂ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਅੱਜ ਛੋਟੀ ਝੱਖੀਆਂ, ਬੜਾ ਪਿੰਡ, ਟੱਪਰੀਆਂ ਬੜਾ ਪਿੰਡ, ਬੜਾ ਪਿੰਡ ਅੱਪਰ, ਢੇਲਾਵਾੜ ਬਾਸ, ਸ਼ਾਹਪੁਰ ਬੇਲਾ, ਜੀ.ਪੀ. ਪੱਟੀ ਅੱਪਰ, ਪੱਟੀ ਲੋਅਰ, ਪੱਟੀ, ਡੁਕਲੀ ਸਮੇਤ ਵਾਰਡ ਨੰਬਰ 3 ਅਤੇ ਵਾਰਡ ਨੰਬਰ 4 ਨੰਗਲ ਵਿੱਚ ਘਰ-ਘਰ ਪਹੁੰਚ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ ਗਈ। ਕਮੇਟੀਆਂ ਦੇ ਨੁਮਾਇੰਦਿਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਖਾਤਮੇ ਲਈ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦਾ ਸਾਥ ਦਿੱਤਾ ਜਾਵੇ ਅਤੇ ਜੇਕਰ ਇਲਾਕੇ ਵਿੱਚ ਨਸ਼ਿਆਂ ਦੀ ਵਿਕਰੀ ਜਾਂ ਤਸਕਰੀ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦੀ ਜਾਵੇ।

ਇਸ ਮੌਕੇ 'ਯੁੱਧ ਨਸ਼ਿਆਂ ਵਿਰੁੱਧ' ਦੇ ਉਪ ਪ੍ਰਧਾਨ ਮੋਹਿਤ ਦੀਵਾਨ ਨੇ ਕਿਹਾ ਕਿ ਨਸ਼ਿਆਂ ਦੀ ਲਤ ਦਾ ਸ਼ਿਕਾਰ ਹੋ ਚੁੱਕੇ ਨੌਜਵਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਇਲਾਜ ਲਈ ਭੇਜਿਆ ਜਾਣਾ ਚਾਹੀਦਾ ਹੈ, ਤਾਂ ਜੋ ਉਹ ਨਸ਼ਿਆਂ ਤੋਂ ਮੁਕਤ ਹੋ ਕੇ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਬਤੀਤ ਕਰ ਸਕਣ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਪਰਿਵਾਰਾਂ ਅਤੇ ਆਮ ਲੋਕਾਂ ਦੀ ਭੂਮਿਕਾ ਬਹੁਤ ਅਹਿਮ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ।

ਮੋਹਿਤ ਦੀਵਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਦੇ ਨਸ਼ਿਆਂ ਨਾਲ ਸਬੰਧਤ ਜਾਣਕਾਰੀ ਸਬੰਧਤ ਪੁਲਿਸ ਸਟੇਸ਼ਨ ਜਾਂ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪ੍ਰਾਪਤ ਹੋਣ ਵਾਲੀ ਨਸ਼ਿਆਂ ਸਬੰਧੀ ਜਾਣਕਾਰੀ ਨੂੰ ਗੁਪਤ ਰੱਖਣ ਅਤੇ ਉਸ 'ਤੇ ਢੁਕਵੀਂ ਕਾਰਵਾਈ ਕਰਨ ਲਈ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਪੁਲਿਸ ਪੈਟਰੋਲਿੰਗ ਵਧਾਉਣ ਅਤੇ ਨਸ਼ਾ ਤਸਕਰਾਂ ਤੇ ਨਸ਼ੇ ਵੇਚਣ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਵਿੱਚ ਹੋਰ ਤੇਜ਼ੀ ਲਿਆਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

ਇਹ ਮੁਹਿੰਮ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਈ ਜਾ ਰਹੀ ਹੈ। ਇਸ ਤਹਿਤ ਐਸ.ਡੀ.ਐਮ. ਨੰਗਲ ਸਚਿਨ ਪਾਠਕ, ਐਸ.ਡੀ.ਐਮ. ਸ੍ਰੀ ਅਨੰਦਪੁਰ ਸਾਹਿਬ ਸੁਖਪਾਲ ਸਿੰਘ, ਡੀ.ਐਸ.ਪੀ. ਸ੍ਰੀ ਅਨੰਦਪੁਰ ਸਾਹਿਬ ਜਸ਼ਨਦੀਪ ਸਿੰਘ ਅਤੇ ਡੀ.ਐਸ.ਪੀ. ਨੰਗਲ ਨਵੀਲਪਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵੱਖ-ਵੱਖ ਖੇਤਰਾਂ ਵਿੱਚ ਜਾਗਰੂਕਤਾ ਕੈਂਪ ਅਤੇ ਘਰ-ਘਰ ਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ। ਕਮੇਟੀਆਂ ਵੱਲੋਂ ਲੋਕਾਂ ਨੂੰ ਨਾਲ ਜੋੜਦਿਆਂ ਨਸ਼ਿਆਂ ਵਿਰੁੱਧ ਸਮੂਹਿਕ ਲੜਾਈ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

### ਜ਼ਿਲ੍ਹਾ ਪੱਧਰੀ ਕਿਸਾਨ ਮੇਲਾ 7 ਨੂੰ : ਮੁੱਖ ਖੇਤੀਬਾੜੀ ਅ਼ਫਸਰ

**ਬਠਿੰਡਾ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਾੜ੍ਹੀ 2026-27 ਦੀਆਂ ਫਸਲਾਂ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦੇਣ ਅਤੇ ਪਰਾਲੀ ਪ੍ਰਬੰਧਨ ਲਈ ਆਤਮਾ ਸਕੀਮ ਹੇਠ ਜ਼ਿਲ੍ਹਾ ਪੱਧਰ ਦਾ ਕਿਸਾਨ ਮੇਲਾ ਬਲਵੰਤ ਗਾਰਗੀ ਆਡੀਟੋਰੀਅਮ ਹਾਲ, ਬਠਿੰਡਾ ਵਿਖੇ 7 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਲਗਾਇਆ ਜਾਵੇਗਾ। ਕਿਸਾਨ ਮੇਲੇ ਵਿੱਚ ਖੁੱਡੀਆਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

# ਫੂਡ ਸੇਫਟੀ ਟੀਮ ਵੱਲੋਂ ਸਵੇਰੇ 5 ਵਜੇ ਨਾਕਾ- ਦੁੱਧ ਤੋਂ ਬਣੇ ਉਤਪਾਦਾਂ ਦੇ 3 ਸੈਂਪਲ ਲਏ



**ਪਟਿਆਲਾ, 2 ਅਕਤੂਬਰ**
**-ਛਤਰਪਾਲ ਸਿੰਘ-**

ਫੂਡ ਸੇਫਟੀ ਵਿਭਾਗ, ਪਟਿਆਲਾ ਦੀ ਟੀਮ ਨੇ ਅੱਜ ਸਵੇਰੇ ਕਰੀਬ 5 ਵਜੇ ਨਾਭਾ ਵਿਖੇ ਨਾਕਾ ਲਗਾ ਕੇ ਖਾਧ ਪਦਾਰਥਾਂ ਦੀ ਚੈਕਿੰਗ ਕੀਤੀ। ਇਸ ਦੌਰਾਨ ਦੁੱਧ ਤੋਂ ਬਣੇ ਉਤਪਾਦਾਂ ਦੇ 3 ਸੈਂਪਲ ਲਏ ਗਏ, ਜਿਨ੍ਹਾਂ ਨੂੰ ਵਿਸ਼ਲੇਸ਼ਣ ਲਈ ਲੈਬਾਰਟਰੀ ਭੇਜ ਦਿੱਤਾ ਗਿਆ ਹੈ। ਸੈਂਪਲਾਂ ਦੀ ਰਿਪੋਰਟ ਪ੍ਰਾਪਤ ਹੋਣ ਉਪਰੰਤ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।

ਜ਼ਿਲ੍ਹਾ ਫੂਡ ਸੇਫਟੀ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਤੋਂ ਇਲਾਵਾ, ਫੂਡ ਸੇਫਟੀ ਵਿਭਾਗ ਵੱਲੋਂ ਮਿਤੀ 23 ਸਤੰਬਰ 2026 ਨੂੰ ਲਏ ਗਏ ਪਨੀਰ ਦੇ ਸੈਂਪਲ ਦੀ ਜਾਂਚ ਦੌਰਾਨ ਨਾਨ-ਕਨਫਰਮਿੰਗ ਨੂੰ ਪਾਇਆ ਗਿਆ। ਇਸ ਅਸੁਰੱਖਿਅਤ 547 ਕਿੱਲੋ ਪਨੀਰ ਨੂੰ ਅੱਜ ਏਐਸਆਈ ਬਲਵਿੰਦਰ ਸਿੰਘ ਦੀ ਮੌਜੂਦਗੀ ਵਿੱਚ ਨਿਯਮਾਂ ਅਨੁਸਾਰ ਨਸ਼ਟ ਕਰਵਾਇਆ ਗਿਆ।

ਫੂਡ ਸੇਫਟੀ ਵਿਭਾਗ ਨੇ ਜ਼ਿਲ੍ਹਾ ਪਟਿਆਲਾ ਦੇ ਸਮੂਹ ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਵੈਂਡਰਾਂ ਜਾਂ ਸਪਲਾਇਰਾਂ ਤੋਂ ਪਨੀਰ ਅਤੇ ਹੋਰ ਦੁੱਧ ਤੋਂ ਬਣੇ ਉਤਪਾਦ ਨਾ ਖਰੀਦਣ ਜੋ ਬਿੱਲ/ਰਸੀਦ ਮੁਹੱਈਆ ਨਹੀਂ ਕਰਵਾਉਂਦੇ।

ਫੂਡ ਸੇਫਟੀ ਅਫਸਰ ਨੇ ਕਿਹਾ ਕਿ ਖਪਤਕਾਰਾਂ ਅਤੇ ਦੁਕਾਨਦਾਰਾਂ ਨੂੰ ਇਹ ਵੀ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਹ ਜੋ ਦੁੱਧ ਉਤਪਾਦ ਖਰੀਦ ਰਹੇ ਹਨ, ਉਸ ਦਾ ਸਰੋਤ, ਸਪਲਾਇਰ ਅਤੇ ਵਿਕਰੇਤਾ ਦੀ ਜਾਣਕਾਰੀ ਉਨ੍ਹਾਂ ਕੋਲ ਮੌਜੂਦ ਹੋਵੇ। ਖਰੀਦ ਸਮੇਂ ਬਿੱਲ/ਰਸੀਦ ਜ਼ਰੂਰ ਲਈ ਜਾਵੇ ਅਤੇ ਉਸ ਦਾ ਰਿਕਾਰਡ ਸੰਭਾਲ ਕੇ ਰੱਖਿਆ ਜਾਵੇ, ਤਾਂ ਜੋ ਦੁੱਧ ਉਤਪਾਦਾਂ ਦੀ ਲੱਭਣਾ ਯਕੀਨੀ ਬਣਾਈ ਜਾ ਸਕੇ।

ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਵਿਭਾਗ ਵੱਲੋਂ ਦੁੱਧ ਅਤੇ ਦੁੱਧ ਤੋਂ ਬਣੇ ਉਤਪਾਦਾਂ ਦੀ ਗੁਣਵੱਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਚੈਕਿੰਗ ਅਤੇ ਸੈਂਪਲਿੰਗ ਦੀ ਕਾਰਵਾਈ ਲਗਾਤਾਰ ਜਾਰੀ ਰਹੇਗੀ। ਆਮ ਜਨਤਾ ਨੂੰ ਅਪੀਲ ਹੈ ਕਿ ਉਹ ਬਿਨਾਂ ਬਿੱਲ ਵਾਲੇ ਜਾਂ ਸ਼ੱਕੀ ਸਰੋਤ ਤੋਂ ਮਿਲਣ ਵਾਲੇ ਖਾਧ ਪਦਾਰਥ ਖਰੀਦਣ ਤੋਂ ਗੁਰੇਜ਼ ਕਰਨ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਫੂਡ ਸੇਫਟੀ ਵਿਭਾਗ ਨੂੰ ਸੂਚਿਤ ਕਰਨ।

# ਪਟਿਆਲਾ ਜ਼ਿਲ੍ਹੇ ਨੇ ਐਸ ਆਈ ਆਰ 2026 ਦਾ 100 ਫੀਸਦੀ ਕੰਮ ਮੁਕੰਮਲ ਕੀਤਾ: ਡਾ. ਹਿਮਾਂਸ਼ੂ ਅਗਰਵਾਲ



**ਪਟਿਆਲਾ, 2 ਅਕਤੂਬਰ**
**-ਛਤਰਪਾਲ ਸਿੰਘ-**

ਭਾਰਤ ਦੇ ਚੋਣ ਕਮਿਸ਼ਨ ਵੱਲੋਂ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ ਆਈ ਆਰ) ਦਾ ਕੰਮ ਪੂਰੇ ਪਟਿਆਲਾ ਜ਼ਿਲ੍ਹੇ ਵਿੱਚ 100 ਫੀਸਦੀ ਮੁਕੰਮਲ ਹੋ ਗਿਆ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ, ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ 8 ਵਿਧਾਨ ਸਭਾ ਹਲਕਿਆਂ—109 ਨਾਭਾ (ਐਸ.ਸੀ.), 110 ਪਟਿਆਲਾ ਦਿਹਾਤੀ, 111 ਰਾਜਪੁਰਾ, 113 ਘਨੌਰ, 114 ਸਨੌਰ, 115 ਪਟਿਆਲਾ, 116 ਸਮਾਣਾ ਅਤੇ 117 ਸ਼ੁਤਰਾਣਾ (ਐਸ.ਸੀ.)—ਨੇ ਐਸ ਆਈ ਆਰ 2026 ਦੀ ਪ੍ਰਕਿਰਿਆ 100 ਫੀਸਦੀ ਪੂਰੀ ਕਰ ਲਈ ਹੈ।

ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਅਤੇ ਵੋਟਰ ਸੂਚੀ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਤੇ ਸ਼ੰਕਿਆਂ ਦੇ ਨਿਪਟਾਰੇ ਲਈ ਜ਼ਿਲ੍ਹਾ ਚੋਣ ਅਫ਼ਸਰ, ਪਟਿਆਲਾ ਦੇ ਦਫ਼ਤਰ (ਮਿੰਨੀ ਸਕੱਤਰੇਤ, ਬਲਾਕ-ਏ, ਕਮਰਾ ਨੰਬਰ 320) ਤੋਂ ਇਲਾਵਾ ਜ਼ਿਲ੍ਹੇ ਭਰ ਵਿੱਚ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼) ਦੇ ਦਫ਼ਤਰਾਂ ਵਿਖੇ 'ਹੈਲਪ ਡੈਸਕ' ਵੀ ਸਥਾਪਿਤ ਕੀਤੇ ਗਏ ਹਨ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਚੋਣ ਅਫ਼ਸਰ ਦੇ ਦਫ਼ਤਰ ਅਤੇ ਈ.ਆਰ.ਓਜ਼ ਦਫ਼ਤਰਾਂ ਵਿੱਚ ਤਾਇਨਾਤ ਸਮੁੱਚਾ ਚੋਣ ਅਮਲਾ ਇਸ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਲਗਾਤਾਰ ਯਤਨਸ਼ੀਲ ਰਿਹਾ ਹੈ।

ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਸੂਚੀਆਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ, ਸਵਾਲ ਜਾਂ ਸ਼ੰਕੇ ਦੀ ਸਥਿਤੀ ਵਿੱਚ ਸਥਾਪਿਤ ਕੀਤੇ ਗਏ ਹੈਲਪ ਡੈਸਕਾਂ ਨਾਲ ਸੰਪਰਕ ਕਰਨ ਅਤੇ ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਵਿੱਚ ਸਹਿਯੋਗ ਦੇਣ।

# ਮਾਛੀਵਾੜਾ ਅਨਾਜ ਮੰਡੀ 'ਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ



**ਮਾਛੀਵਾੜਾ ਸਾਹਿਬ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਅਨਾਜ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਗਈ ਹੈ ਅਤੇ ਅੱਜ ਅਨਾਜ ਮੰਡੀ ਵਿਖੇ ਕਰਤਾਰ ਸਿੰਘ ਅਮਰੀਕ ਸਿੰਘ ਕਾਹਲੋਂ ਐਂਡ ਸੰਨਜ਼ ਦੀ ਦੁਕਾਨ ਤੋਂ ਕਿਸਾਨ ਗਗਨਦੀਪ ਸਿੰਘ ਸ਼ੇਰੀਆਂ ਦੀ ਝੋਨੇ ਦੀ ਢੇਰੀ ਸਰਕਾਰੀ ਏਜੰਸੀ ਵਲੋਂ ਖਰੀਦ ਕੀਤੀ ਗਈ। ਅੱਜ ਝੋਨੇ ਦੀ ਖਰੀਦ ਦਾ ਉਦਘਾਟਨ ਐੱਸ.ਡੀ.ਐੱਮ. ਸਮਰਾਲਾ ਗੁਰਸਿਮਰਨਜੀਤ ਕੌਰ ਅਤੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਸੰਯੁਕਤ ਰੂਪ ਵਿਚ ਕੀਤਾ। ਇਸ ਮੌਕੇ ਆੜ੍ਹਤੀ ਐਸੋਸ਼ੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਅਤੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਅੱਗੇ 3 ਪ੍ਰਮੁੱਖ ਸਮੱਸਿਆਵਾਂ ਰੱਖੀਆਂ ਜਿਨ੍ਹਾਂ ਦਾ ਤੁਰੰਤ ਹੱਲ ਕਰਨ ਦੀ ਮੰਗ ਕੀਤੀ।

ਆੜ੍ਹਤੀਆਂ ਨੇ ਕਿਹਾ ਕਿ ਸ਼ੈਲਰ ਮਾਲਕਾਂ ਵਲੋਂ ਮੰਡੀਆਂ 'ਚੋਂ ਹਾਈਬ੍ਰਿਡ ਖਰੀਦਿਆ ਝੋਨਾ ਪਿੜਾਈ ਲਈ ਚੁੱਕਣ ਤੋਂ ਇੰਨਕਾਰ ਕੀਤਾ ਹੋਇਆ ਹੈ ਅਤੇ ਜੇਕਰ ਇਸ ਸਮੱਸਿਆ ਦਾ ਜਲਦ ਹੱਲ ਨਾ ਹੋਇਆ ਤਾਂ ਫਸਲ ਦੇ ਅੰਬਾਰ ਲੱਗ ਜਾਣਗੇ ਜਿਸ ਨਾਲ ਕਿਸਾਨਾਂ ਤੇ ਆੜ੍ਹਤੀਆਂ ਨੂੰ ਵੱਡੀ ਮੁਸ਼ਕਿਲ ਦਾ ਸਾਹਮਣਾ ਕਰਨਾ ਪਵੇਗਾ। ਇਸ ਤੋਂ ਇਲਾਵਾ ਆੜ੍ਹਤੀਆਂ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਧਿਆਨ ਵਿਚ ਲਿਆਂਦਾ ਕਿ ਨਵੇਂ ਨਿਯਮਾਂ ਅਨੁਸਾਰ ਕਿਸਾਨ ਵਲੋਂ ਝੋਨੇ ਦੀ ਵਿਕਰੀ ਸਮੇਂ ਉਸਦੀ ਮੌਜੂਦਗੀ ਵਿਚ ਖਰੀਦ ਏਜੰਸੀ ਦੇ ਇੰਸਪੈਕਟਰ ਅਤੇ ਆੜ੍ਹਤੀ ਦੀ ਫੋਟੋ ਹੋਵੇਗੀ ਤਾਂ ਹੀ ਖਰੀਦ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਜਾਰੀ ਕੀਤੇ ਨਿਯਮ ਨਾਲ ਆੜ੍ਹਤੀਆਂ ਤੇ ਕਿਸਾਨਾਂ ਨੂੰ ਵੱਡੀ ਮੁਸ਼ਕਿਲ ਆਵੇਗੀ ਇਸ ਲਈ ਇਸ ਸ਼ਰਤ ਨੂੰ ਹਟਾਇਆ ਜਾਵੇ। ਆੜ੍ਹਤੀਆਂ ਨੇ ਇਹ ਵੀ ਧਿਆਨ ਵਿਚ ਲਿਆਂਦਾ ਕਿ ਮਾਲਵੇ ਤੇ ਦੋਆਬੇ ਨੂੰ ਜੋੜਨ ਵਾਲਾ ਸਤਲੁਜ ਪੁਲ ਭਾਰੀ ਵਾਹਨਾਂ ਲਈ ਗਾਰਡਰ ਲਗਾ ਕੇ ਬੰਦ ਕੀਤਾ ਹੋਇਆ ਹੈ।

ਉਨ੍ਹਾਂ ਦੱਸਿਆ ਕਿ ਰਾਹੋਂ ਵਲੋਂ ਭਾਰੀ ਮਾਤਰਾ ਵਿਚ ਕਿਸਾਨ ਫਸਲ ਵੇਚਣ ਮਾਛੀਵਾੜਾ ਮੰਡੀ ਵਿਚ ਆਉਂਦੇ ਹਨ ਜਿਨ੍ਹਾਂ ਦੀਆਂ ਟਰਾਲੀਆਂ ਪੁਲ ਤੋਂ ਨਹੀਂ ਲੰਘ ਸਕਣਗੀਆਂ। ਆੜ੍ਹਤੀਆਂ ਨੇ ਮੰਗ ਕੀਤੀ ਕਿ ਪੁਲ 'ਤੇ ਲੱਗੇ ਗਾਰਡਰਾਂ ਨੂੰ ਥੋੜ੍ਹਾ ਜਿਹਾ ਉੱਚਾ ਕੀਤਾ ਜਾਵੇ ਤਾਂ ਜੋ ਕਿਸਾਨਾਂ ਦੀਆਂ ਫਸਲ ਵਾਲੀਆਂ ਟਰਾਲੀਆਂ ਮਾਛੀਵਾੜਾ ਮੰਡੀ ਵਿਚ ਪਹੁੰਚ ਸਕਣ। ਐੱਸ.ਡੀ.ਐੱਮ. ਸਮਰਾਲਾ ਗੁਰਸਿਮਰਨਜੀਤ ਕੌਰ ਨੇ ਆੜ੍ਹਤੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਭਰੋਸਾ ਦਿੰਦਿਆਂ ਕਿਹਾ ਕਿ ਖਰੀਦ ਦੌਰਾਨ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਝੋਨੇ ਦੀ ਖਰੀਦ ਦੇ ਪ੍ਰਬੰਧ ਪੁਖਤਾ ਹਨ ਅਤੇ ਕਿਸਾਨਾਂ ਦਾ ਸੁੱਕਾ ਝੋਨਾ ਤੁਰੰਤ ਖਰੀਦਿਆ ਜਾਵੇਗਾ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਗੁਰਨਾਮ ਸਿੰਘ ਨਾਗਰਾ, ਉਪ ਪ੍ਰਧਾਨ ਰਾਜੀਵ ਕੌਸ਼ਲ, ਸੁਰਜੀਤ ਸਿੰਘ ਕਾਹਲੋਂ, ਪਰਮਿੰਦਰ ਸਿੰਘ ਗੁਲਿਆਣੀ, ਨਿਤਿਨ ਜੈਨ, ਹਰਿੰਦਰਪਾਲ ਸਿੰਘ ਰਹੀਮਾਬਾਦ, ਸ਼ਸ਼ੀ ਭਾਟੀਆ, ਰਾਜਵਿੰਦਰ ਸਿੰਘ ਸੈਣੀ, ਪ੍ਰਿੰਸ ਮਿੱਠੇਵਾਲ, ਹਨੀ ਆਨੰਦ, ਵਿਨੀਤ ਅਗਰਵਾਲ, ਹਰਵਿੰਦਰ ਸ਼ੇਰੀਆਂ, ਬਿੰਨੀ ਅਗਰਵਾਲ, ਹੈਪੀ ਬਾਂਸਲ, ਬਲਵਿੰਦਰ ਸਿੰਘ, ਜੈਦੀਪ, ਪਰਵੀਨ ਮੱਕੜ, ਰਣਜੀਤ ਸਿੰਘ ਜੀਤੀ, ਪੀ.ਏ. ਨਵਜੀਤ ਸਿੰਘ, ਸਕੱਤਰ ਅਰੁਨਿੰਦਰ ਸਿੰਘ ਮਾਂਗਟ, ਇੰਸਪੈਕਟਰ ਅਮਰਿੰਦਰ ਸਿੰਘ ਹੈਪੀ, ਯਾਦਵਿੰਦਰ ਸਿੰਘ, ਅਕਾਊਂਟੈਂਟ ਸੁਖਵੀਰ ਸਿੰਘ ਵੀ ਹਾਜ਼ਰ ਸਨ।

# ਨਸ਼ਾ ਮੁਕਤੀ ਪਟਿਆਲਾ ਦਿਹਾਤੀ ਟੀਮ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਵਚਨਬੱਧ : ਗੁਰਪ੍ਰੀਤ ਸਿੰਘ ਬਾਵਾ



**ਪਟਿਆਲਾ, 2 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਯੁੱਧ ਨਸ਼ਿਆਂ ਵਿਰੁੱਧ ਟੀਮ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜਨ ਲਈ ਗੁਰੂ ਨਾਨਕ ਨਗਰ ਪਟਿਆਲਾ ਦੇ ਵਾਰਡ ਨੰਬਰ 25 ਵਿਖੇ ਇੱਕ ਭਰਵੀਂ ਮੀਟਿੰਗ ਕਰਵਾਈ ਗਈ। ਇਸ ਮੀਟਿੰਗ ਦਾ ਆਯੋਜਨ ਗੁਰਪ੍ਰੀਤ ਸਿੰਘ ਬਾਵਾ, ਬਲਾਕ ਪ੍ਰਧਾਨ ਵਾਰਡ ਨੰਬਰ 25, 26, 27 ਅਤੇ ਜਗਦੇਵ ਸਿੰਘ ਢੀਡਸਾ ਪ੍ਰਧਾਨ ਵੱਲੋਂ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਅਤੇ ਜ਼ਿਲ੍ਹਾ ਪ੍ਰਧਾਨ ਐੱਨ.ਐੱਮ.ਐੱਮ. ਯਾਦਵਿੰਦਰ ਸਿੰਘ ਗੋਲਡੀ ਲਾਦੇਨ ਜਿਲ੍ਹਾ ਪ੍ਰਧਾਨ ਪਹੁੰਚੇ। ਮੀਟਿੰਗ ਵਿੱਚ 200 ਦੇ ਕਰੀਬ ਇਲਾਕਾ ਨਿਵਾਸੀਆਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਗੁਰਪ੍ਰੀਤ ਬਾਵਾ ਅਤੇ ਗੋਲਡੀ ਲਾਦੇਨ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੋਕਾਂ ਦਾ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚ ਆਪ ਪਾਰਟੀ ਦੀ ਸਰਕਾਰ ਬਣਨ ਅਤੇ ਪੰਜਾਬ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਖਤਮ ਕਰਕੇ 'ਰੰਗਲਾ ਪੰਜਾਬ' ਬਣਾਉਣ ਲਈ ਉਹ ਲੋਕਾਂ ਨਾਲ ਮਿਲ ਕੇ ਕੰਮ ਕਰਨਗੇ। ਮੀਟਿੰਗ ਦੌਰਾਨ ਇਲਾਕਾ ਨਿਵਾਸੀਆਂ ਨੇ ਇਕਜੁੱਟ ਹੋ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਹੁੰ ਵੀ ਚੁੱਕੀ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਹਰ ਸੰਭਵ ਸਹਿਯੋਗ ਦੇਣ ਦਾ ਸੰਕਲਪ ਲਿਆ। ਇਸ ਮੌਕੇ ਪਵਨ ਕੁਮਾਰ, ਜ਼ਿਲ੍ਹਾ ਵਾਈਸ ਪ੍ਰਧਾਨ, ਪ੍ਰਿੰਸ ਤਿਆਗੀ ਸੀਨੀ. ਮੀਤ ਪ੍ਰਧਾਨ, ਗੌਤਮ ਗੈਰੀ ਮੀਤ ਪ੍ਰਧਾਨ, ਸਾਹਿਲ ਸਰਪੰਚ, ਪਰਮਜੀਤ ਸਿੰਘ, ਗੁਰਮੇਲ ਸਿੰਘ, ਕਸ਼ਮੀਰ ਖਾਨ ਐਕਟਿੰਗ ਪ੍ਰਧਾਨ, ਮਨਕੀਰਤ ਸਿੰਘ, ਸੰਜੂ, ਰੁਦਰਾਕਸ਼, ਮਨਜੀਤ ਸਿੰਘ ਧਨੋਆ, ਅਮਰਜੀਤ ਸਿੰਘ, ਬਖਸ਼ੀਸ਼ ਸਿੰਘ, ਪੀ.ਐੱਸ. ਮਿੱਤਲ, ਅਜੀਤ ਸਿੰਘ, ਰਾਜੇਸ਼ ਵਰਮਾ, ਮਹਿੰਦਰ ਸਿੰਘ ਦੁਬਈ, ਐੱਮ.ਸੀ. ਮੁਕਤਾ ਗੁਪਤਾ ਵੂਮੈਨ ਵਿੰਗ ਜ਼ਿਲ੍ਹਾ ਪ੍ਰਧਾਨ, ਭੁਪਿੰਦਰ ਕੌਰ, ਸੋਨੀਆ ਖਾਨ, ਸਿਮਰਨ ਕੌਰ, ਰਵਿੰਦਰ ਕੌਰ, ਲਵਲੀਨ ਕੌਰ, ਐੱਮ.ਸੀ. ਦਵਿੰਦਰ ਗੋਲਡੀ, ਐੱਮ.ਸੀ. ਮੋਹਿਤ ਕੁਮਾਰ ਮਰਵਾਹਾ, ਐੱਮ.ਸੀ. ਕੁਲਵੰਤ ਸਿੰਘ ਲਾਲਕਾ ਅਤੇ ਵੱਡੀ ਗਿਣਤੀ ਵਿੱਚ ਮੈਂਬਰ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਐਸਆਰਐਸ ਵਿਦਿਆਪੀਠ ਵਿੱਚ ਸਾਰਥਕ ਗਤੀਵਿਧੀਆਂ ਨਾਲ ਗਾਂਧੀ ਜਯੰਤੀ ਮਨਾਈ ਗਈ

**ਸਮਾਣਾ 2 ਅਕਤੂਬਰ**
**-ਜਗਦੇਵ ਸਿੰਘ ਜੱਗੀ-**



ਐਸਆਰਐਸ ਵਿਦਿਆਪੀਠ ਵਿੱਚ ਗਾਂਧੀ ਜਯੰਤੀ ਦੇ ਮੌਕੇ 'ਤੇ ਵਿਦਿਆਰਥੀਆਂ ਨੂੰ ਜੀਵਨ-ਮੁੱਲਾਂ ਅਤੇ ਸਿੱਖਿਆਵਾਂ ਨਾਲ ਜਾਣੂ ਕਰਵਾਉਣ ਦੇ ਉਦੇਸ਼ ਨਾਲ ਵੱਖ-ਵੱਖ ਰਚਨਾਤਮਕ ਅਤੇ ਸਿੱਖਿਆਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।

ਸਮਾਗਮ ਦੌਰਾਨ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਗਾਇਨ, ਕਹਾਣੀ ਪੇਸ਼ਕਾਰੀ ਅਤੇ ਗਾਂਧੀ ਜਯੰਤੀ ਦੀ ਥੀਮ 'ਤੇ ਆਧਾਰਿਤ ਵੱਖ-ਵੱਖ ਕਲਾ ਅਤੇ ਸ਼ਿਲਪ ਗਤੀਵਿਧੀਆਂ ਵਿੱਚ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਸਿੱਖਣ ਦੇ ਨਾਲ-ਨਾਲ ਆਪਣੀ ਸਮਝ ਨੂੰ ਰਚਨਾਤਮਕ ਢੰਗ ਨਾਲ ਪ੍ਰਗਟ ਕਰਨ ਦਾ ਮੌਕਾ ਮਿਲਿਆ।

ਰਚਨਾਤਮਕ ਗਤੀਵਿਧੀਆਂ ਦੌਰਾਨ ਵਿਦਿਆਰਥੀਆਂ ਨੇ ਸਧਾਰਨ ਸਮੱਗਰੀ ਦੀ ਵਰਤੋਂ ਕਰਦਿਆਂ ਪ੍ਰਸਿੱਧ ਚਸ਼ਮੇ ਅਤੇ ਚਰਖੇ ਦੇ ਮਾਡਲ ਤਿਆਰ ਕੀਤੇ।

ਇਨ੍ਹਾਂ ਗਤੀਵਿਧੀਆਂ ਰਾਹੀਂ ਸਾਦਗੀ, ਆਤਮਨਿਰਭਰਤਾ ਅਤੇ ਸਫ਼ਾਈ ਵਰਗੇ ਮੁੱਲਾਂ ਨੂੰ ਰੁਚਿਕਰ ਅਤੇ ਅਨੁਭਵਾਤਮਕ ਢੰਗ ਨਾਲ ਸਮਝਣ ਦਾ ਮੌਕਾ ਮਿਲਿਆ।

ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ 'ਸਵੱਛ ਭਾਰਤ' ਵਿਸ਼ੇ 'ਤੇ ਇੱਕ ਜੀਵੰਤ ਨ੍ਰਿਤ ਪ੍ਰਸਤੁਤੀ ਵੀ ਪੇਸ਼ ਕੀਤੀ ਗਈ, ਜਿਸ ਰਾਹੀਂ ਸਫ਼ਾਈ ਦੀ ਮਹੱਤਤਾ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਦੀ ਜ਼ਿੰਮੇਵਾਰੀ ਦਾ ਸੰਦੇਸ਼ ਦਿੱਤਾ ਗਿਆ।

ਇਸ ਆਯੋਜਨ ਨੇ ਐਸਆਰਐਸ ਵਿਦਿਆਪੀਠ ਦੇ ਉਸ ਯਤਨ ਨੂੰ ਦਰਸਾਇਆ, ਜਿਸ ਤਹਿਤ ਰਾਸ਼ਟਰੀ ਮਹੱਤਤਾ ਵਾਲੇ ਦਿਵਸਾਂ ਨੂੰ ਵਿਦਿਆਰਥੀਆਂ ਲਈ ਸਾਰਥਕ ਅਤੇ ਅਨੁਭਵਾਤਮਕ ਸਿੱਖਣ ਦੇ ਮੌਕਿਆਂ ਵਿੱਚ ਬਦਲਿਆ ਜਾਂਦਾ ਹੈ। ਰਚਨਾਤਮਕ ਪ੍ਰਗਟਾਵੇ, ਪ੍ਰਸਤੁਤੀਆਂ ਅਤੇ ਗਤੀਵਿਧੀ-ਆਧਾਰਿਤ ਸਿੱਖਣ ਰਾਹੀਂ ਵਿਦਿਆਰਥੀਆਂ ਨੂੰ ਸੱਚਾਈ, ਸਾਦਗੀ, ਸਫ਼ਾਈ ਅਤੇ ਜ਼ਿੰਮੇਵਾਰੀ ਵਰਗੇ ਮੁੱਲਾਂ ਨੂੰ ਆਪਣੇ ਰੋਜ਼ਾਨਾ ਜੀਵਨ ਨਾਲ ਜੋੜਨ ਲਈ ਪ੍ਰੇਰਿਤ ਕੀਤਾ ਗਿਆ।

ਇਨ੍ਹਾਂ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਆਤਮਵਿਸ਼ਵਾਸ ਅਤੇ ਸਹਿਯੋਗ ਦੀ ਭਾਵਨਾ ਦਾ ਪ੍ਰਦਰਸ਼ਨ ਕਰਨ ਦੇ ਨਾਲ-ਨਾਲ ਉਨ੍ਹਾਂ ਮੁੱਲਾਂ ਨੂੰ ਸਮਝਣ ਦਾ ਮੌਕਾ ਦਿੱਤਾ, ਜੋ ਅੱਜ ਵੀ ਸਾਡੇ ਜੀਵਨ ਵਿੱਚ ਪ੍ਰਸੰਗਿਕ ਹਨ।

ਚੇਅਰਮੈਨ ਸੀਏ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀਏ ਲਲਿਤ ਸਿੰਗਲਾ, ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਅਤੇ ਪ੍ਰਿੰਸੀਪਲ ਡਾ. ਚੰਦਨਦੀਪ ਦੀ ਅਗਵਾਈ ਹੇਠ ਐਸਆਰਐਸ ਵਿਦਿਆਪੀਠ ਪਾਠ-ਪੁਸਤਕਾਂ ਤੋਂ ਅੱਗੇ ਵਧ ਕੇ ਵਿਦਿਆਰਥੀਆਂ ਨੂੰ ਅਨੁਭਵਾਤਮਕ ਅਤੇ ਮੁੱਲ-ਆਧਾਰਿਤ ਸਿੱਖਣ ਦੇ ਮੌਕੇ ਪ੍ਰਦਾਨ ਕਰਨ 'ਤੇ ਨਿਰੰਤਰ ਜ਼ੋਰ ਦੇ ਰਿਹਾ ਹੈ।

ਗਾਂਧੀ ਜਯੰਤੀ ਸਮਾਗਮ ਵਿਦਿਆਰਥੀਆਂ ਲਈ ਇੱਕ ਸਕਾਰਾਤਮਕ ਅਤੇ ਸਾਰਥਕ ਅਨੁਭਵ ਦੇ ਨਾਲ ਸੰਪੰਨ ਹੋਇਆ, ਜਿਸ ਦੌਰਾਨ ਉਨ੍ਹਾਂ ਨੇ ਸਫ਼ਾਈ, ਸਾਦਗੀ, ਜ਼ਿੰਮੇਵਾਰੀ ਅਤੇ ਸਕਾਰਾਤਮਕ ਮੁੱਲਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਪ੍ਰਾਪਤ ਕੀਤਾ।

# ਕਿਸਾਨਾਂ ਦੇ ਗਰੀਬ ਲੋਕਾਂ ਦੀ ਮਸੀਹਾ ਬਣ ਕੇ ਕੰਮ ਕਰਨ ਵਾਲੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਹੈ ਸੰਧੂ



**ਮੋਰਿੰਡਾ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਤੇ ਜਦੋਂ ਵੀ ਕੋਈ ਭੀੜ ਪਈ ਹੈ ਉਦੋਂ ਸਿਰਫ ਤੇ ਸਿਰਫ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਪੰਜਾਬ ਦੇ ਲੋਕਾਂ ਨਾਲ ਖੜੀ ਹੈ ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਸ਼੍ਰੀ ਚਮਕੌਰ ਸਾਹਿਬ ਦੇ ਇੰਚਾਰਜ ਹਰਮੋਹਨ ਸਿੰਘ ਸੰਧੂ ਨੇ ਨਜ਼ਦੀਕੀ ਪਿੰਡ ਸੁੱਖੋ ਮਾਜਰਾ ਸੰਗਤਪੁਰਾ ਤੇ ਕਜੌਲੀ ਵਿਖੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ।

ਇਸ ਮੌਕੇ ਉਹਨਾਂ ਕਿਹਾ ਕਿ ਜੇਕਰ ਇੱਕ ਝਾਤ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਰਾਜ ਵੱਲ ਮਾਰੀ ਜਾਵੇ ਤਾਂ ਕਿਸਾਨਾ ਤੇ ਗਰੀਬਾਂ ਲੋਕਾ ਦਾ ਮਸੀਹਾ ਬਣ ਕੇ ਸੇਵਾ ਕਰਨ ਵਾਲੇ ਸਰਦਾਰ ਪ੍ਰਕਾਸ਼ ਸਿੰਘ ਬਾਦਲ ਸਨ ਜਿਨਾਂ ਨੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਰ ਇੱਕ ਦੀ ਬਾਂਹ ਫੜੀ ਸੀ ਇਸ ਮੌਕੇ ਉਹਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ 2027 ਦੀਆ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਸਾਥ ਦੇ ਕੇ ਸੇਵਾ ਕਰਨ ਦਾ ਮੌਕਾ ਦਿਓ ਤਾਂ ਜੋ ਬਾਕੀ ਰਹਿੰਦੇ ਕੰਮਾਂ ਨੂੰ ਵੀ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਜਾ ਸਕੇ ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਹਰਮੋਹਣ ਸਿੰਘ ਸੰਧੂ ਦਾ ਪਿੰਡ ਨਿਵਾਸੀਆਂ ਵੱਲੋਂ ਸਿਰ ਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਸਾਬਕਾ ਸਰਪੰਚ ਸੁਰਜੀਤ ਸਿੰਘ ਤਾਜਪੁਰਾ ਭਾਈ ਹਰਪ੍ਰੀਤ ਸਿੰਘ ਖਾਲਸਾ ਸੰਗਤਪੁਰਾ ਸਾਬਕਾ ਸਰਪੰਚ ਕੇਸਰ ਸਿੰਘ ਜਸਪਾਲ ਸਿੰਘ ਮੱਲੀ ਠੇਕੇਦਾਰ ਜਸਬੀਰ ਸਿੰਘ ਗਿਆਨੀ ਸੁਖਮਿੰਦਰ ਸਿੰਘ ਸਾਬਕਾ ਪੰਚਾਇਤ ਮੈਂਬਰ ਨਾਇਬ ਸਿੰਘ ਗਿਆਨੀ ਲਖਵਿੰਦਰ ਸਿੰਘ ਕਰਮ ਸਿੰਘ ਭੱਟੀ ਨਛੱਤਰ ਸਿੰਘ ਐਕਸ ਸਰਵਿਸਮੈਨ ਸਰਪੰਚ ਸੁਰਜੀਤ ਸਿੰਘ ਕੈਪਟਨ ਹਰਜਿੰਦਰ ਸਿੰਘ ਸਮੇਤ ਹੋਰ ਵੀ ਅਨੇਕਾਂ ਹਾਜ਼ਰ ਸਨ।

# ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਬਟਾਲਾ ਦਾਨਾ ਮੰਡੀ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ

**➢ ਪੰਜਾਬ ਸਰਕਾਰ ਨੇ ਪਿਛਲੇ 9 ਸੀਜ਼ਨਾਂ ਦੌਰਾਨ ਫਸਲਾਂ ਦੀ ਖਰੀਦ ਸਫਲਤਾਪੂਰਵਕ ਕਰਵਾਈ, ਇਹ ਸੀਜ਼ਨ ਵੀ ਹੋਵੇਗਾ ਸਫ਼ਲਤਾਪੂਰਵਕ ਸੰਪੰਨ-ਲਾਲ ਚੰਦ ਕਟਾਰੂਚੱਕ ➢ਝੋਨੇ ਦੇ ਖ਼ਰੀਦ ਸੀਜ਼ਨ ਤੋਂ ਪਹਿਲਾਂ ਪੰਜਾਬ ਲਈ 42786 ਕਰੋੜ ਰੁਪਏ ਦੀ ਸੀ.ਸੀ.ਐੱਲ. ਨੂੰ ਮਿਲੀ ਮਨਜ਼ੂਰੀ**

**ਚੰਡੀਗੜ੍ਹ, 2 ਅਕਤੂਬਰ**
**-ਸੰਜੀਵ ਸ਼ਰਮਾ-**



ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ, ਅੱਜ ਪਵਿੱਤਰ ਧਰਤੀ ਬਟਾਲਾ ਵਿਖੇ ਪਹੁੰਚੇ ਅਤੇ ਦਾਨਾ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ।

ਉਨ੍ਹਾਂ ਗੁਰਪ੍ਰੀਤ ਸਿੰਘ ਪਿੰਡ ਡੁੱਲਟ ਅਤੇ ਪ੍ਰਭਜੋਤ ਕੌਰ ਵਲੋਂ ਲਿਆਂਦੀ ਫਸਲ ਦੀ ਢੇਰੀਆਂ ਦੀ ਖਰੀਦ ਕਰਵਾਈ। ਇਸ ਮੌਕੇ ਰਜਨੀਸ਼ ਕੁਮਾਰੀ ਡਿਪਟੀ ਡਾਇਰੈਕਟਰ ਫੂਡ ਸਪਲਾਈ ਵਿਭਾਗ ਪੰਜਾਬ, ਸਾਰੰਗਪ੍ਰੀਤ ਸਿੰਘ ਔਜਲਾ ਐੱਸ ਡੀ ਐੱਮ ਬਟਾਲਾ, ਮਾਨਿਕ ਮਹਿਤਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ, ਚੇਅਰਮੈਨ ਰਵਿੰਦਰ ਸਿੰਘ, ਅਮਨਜੀਤ ਸਿੰਘ ਡੀ ਐੱਫ ਐੱਸ ਸੀ ਗੁਰਦਾਸਪੁਰ, ਪ੍ਰਧਾਨ ਮਨਬੀਰ ਸਿੰਘ ਰੰਧਾਵਾ, ਪ੍ਰਧਾਨ ਗੁਰਬਿੰਦਰ ਸਿੰਘ ਜੌਲੀ, ਕੁਲਜੀਤ ਸਿੰਘ ਜ਼ਿਲ੍ਹਾ ਮੰਡੀ ਅਫਸਰ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ, ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ 9 ਸੀਜ਼ਨਾਂ ਦੌਰਾਨ ਫਸਲਾਂ ਦੀ ਖਰੀਦ ਸਫਲਤਾਪੂਰਵਕ ਕਰਵਾਈ ਹੈ ਅਤੇ ਇਹ ਸੀਜ਼ਨ ਵੀ ਸਫ਼ਲਤਾਪੂਰਵਕ ਸੰਪੰਨ ਹੋਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਕਿਸਾਨ ਦੀ ਫ਼ਸਲ ਦਾ ਦਾਣਾ ਦਾਣਾ ਨਿਰਵਿਘਨ ਖਰੀਦਿਆ ਜਾਵੇਗਾ। ਨਾਲ ਹੀ ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿੱਚ ਫਸਲ ਸੁਕਾ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

ਪੱਤਰਕਾਰਾਂ ਨਾਲ ਗੱਲ ਕਰਦਿਆਂ ਸ਼੍ਰੀ ਕਟਾਰੂਚੱਕ ਨੇ ਦੱਸਿਆ ਕਿ ਸੂਬੇ ਵਿਚ ਅੱਜ ਪਹਿਲੀ ਅਕਤੂਬਰ ਤੋਂ ਸ਼ੁਰੂ ਹੋਏ ਝੋਨੇ ਦੇ ਆਗਾਮੀ ਖ਼ਰੀਦ ਸੀਜ਼ਨ ਤੋਂ ਪਹਿਲਾਂ, ਪੰਜਾਬ ਰਾਜ ਨੂੰ ਅਕਤੂਬਰ ਮਹੀਨੇ ਲਈ 42786.68 ਰੁਪਏ ਦੀ ਨਕਦ ਕਰਜ਼ਾ ਹੱਦ ਦੀ ਮਨਜ਼ੂਰੀ ਦੇ ਰੂਪ ਵਿਚ ਵੱਡੀ ਰਾਹਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੀ.ਸੀ.ਐੱਲ. ਦੀ ਮਨਜ਼ੂਰੀ ਨਾਲ ਸੂਬਾ ਸਰਕਾਰ ਵਲੋਂ ਖ਼ਰੀਦੇ ਜਾਣ ਵਾਲੇ ਝੋਨੇ ਲਈ ਕਿਸਾਨਾਂ ਨੂੰ ਤੁਰੰਤ ਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਸਕੇਗਾ।

ਹੋਰ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਕਿਸਾਨਾਂ ਵਲੋਂ ਮੰਡੀਆਂ ਵਿਚ ਲਿਆਂਦੇ ਜਾਣ ਵਾਲੇ ਝੋਨੇ ਦੀ ਪੈਕਿੰਗ ਲਈ ਵਿਭਾਗ ਵਲੋਂ ਲੋੜੀਂਦਾ ਬਾਰਦਾਨਾ ਵੀ ਪ੍ਰਾਪਤ ਹੋ ਗਿਆ ਹੈ ਤੇ ਸੂਬੇ ਨੂੰ ਸੀਜ਼ਨ 2026-27 ਲਈ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਦਾ ਟੀਚਾ ਮਿਲਿਆ ਹੈ। ਉਨ੍ਹਾਂ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ 2461 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖ਼ਰੀਦੀ ਜਾਵੇਗੀ। ਖ਼ਰੀਦ ਕਾਰਜਾਂ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਹੁਣ ਤੱਕ 1887 ਮੰਡੀਆਂ ਨੋਟੀਫਾਈ ਕੀਤੀਆਂ ਜਾ ਚੁੱਕੀਆਂ ਹਨ ਤੇ ਜ਼ਰੂਰਤ ਅਨੁਸਾਰ ਹੋਰ ਮੰਡੀਆਂ ਵੀ ਕਾਰਜਸ਼ੀਲ ਕੀਤੀਆਂ ਜਾਣਗੀਆਂ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਕਿਸਾਨਾਂ ਦੇ ਖੂਨ-ਪਸੀਨੇ ਨਾਲ ਉਗਾਏ ਇਕ-ਇਕ ਦਾਣੇ ਨੂੰ ਖਰੀਦਣ ਪ੍ਰਤੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਅਨਲੋਡਿੰਗ ਅਤੇ ਪੈਕਿੰਗ ਦਾ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਸਾਫ਼ ਪੀਣ ਵਾਲੇ ਪਾਣੀ ਆਦਿ ਦੇ ਸੁਚੱਜੇ ਪ੍ਰਬੰਧ ਯਕੀਨੀ ਬਣਾਏ ਗਏ ਹਨ।

ਇਸ ਮੌਕੇ ਉਹ ਆੜ੍ਹਤੀਆਂ ਅਤੇ ਕਿਸਾਨਾਂ ਨੂੰ ਵੀ ਮਿਲੇ ਤੇ ਕਿਹਾ ਕਿ ਮੰਡੀਆਂ ਵਿੱਚ ਉਨ੍ਹਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ। ਉਪਰੰਤ ਉਨ੍ਹਾਂ ਡੀ ਐੱਫ ਐੱਸ ਸੀ ਸਮੇਤ ਸਬੰਧਤ ਖਰੀਦ ਏਜੰਸੀਆਂ ਨਾਲ ਮੀਟਿੰਗ ਕਰਕੇ ਲੋੜੀਂਦੇ ਦਿਸ਼ਾ ਨਿਰਦੇਸ਼ ਵੀ ਦਿੱਤੇ।

ਇਸ ਮੌਕੇ ਮਾਨਿਕ ਮਹਿਕਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਅਤੇ ਉਨ੍ਹਾਂ ਦੀ ਪੂਰੀ ਟੀਮ ਵਲੋਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਸਨਮਾਨਿਤ ਵੀ ਕੀਤਾ ਗਿਆ।

# ਡਰੋਨ ਸ਼ੋਅ ਦੀਆਂ ਤਿਆਰੀਆਂ ਸਬੰਧੀ ਵਿਧਾਇਕ ਚੱਢਾ ਨੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਕੀਤੀ ਮੀਟਿੰਗ

**ਰੂਪਨਗਰ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਸ਼ੇਸ਼ ਡਰੋਨ ਸ਼ੋਅ ਦੀ ਲੜੀ ਤਹਿਤ ਅੱਜ ਨਹਿਰੂ ਸਟੇਡੀਅਮ ਰੋਪੜ ਵਿਖੇ ਅਲੌਕਿਕ ਡਰੋਨ ਸ਼ੋਅ ਕਰਵਾਇਆ ਜਾ ਰਿਹਾ ਹੈ। ਇਹ ਡਰੋਨ ਸ਼ੋਅ ਸ਼ਾਮ 5 ਵਜੇ ਹੋਵੇਗਾ, ਜਿਸ ਵਿੱਚ ਡਰੋਨ ਤਕਨਾਲੋਜੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਮਹਾਨ ਜੀਵਨ, ਪਵਿੱਤਰ ਬਾਣੀ ਅਤੇ ਮਨੁੱਖਤਾ ਨੂੰ ਦਿੱਤੇ ਸੰਦੇਸ਼ ਨੂੰ ਰੌਚਕ ਢੰਗ ਨਾਲ ਪੇਸ਼ ਕੀਤਾ ਜਾਵੇਗਾ। ਇਸ ਸਬੰਧੀ ਤਿਆਰੀਆਂ ਨੂੰ ਲੈ ਕੇ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਆਪਣੇ ਮੁੱਖ ਦਫ਼ਤਰ ਰੋਪੜ ਵਿਖੇ ਪਾਰਟੀ ਆਗੂਆਂ ਅਤੇ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਰੋਨ ਸ਼ੋਅ ਦੇ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਗੂਆਂ ਤੇ ਵਰਕਰਾਂ ਨੂੰ ਵੱਖ-ਵੱਖ ਡਿਊਟੀਆਂ ਸੌਂਪੀਆਂ ਗਈਆਂ।

ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਪਵਿੱਤਰ ਬਾਣੀ ਅਤੇ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਭਾਈਚਾਰੇ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਤਕਨਾਲੋਜੀ ਰਾਹੀਂ ਕਰਵਾਇਆ ਜਾ ਰਿਹਾ ਇਹ ਡਰੋਨ ਸ਼ੋਅ ਬੱਚਿਆਂ ਅਤੇ ਨੌਜਵਾਨਾਂ ਨੂੰ ਗੁਰੂ ਜੀ ਦੇ ਮਹਾਨ ਜੀਵਨ ਅਤੇ ਸਿੱਖਿਆਵਾਂ ਨਾਲ ਜੋੜਨ ਦਾ ਨਵਾਂ ਤੇ ਰੌਚਕ ਉਪਰਾਲਾ ਹੈ। ਉਨ੍ਹਾਂ ਰੂਪਨਗਰ ਅਤੇ ਆਸ-ਪਾਸ ਦੇ ਇਲਾਕਿਆਂ ਦੀਆਂ ਸੰਗਤਾਂ ਨੂੰ ਖੁੱਲ੍ਹਾ ਸੱਦਾ ਦਿੰਦਿਆਂ ਅਪੀਲ ਕੀਤੀ ਕਿ ਉਹ ਅੱਜ ਸ਼ਾਮ 5 ਵਜੇ ਨਹਿਰੂ ਸਟੇਡੀਅਮ ਰੋਪੜ ਵਿਖੇ ਪਹੁੰਚ ਕੇ ਇਸ ਵਿਸ਼ੇਸ਼ ਡਰੋਨ ਸ਼ੋਅ ਦਾ ਹਿੱਸਾ ਬਣਨ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨਾਲ ਇਹ ਸਮਾਗਮ ਹੋਰ ਯਾਦਗਾਰ ਬਣੇਗਾ। ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਥਾਵਾਂ 'ਤੇ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਇਨ੍ਹਾਂ ਰਾਹੀਂ ਗੁਰੂ ਜੀ ਦੇ ਮਹਾਨ ਜੀਵਨ, ਪਵਿੱਤਰ ਬਾਣੀ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਨਵੀਂ ਤਕਨਾਲੋਜੀ ਰਾਹੀਂ ਲੋਕਾਂ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਮੀਟਿੰਗ ਵਿੱਚ ਐਡਵੋਕੇਟ ਗੌਰਵ ਕਪੂਰ, ਕੁਲਦੀਪ ਸਿੰਘ, ਸਰਪੰਚ ਵਿਕਰਾਂਤ ਚੌਧਰੀ, ਡਾਇਰੈਕਟਰ ਹੁਸਨ ਲਾਲ ਚੌਹਾਨ, ਨਵੀਨ ਦਰਦੀ, ਲਾਡੀ ਕੋਚ ਅਤੇ ਅਮਨਦੀਪ ਸਿੰਘ ਸਮੇਤ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

# ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਮੋਰਚਾ ਮੁਹਿੰਮ ਤਹਿਤ ਪਿੰਡਾਂ ਤੇ ਵਾਰਡਾਂ ਵਿੱਚ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਜਾਰੀ

**ਸ੍ਰੀ ਅਨੰਦਪੁਰ ਸਾਹਿਬ, 2 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਨਸ਼ਾ ਮੁਕਤੀ ਮੋਰਚਾ ਮੁਹਿੰਮ ਤਹਿਤ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡਾਂ ਤੇ ਵਾਰਡਾਂ ਵਿੱਚ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਇਸੇ ਤਹਿਤ ਅੱਜ ਸ੍ਰੀ ਅਨੰਦਪੁਰ ਸਾਹਿਬ ਤੇ ਨੰਗਲ ਦੇ ਪਿੰਡ ਦੁਬੇਟਾ, ਨੰਗਲ ਨਿੱਕੂ ਅੱਪਰ ਤੇ ਲੋਅਰ, ਦਬੂੜ, ਚੀਕਣਾ, ਮੱਸੇਵਾਲ, ਬਿਭੌਰ ਸਾਹਿਬ ਅਤੇ ਨੂਰਪੁਰ ਬੇਦੀ ਦੇ ਪਿੰਡ ਜਟਵਾਹੜ, ਗਰੇਵਾਲ, ਨੋਧੇਮਾਜਰਾ, ਗੋਲੂਮਾਜਰਾ ਵਿਖੇ ਮੀਟਿੰਗ ਕਰਵਾਈ ਗਈ, ਜਿਸ ਵਿੱਚ ਪਿੰਡ ਵਾਸੀਆਂ ਨਾਲ ਨਸ਼ਿਆਂ ਦੀ ਰੋਕਥਾਮ, ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਉਪ ਜ਼ਿਲ੍ਹਾ ਕੋਆਰਡੀਨੇਟਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਮੋਹਿਤ ਦੀਵਾਨ ਨੇ ਦੱਸਿਆ ਕਿ ਪਿੰਡ ਪੱਧਰ 'ਤੇ ਕਰਵਾਈਆਂ ਜਾ ਰਹੀਆਂ ਇਹ ਮੀਟਿੰਗਾਂ ਮੁਹਿੰਮ ਨੂੰ ਲੋਕਾਂ ਨਾਲ ਸਿੱਧੇ ਤੌਰ 'ਤੇ ਜੋੜਨ ਦਾ ਮਹੱਤਵਪੂਰਨ ਮਾਧਿਅਮ ਹਨ। ਉਨ੍ਹਾਂ ਕਿਹਾ ਕਿ ਲਗਾਤਾਰ ਪਿੰਡਾਂ ਵਿਖੇ ਮੀਟਿੰਗਾਂ ਹੋ ਰਹੀਆਂ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਨਿਰਧਾਰਤ ਸਮੇਂ ਅਨੁਸਾਰ ਬਲਾਕ ਦੇ ਹੋਰਨਾਂ ਪਿੰਡਾਂ ਵਿੱਚ ਵੀ ਮੀਟਿੰਗਾਂ ਕਰਵਾਈਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਹੋਣ ਵਾਲੀਆਂ ਮੀਟਿੰਗਾਂ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਸੁਖਪਾਲ ਸਿੰਘ, ਉਪ ਪੁਲਿਸ ਕਪਤਾਨ ਜਸ਼ਨਦੀਪ ਸਿੰਘ ਤੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਅਤੇ ਸਿਹਤ ਵਿਭਾਗ ਦੀ ਨਿਗਰਾਨੀ ਹੇਠ ਕਰਵਾਈਆਂ ਜਾ ਰਹੀਆਂ ਹਨ। ਜਦਕਿ ਨੰਗਲ ਦੀਆਂ ਮੀਟਿੰਗਾਂ ਉਪ ਮੰਡਲ ਮੈਜਿਸਟ੍ਰੇਟ ਨੰਗਲ ਸਚਿਨ ਪਾਠਕ, ਉਪ ਪੁਲਿਸ ਕਪਤਾਨ ਨਵੀਨਪਾਲ, ਬਲਾਕ ਵਿਕਾਸ ਤੇ ਪੰਚਾਇਤ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਕਰਵਾਈਆਂ ਜਾ ਰਹੀਆਂ ਹਨ।

ਮੋਹਿਤ ਦੀਵਾਨ ਨੇ ਕਿਹਾ ਕਿ ਇਨ੍ਹਾਂ ਮੀਟਿੰਗਾਂ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਮਾਪਿਆਂ ਨੂੰ ਆਪਣੇ ਬੱਚਿਆਂ ਪ੍ਰਤੀ ਸੁਚੇਤ ਰਹਿਣ ਅਤੇ ਉਨ੍ਹਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਚਾਉਣ ਲਈ ਸਮੇਂ ਸਿਰ ਲੋੜੀਂਦੇ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੋੜਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਮੀਟਿੰਗਾਂ ਦੌਰਾਨ ਪਿੰਡ ਵਾਸੀਆਂ ਤੋਂ ਨਸ਼ਿਆਂ ਦੀ ਮੌਜੂਦਾ ਸਥਿਤੀ ਬਾਰੇ ਸਿੱਧੀ ਪ੍ਰਤੀਕਿਰਿਆ ਅਤੇ ਸੁਝਾਅ ਵੀ ਲਏ ਜਾ ਰਹੇ ਹਨ। ਲੋਕਾਂ ਤੋਂ ਇਹ ਜਾਣਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਪਿਛਲੇ ਸਮੇਂ ਦੇ ਮੁਕਾਬਲੇ ਉਨ੍ਹਾਂ ਦੇ ਇਲਾਕੇ ਵਿੱਚ ਨਸ਼ਿਆਂ ਦੀ ਸਥਿਤੀ ਵਿੱਚ ਕਿੰਨਾ ਬਦਲਾਅ ਆਇਆ ਹੈ ਅਤੇ ਨਸ਼ਿਆਂ ਦੀ ਰੋਕਥਾਮ ਲਈ ਹੋਰ ਕਿਹੜੇ ਕਦਮ ਚੁੱਕੇ ਜਾਣ ਦੀ ਲੋੜ ਹੈ। ਪ੍ਰਾਪਤ ਹੋ ਰਹੀ ਪ੍ਰਤੀਕਿਰਿਆ ਦੇ ਆਧਾਰ 'ਤੇ ਜ਼ਮੀਨੀ ਪੱਧਰ ਦੀਆਂ ਲੋੜਾਂ ਨੂੰ ਸਮਝਦਿਆਂ ਅਗਲੇ ਕਦਮ ਤੈਅ ਕਰਨ ਵਿੱਚ ਸਹਾਇਤਾ ਮਿਲ ਰਹੀ ਹੈ।

ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਇਹ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪਰਿਵਾਰਾਂ, ਪੰਚਾਇਤਾਂ, ਧਾਰਮਿਕ ਤੇ ਸਮਾਜਿਕ ਸੰਸਥਾਵਾਂ, ਨੌਜਵਾਨਾਂ ਅਤੇ ਆਮ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਇਸ ਮੁਹਿੰਮ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਨਾਲ ਸਬੰਧਤ ਕਿਸੇ ਵੀ ਜਾਣਕਾਰੀ ਨੂੰ ਪੁਲਿਸ ਅਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਅਤੇ ਨੌਜਵਾਨ ਪੀੜ੍ਹੀ ਦੇ ਸੁਰੱਖਿਅਤ ਭਵਿੱਖ ਲਈ ਆਪਣੀ ਜ਼ਿੰਮੇਵਾਰ ਭੂਮਿਕਾ ਨਿਭਾਉਣ।

ਇਸ ਮੌਕੇ ਪਿੰਡਾਂ ਦੇ ਵਸਨੀਕਾਂ ਨੇ ਦੱਸਿਆ ਕਿ ਪਿਛਲੇ ਸਮੇਂ ਦੇ ਮੁਕਾਬਲੇ ਇਲਾਕੇ ਵਿੱਚ ਨਸ਼ਿਆਂ ਦੀ ਸਮੱਸਿਆ ਵਿੱਚ ਕਮੀ ਮਹਿਸੂਸ ਕੀਤੀ ਜਾ ਰਹੀ ਹੈ ਅਤੇ ਇਸ ਸਬੰਧੀ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਯਤਨਾਂ ਲਈ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਨਸ਼ਿਆਂ ਦੀ ਰੋਕਥਾਮ ਲਈ ਪੁਲਿਸ ਪ੍ਰਸ਼ਾਸਨ ਅਤੇ ਸਿਵਲ ਪ੍ਰਸ਼ਾਸਨ ਨੂੰ ਹਰ ਸੰਭਵ ਸਹਿਯੋਗ ਦੇਣਗੇ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਕੋਆਰਡੀਨੇਟਰ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀ ਨਸ਼ਿਆਂ ਦੇ ਖਾਤਮੇ ਲਈ ਪੁਲਿਸ ਪ੍ਰਸ਼ਾਸਨ, ਸਿਵਲ ਪ੍ਰਸ਼ਾਸਨ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਟੀਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਪਿੰਡ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ।




## ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਟੀਬੀ ਵਿਰੁੱਧ ਲੜਾਈ ਨੂੰ ਜਨ ਲਹਿਰ ਬਣਾਉਣ ਦਾ ਸੱਦਾ

# ਪੰਜਾਬ ਦੇ ਰਾਜਪਾਲ ਅਤੇ ਸਿਹਤ ਮੰਤਰੀ ਵੱਲੋਂ ਸਰਕਾਰੀ ਮੈਡੀਕਲ ਕਾਲਜ ਪਟਿਆਲਾ ਵਿਖੇ ਟੀਬੀ ਤੇ ਛਾਤੀ ਰੋਗਾਂ ਬਾਰੇ 81ਵੀਂ ਰਾਸ਼ਟਰੀ ਕਾਨਫਰੰਸ 'ਨੈਟਕੌਨ-2026' ਦਾ ਆਗਾਜ਼

**ਪਟਿਆਲਾ, 2 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਤਪਦਿਕ (ਟੀਬੀ) ਵਿਰੁੱਧ ਲੜਾਈ ਨੂੰ ਜਨ ਲਹਿਰ ਬਣਾਉਣ ਦਾ ਸੱਦਾ ਦਿੱਤਾ ਹੈ। ਰਾਜਪਾਲ ਨੇ ਅੱਜ ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਵਿਖੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨਾਲ ਤਪਦਿਕ (ਟੀਬੀ) ਅਤੇ ਫੇਫੜਿਆਂ ਦੀਆਂ ਬਿਮਾਰੀਆਂ ਬਾਰੇ 81ਵੀਂ ਰਾਸ਼ਟਰੀ ਕਾਨਫਰੰਸ 'ਨੈਟਕੌਨ-2026' ਦਾ ਉਦਘਾਟਨ ਕੀਤਾ। ਇਸ ਮੌਕੇ ਰਾਜਪਾਲ ਨੇ ਕਿਹਾ ਕਿ ਟੀਬੀ ਦਾ ਖਾਤਮਾ ਸਿਰਫ਼ ਸਰਕਾਰ ਜਾਂ ਸਿਹਤ ਵਿਭਾਗ ਦੀ ਇਕੱਲੀ ਜ਼ਿੰਮੇਵਾਰੀ ਨਹੀਂ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਪ੍ਰਣ ਕਰਨਾ ਹੋਵੇਗਾ ਕਿ ਕੋਈ ਵੀ ਟੀਬੀ ਮਰੀਜ਼ ਸਮੇਂ ਸਿਰ ਜਾਂਚ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਟੀਬੀ ਵਿਰੁੱਧ ਜਾਗਰੂਕਤਾ ਨੂੰ ਜਨ ਅੰਦੋਲਨ ਅਤੇ



ਲੋਕਾਂ ਦੀ ਸਰਗਰਮ ਭਾਗੀਦਾਰੀ ਦੀ ਮੁਹਿੰਮ ਬਣਾਉਣ ਦੀ ਲੋੜ ਹੈ।

ਰਾਜਪਾਲ ਨੇ ਸਾਲ 1939 ਵਿੱਚ ਸਥਾਪਿਤ ਟਿਊਬਰਕਲੋਸਿਸ ਐਸੋਸੀਏਸ਼ਨ ਆਫ਼ ਇੰਡੀਆ ਵੱਲੋਂ ਦਹਾਕਿਆਂ ਤੋਂ ਭਾਰਤ ਵਿੱਚ ਟੀਬੀ ਕੰਟਰੋਲ, ਜਨਤਕ ਜਾਗਰੂਕਤਾ, ਡਾਕਟਰੀ ਸਿੱਖਿਆ ਅਤੇ ਵਿਗਿਆਨਕ ਖੋਜ ਦੇ ਖੇਤਰ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਸੰਸਥਾ ਨੂੰ ਤਪਦਿਕ ਬਾਰੇ ਦੇਸ਼ ਦੀਆਂ ਵੱਖ-ਵੱਖ ਭਾਸ਼ਾਵਾਂ ਵਿੱਚ ਬੁਕਲੈਟ ਛਪਵਾ ਕੇ ਵਿਆਪਕ ਜਾਗਰੂਕਤਾ ਪੈਦਾ ਕਰਨ ਲਈ ਵੀ ਪ੍ਰੇਰਿਤ ਕੀਤਾ।

ਰਾਜਪਾਲ ਨੇ ਟੀਬੀ ਦੇ ਮਰੀਜ਼ਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਇਲਾਜ ਮੁਹੱਈਆ ਕਰਵਾਉਣ ਦੇ ਨਾਲ-ਨਾਲ ਪੌਸ਼ਟਿਕ ਖੁਰਾਕ ਉਪਲਬਧ ਕਰਵਾਉਣ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਨੇ 'ਨਿਕਸ਼ੇ ਮਿੱਤਰ' ਸਕੀਮ ਰਾਹੀਂ ਟੀਬੀ ਮਰੀਜ਼ਾਂ ਦੀ ਬਾਂਹ ਫੜੀ ਹੈ, ਜਦਕਿ ਇੰਡੀਅਨ ਰੈਡ ਕਰਾਸ ਸੁਸਾਇਟੀ ਵੀ ਅਜਿਹੇ ਮਰੀਜ਼ਾਂ ਦੀ ਮਦਦ ਕਰ ਰਹੀ ਹੈ।

ਗੁਲਾਬ ਚੰਦ ਕਟਾਰੀਆ ਨੇ ਪੰਜਾਬ ਵਿੱਚ ਪ੍ਰਤੀ ਲੱਖ ਆਬਾਦੀ ਪਿੱਛੇ ਟੀਬੀ ਦੇ ਮਰੀਜ਼ਾਂ ਦੀ ਗਿਣਤੀ ਕੌਮੀ ਔਸਤ ਨਾਲੋਂ ਵੱਧ ਹੋਣ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਨੇ ਸਾਲ 2030 ਤੱਕ ਟੀਬੀ ਦੇ ਖਾਤਮੇ ਦਾ ਟੀਚਾ ਰੱਖਿਆ ਹੈ। ਉਨ੍ਹਾਂ ਕਿਹਾ ਕਿ ਇਸ ਟੀਚੇ ਨੂੰ ਹਾਸਲ ਕਰਨ ਲਈ ਉੱਚ-ਜੋਖਮ ਵਾਲੀਆਂ ਆਬਾਦੀਆਂ ਤੱਕ ਪਹੁੰਚ, ਸਮੇਂ ਸਿਰ ਜਾਂਚ, ਮਰੀਜ਼ਾਂ ਨੂੰ ਨਿਰੰਤਰ ਇਲਾਜ, ਢੁਕਵੀਂ ਪੋਸ਼ਣ ਅਤੇ ਸਮਾਜਿਕ ਸਹਾਇਤਾ ਯਕੀਨੀ ਬਣਾਉਣ ਦੀ ਲੋੜ ਹੈ। ਉਂਜ, ਰਾਜਪਾਲ ਨੇ ਇਸ ਗੱਲ 'ਤੇ ਸੰਤੁਸ਼ਟੀ ਪ੍ਰਗਟਾਈ ਕਿ ਪਿਛਲੇ ਦਸ ਸਾਲਾਂ ਦੌਰਾਨ ਦੇਸ਼ ਵਿੱਚ ਟੀਬੀ ਦੇ ਮਾਮਲਿਆਂ ਵਿੱਚ 21 ਫ਼ੀਸਦੀ ਕਮੀ ਆਈ ਹੈ ਅਤੇ ਹੁਣ 92 ਫ਼ੀਸਦੀ ਟੀਬੀ ਮਰੀਜ਼ਾਂ ਦਾ ਇਲਾਜ ਕੀਤਾ ਜਾ ਰਿਹਾ ਹੈ, ਜਦਕਿ ਮੌਤ ਦਰ ਵਿੱਚ ਵੀ 28 ਫ਼ੀਸਦੀ ਕਮੀ ਦਰਜ ਕੀਤੀ ਗਈ ਹੈ।

ਰਾਜਪਾਲ ਕਟਾਰੀਆ ਨੇ ਸਾਰੇ ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਦੀ ਟੀਬੀ ਸਬੰਧੀ ਸਕਰੀਨਿੰਗ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪਹਿਲਾਂ ਇਹ ਧਾਰਨਾ ਸੀ ਕਿ ਟੀਬੀ ਦਾ ਮਰੀਜ਼ ਜ਼ਰੂਰ ਮਰ ਜਾਂਦਾ ਹੈ, ਪਰ ਹੁਣ ਟੀਬੀ ਦਾ ਇਲਾਜ ਸੰਭਵ ਹੈ ਅਤੇ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ।

# ਪੰਚਕੂਲਾ ਜ਼ੋਨ ਦੇ ਖਪਤਕਾਰ ਸ਼ਿਕਾਇਤ ਨਿਵਾਰਨ ਮੰਚ ਦੀ ਕਾਰਵਾਈ 12, 19 ਅਤੇ 27 ਅਕਤੂਬਰ ਨੂੰ

**ਚੰਡੀਗੜ੍ਹ, 2 ਅਕਤੂਬਰ**
**-ਸੰਜੀਵ ਸ਼ਰਮਾ-**

ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਖਪਤਕਾਰਾਂ ਨੂੰ ਭਰੋਸੇਯੋਗ, ਚੰਗੀ ਵੋਲਟੇਜ ਅਤੇ ਨਿਰਵਿਘਨ ਬਿਜਲੀ ਸਪਲਾਈ ਲਈ ਵਚਨਬੱਧ ਹੈ। 'ਪੂਰਨ ਖਪਤਕਾਰ ਸੰਤੁਸ਼ਟੀ' ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਬਿਜਲੀ ਨਿਗਮ ਵੱਲੋਂ ਕਈ ਅਭਿਲਾਸ਼ੀ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ ਤਾਂ ਜੋ ਖਪਤਕਾਰਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾ ਸਕੇ। ਉਪਰੋਕਤ ਜਾਣਕਾਰੀ ਦਿੰਦਿਆਂ ਬਿਜਲੀ ਨਿਗਮ ਦੇ ਬੁਲਾਰੇ ਨੇ ਦੱਸਿਆ ਕਿ ਜ਼ੋਨਲ ਖਪਤਕਾਰ ਸ਼ਿਕਾਇਤ ਨਿਵਾਰਨ ਮੰਚ ਰੈਗੂਲੇਸ਼ਨ 2.8.2 ਦੇ ਅਨੁਸਾਰ ਹਰ ਮਾਮਲੇ ਵਿੱਚ 1 ਲੱਖ ਰੁਪਏ ਤੋਂ ਵੱਧ ਅਤੇ 3 ਲੱਖ ਰੁਪਏ ਤੱਕ ਦੀ ਰਕਮ ਦੇ ਵਿੱਤੀ ਵਿਵਾਦਾਂ ਨਾਲ ਸਬੰਧਤ ਸ਼ਿਕਾਇਤਾਂ ਦੀ ਸੁਣਵਾਈ ਕਰੇਗਾ। ਪੰਚਕੂਲਾ ਜ਼ੋਨ ਦੇ ਅਧੀਨ ਆਉਂਦੇ ਜ਼ਿਲ੍ਹਿਆਂ (ਕੁਰੂਕਸ਼ੇਤਰ, ਅੰਬਾਲਾ, ਪੰਚਕੂਲਾ, ਕੈਥਲ ਅਤੇ ਯਮੁਨਾਨਗਰ) ਦੇ ਖਪਤਕਾਰਾਂ ਦੀਆਂ ਸ਼ਿਕਾਇਤਾਂ ਦਾ ਨਿਵਾਰਨ 12, 19 ਅਤੇ 27 ਅਕਤੂਬਰ ਨੂੰ ਜ਼ੋਨਲ ਖਪਤਕਾਰ ਸ਼ਿਕਾਇਤ ਨਿਵਾਰਨ ਮੰਚ, ਪੰਚਕੂਲਾ ਵਿਖੇ ਖਪਤਕਾਰਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਚਕੂਲਾ ਜ਼ੋਨ ਦੇ ਅਧੀਨ ਆਉਂਦੇ ਜ਼ਿਲ੍ਹਿਆਂ ਦੇ ਖਪਤਕਾਰਾਂ ਦੇ ਗਲਤ ਬਿੱਲਾਂ, ਬਿਜਲੀ ਦੀਆਂ ਦਰਾਂ ਨਾਲ ਸਬੰਧਤ ਮਾਮਲਿਆਂ, ਮੀਟਰ ਸਿਕਿਓਰਟੀ ਨਾਲ ਜੁੜੇ ਮਾਮਲਿਆਂ, ਖਰਾਬ ਹੋਏ ਮੀਟਰਾਂ ਨਾਲ ਸਬੰਧਤ ਮਾਮਲਿਆਂ, ਵੋਲਟੇਜ ਨਾਲ ਜੁੜੇ ਹੋਏ ਮਾਮਲਿਆਂ ਦਾ ਨਿਪਟਾਰਾ ਕੀਤਾ ਜਾਵੇਗਾ। ਇਸ ਦੌਰਾਨ ਬਿਜਲੀ ਚੋਰੀ, ਬਿਜਲੀ ਦੀ ਦੁਰਵਰਤੋਂ ਅਤੇ ਘਾਤਕ-ਗੈਰ-ਘਾਤਕ ਹਾਦਸੇ ਆਦਿ ਮਾਮਲਿਆਂ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। ਖਪਤਕਾਰ ਅਤੇ ਨਿਗਮ ਵਿਚਕਾਰ ਕਿਸੇ ਵੀ ਵਿਵਾਦ ਦੇ ਨਿਪਟਾਰੇ ਲਈ ਫੋਰਮ ਵਿੱਚ ਵਿੱਤੀ ਵਿਵਾਦਾਂ ਨਾਲ ਸਬੰਧਤ ਸ਼ਿਕਾਇਤ ਪੇਸ਼ ਕਰਨ ਤੋਂ ਪਹਿਲਾਂ ਪਿਛਲੇ ਛੇ ਮਹੀਨਿਆਂ ਦੌਰਾਨ ਖਪਤਕਾਰ ਵੱਲੋਂ ਭੁਗਤਾਨ ਕੀਤੇ ਗਏ ਬਿਜਲੀ ਦੇ ਔਸਤ ਚਾਰਜ ਦੇ ਆਧਾਰ 'ਤੇ ਗਣਨਾ ਕੀਤੀ ਗਈ ਹਰ ਮਹੀਨੇ ਲਈ ਦਾਅਵਾ ਕੀਤੀ ਗਈ ਰਕਮ ਜਾਂ ਉਸ ਵੱਲੋਂ ਦੇਣਯੋਗ ਬਿਜਲੀ ਚਾਰਜ ਦੇ ਬਰਾਬਰ ਰਕਮ, ਜੋ ਘੱਟ ਹੈ, ਖਪਤਕਾਰ ਨੂੰ ਜਮ੍ਹਾ ਕਰਵਾਉਣੀ ਹੋਵੇਗੀ। ਇਸ ਦੌਰਾਨ ਖਪਤਕਾਰ ਨੂੰ ਤਸਦੀਕ ਕਰਨਾ ਹੋਵੇਗਾ ਕਿ ਇਹ ਮਾਮਲਾ ਅਦਾਲਤ, ਅਥਾਰਟੀ ਜਾਂ ਫੋਰਮ ਦੇ ਸਾਹਮਣੇ ਪੈਂਡਿੰਗ (ਲੰਬਿਤ) ਨਹੀਂ ਹੈ, ਕਿਉਂਕਿ ਇਸ ਅਦਾਲਤ ਜਾਂ ਫੋਰਮ ਵਿੱਚ ਵਿਚਾਰਧੀਨ ਮਾਮਲਿਆਂ 'ਤੇ ਮੀਟਿੰਗ ਦੌਰਾਨ ਵਿਚਾਰ ਨਹੀਂ ਕੀਤਾ ਜਾਵੇਗਾ।

# ਪਿਹੋਵਾ ਸ਼ਹਿਰ ਦੀ ਅੰਦਰੂਨੀ ਸੜਕ ਦੇ ਸੁਧਾਰ ਨੂੰ ਸਰਕਾਰ ਦੀ ਮਨਜ਼ੂਰੀ : ਰਣਬੀਰ ਗੰਗਵਾ

**ਚੰਡੀਗੜ੍ਹ, 2 ਅਕਤੂਬਰ**
**-ਸੰਜੀਵ ਸਿੰਗਲਾ-**

ਪਿਹੋਵਾ ਸ਼ਹਿਰ ਵਿੱਚ ਲੋਕਾਂ ਨੂੰ ਬਿਹਤਰ ਅਤੇ ਸੁਗਮ ਆਵਾਜਾਈ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਸਰਕਾਰ ਨੇ ਅੰਦਰੂਨੀ ਸੜਕ ਦੇ ਸੁਧਾਰ ਕਾਰਜ ਨੂੰ ਮਨਜ਼ੂਰੀ ਦੇ ਦਿੱਤੀ ਹੈ। ਲੋਕ ਨਿਰਮਾਣ ਅਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਸਿੰਘ ਗੰਗਵਾ ਨੇ ਦੱਸਿਆ ਕਿ ਪਿਹੋਵਾ ਸ਼ਹਿਰ ਦੀ ਆਰ.ਡੀ. 50.860 ਤੋਂ 58.860 ਕਿਲੋਮੀਟਰ ਤੱਕ ਦੀ ਅੰਦਰੂਨੀ ਸੜਕ 'ਤੇ 30 ਐੱਮ.ਐੱਮ. ਬੀ.ਸੀ. ਕਾਰਪੇਟਿੰਗ ਦਾ ਕੰਮ ਕੀਤਾ ਜਾਵੇਗਾ। ਇਸ ਨਾਲ ਸੜਕ ਦੀ



ਹਾਲਤ ਵਿੱਚ ਸੁਧਾਰ ਹੋਵੇਗਾ ਅਤੇ ਵਾਹਨ ਚਾਲਕਾਂ ਸਮੇਤ ਆਮ ਲੋਕਾਂ ਨੂੰ ਆਵਾਜਾਈ ਵਿੱਚ ਸਹੂਲਤ ਮਿਲੇਗੀ।

ਇਹ ਸੜਕ ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ (ਐੱਨ.ਐੱਚ.ਏ.ਆਈ.) ਤੋਂ ਤਬਦੀਲ ਹੋਈ ਹੈ। ਸੜਕ ਦੀ ਮੌਜੂਦਾ ਹਾਲਤ ਨੂੰ ਦੇਖਦੇ ਹੋਏ ਅੱਗੇ ਹੋਣ ਵਾਲੇ ਨੁਕਸਾਨ ਨੂੰ ਰੋਕਣ ਅਤੇ ਸੜਕ ਉਪਭੋਗਤਾਵਾਂ ਨੂੰ ਹੋਣ ਵਾਲੀ ਅਸੁਵਿਧਾ ਤੋਂ ਬਚਾਉਣ ਲਈ 30 ਐੱਮ.ਐੱਮ. ਬੀ.ਸੀ. ਕਾਰਪੇਟਿੰਗ ਦਾ ਕੰਮ ਕੀਤਾ ਜਾਵੇਗਾ।ਮੰਤਰੀ ਸ੍ਰੀ ਰਣਬੀਰ ਸਿੰਘ ਗੰਗਵਾ ਨੇ ਕਿਹਾ ਕਿ ਪ੍ਰਦੇਸ਼ ਸਰਕਾਰ ਲੋਕਾਂ ਨੂੰ ਬਿਹਤਰ ਸੜਕ ਅਤੇ ਆਵਾਜਾਈ ਦੀਆਂ ਸਹੂਲਤਾਂ ਉਪਲਬਧ ਕਰਵਾਉਣ ਲਈ ਵਚਨਬੱਧ ਹੈ। ਸੜਕਾਂ ਦੀ ਮਜ਼ਬੂਤੀ ਅਤੇ ਬਿਹਤਰ ਰੱਖ-ਰਖਾਅ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੋ ਆਮ ਲੋਕਾਂ ਨੂੰ ਸੁਰੱਖਿਅਤ, ਸੁਗਮ ਅਤੇ ਸੁਵਿਧਾਜਨਕ ਆਵਾਜਾਈ ਮਿਲ ਸਕੇ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ 4 ਤੋਂ 6 ਅਕਤੂਬਰ ਤੱਕ ਸਿੰਗਾਪੁਰ ਦੌਰੇ 'ਤੇ

**ਚੰਡੀਗੜ੍ਹ 2 ਅਕਤੂਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ 4 ਤੋਂ 6 ਅਕਤੂਬਰ ਤੱਕ ਸਿੰਗਾਪੁਰ ਦੇ ਤਿੰਨ ਦਿਨਾਂ ਮਹੱਤਵਪੂਰਨ ਦੌਰੇ 'ਤੇ ਰਹਿਣਗੇ। ਇਸ ਦੌਰੇ ਦਾ ਉਦੇਸ਼ ਹਰਿਆਣਾ ਅਤੇ ਸਿੰਗਾਪੁਰ ਵਿਚਕਾਰ ਨਿਵੇਸ਼, ਉਦਯੋਗਿਕ ਸਹਿਯੋਗ, ਤਕਨੀਕੀ ਭਾਈਵਾਲੀ ਅਤੇ ਹੁਨਰ ਵਿਕਾਸ ਦੇ ਨਵੇਂ ਮੌਕਿਆਂ ਨੂੰ ਤਲਾਸ਼ਣਾ ਅਤੇ ਉਨ੍ਹਾਂ ਨੂੰ ਠੋਸ ਰੂਪ ਦੇਣਾ ਹੈ। ਮੁੱਖ ਮੰਤਰੀ ਆਪਣੇ ਦੌਰੇ ਦੌਰਾਨ ਲੌਜਿਸਟਿਕਸ, ਸੈਮੀਕੰਡਕਟਰ, ਅਤਿ-ਆਧੁਨਿਕ ਨਿਰਮਾਣ, ਐਗਰੋ ਅਤੇ ਖਾਧ ਪ੍ਰੋਸੈਸਿੰਗ, ਗਲੋਬਲ ਕੈਪੇਬਿਲਟੀ ਸੈਂਟਰ (ਜੀ.ਸੀ.ਸੀ.), ਵਿਮਾਨਅਨ ਅਤੇ ਸਿੱਖਿਆ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਆਪਸੀ ਸਹਿਯੋਗ ਅਤੇ ਨਿਵੇਸ਼ ਦੀਆਂ ਸੰਭਾਵਨਾਵਾਂ 'ਤੇ ਚਰਚਾ ਕਰਨਗੇ। ਰਾਜ ਸਰਕਾਰ ਦਾ ਟੀਚਾ ਹਰਿਆਣਾ ਨੂੰ ਵਿਸ਼ਵਵਕ ਨਿਵੇਸ਼ਕਾਂ ਲਈ ਹੋਰ ਜ਼ਿਆਦਾ ਅਨੁਕੂਲ, ਪ੍ਰਤੀਯੋਗੀ ਅਤੇ ਨਵੀਨਤਾ-ਆਧੁਨਿਕ ਉਦਯੋਗਿਕ ਟਿਕਾਣੇ ਵਜੋਂ ਸਥਾਪਿਤ ਕਰਨਾ ਹੈ।

ਸਿੰਗਾਪੁਰ ਦੌਰੇ ਦੌਰਾਨ ਮੁੱਖ ਮੰਤਰੀ ਵੱਖ-ਵੱਖ ਪ੍ਰਤਿਸ਼ਠਿਤ ਉਦਯੋਗ ਸਮੂਹਾਂ, ਨਿਵੇਸ਼ਕਾਂ, ਕਾਰਪੋਰੇਟ ਪ੍ਰਤੀਨਿਧੀਆਂ ਅਤੇ ਖੇਤਰ-ਵਿਸ਼ੇਸ਼ ਦੇ ਮਾਹਰਾਂ ਨਾਲ ਰਾਊਂਡ ਟੇਬਲ ਕਾਨਫਰੰਸ ਵਿੱਚ ਹਿੱਸਾ ਲੈਣਗੇ। ਇਨ੍ਹਾਂ ਮੀਟਿੰਗਾਂ ਵਿੱਚ ਹਰਿਆਣਾ ਦੀ ਉਦਯੋਗਿਕ ਨੀਤੀ, ਨਿਵੇਸ਼-ਅਨੁਕੂਲ ਮਾਹੌਲ, ਮਜ਼ਬੂਤ ਬੁਨਿਆਦੀ ਢਾਂਚੇ, ਬਿਹਤਰ ਕਨੈਕਟੀਵਿਟੀ, ਕੁਸ਼ਲ ਮਨੁੱਖੀ ਸਰੋਤ ਅਤੇ ਤੇਜ਼ੀ ਨਾਲ ਵਿਕਸਤ ਹੋ ਰਹੇ ਉਦਯੋਗਿਕ ਕੋਰੀਡੋਰਾਂ ਦੀਆਂ ਸੰਭਾਵਨਾਵਾਂ ਨੂੰ ਪੇਸ਼ ਕੀਤਾ ਜਾਵੇਗਾ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਿਵੇਸ਼ਕਾਂ ਨਾਲ ਵਨ-ਟੂ-ਵਨ ਮੀਟਿੰਗਾਂ ਵੀ ਕਰਨਗੇ। ਇਨ੍ਹਾਂ ਮੀਟਿੰਗਾਂ ਵਿੱਚ ਸਿੰਗਾਪੁਰ ਦੀਆਂ ਕੰਪਨੀਆਂ ਨੂੰ ਹਰਿਆਣਾ ਵਿੱਚ ਨਿਰਮਾਣ ਇਕਾਈਆਂ ਸਥਾਪਿਤ ਕਰਨ, ਖੋਜ ਅਤੇ ਵਿਕਾਸ ਕੇਂਦਰ ਬਣਾਉਣ, ਲੌਜਿਸਟਿਕਸ ਅਤੇ ਵੇਅਰਹਾਊਸਿੰਗ ਸਹੂਲਤਾਂ ਵਿੱਚ ਨਿਵੇਸ਼ ਕਰਨ, ਖਾਧ ਪ੍ਰੋਸੈਸਿੰਗ ਖੇਤਰ ਦਾ ਵਿਸਥਾਰ ਕਰਨ ਅਤੇ ਉੱਚ ਤਕਨੀਕ ਆਧੁਨਿਕ ਉਦਯੋਗਾਂ ਵਿੱਚ ਭਾਈਵਾਲੀ ਲਈ ਸੱਦਾ ਦਿੱਤਾ ਜਾਵੇਗਾ। ਰਾਜ ਸਰਕਾਰ ਖਾਸ ਤੌਰ 'ਤੇ ਸੈਮੀਕੰਡਕਟਰ ਅਤੇ ਉੱਨਤ ਨਿਰਮਾਣ ਜਿਹੇ ਭਵਿੱਖ-ਕੇਂਦ੍ਰਿਤ ਖੇਤਰਾਂ ਵਿੱਚ ਨਿਵੇਸ਼ ਆਕਰਸ਼ਿਤ ਕਰਨ 'ਤੇ ਜ਼ੋਰ ਦੇ ਰਹੀ ਹੈ। ਇਸ ਦੇ ਨਾਲ ਹੀ ਗਲੋਬਲ ਕੈਪੇਬਿਲਟੀ ਸੈਂਟਰ ਖੇਤਰ ਵਿੱਚ ਹਰਿਆਣਾ ਦੀ ਸਮਰੱਥਾ, ਆਈ.ਟੀ. ਅਤੇ ਤਕਨੀਕੀ ਪ੍ਰਤਿਭਾ, ਰਾਸ਼ਟਰੀ ਰਾਜਧਾਨੀ ਖੇਤਰ ਨਾਲ ਨੇੜਤਾ ਅਤੇ ਵਿਸ਼ਵ ਪੱਧਰੀ ਸ਼ਹਿਰੀ ਢਾਂਚੇ ਨੂੰ



ਨਿਵੇਸ਼ਕਾਂ ਦੇ ਸਾਹਮਣੇ ਪ੍ਰਮੁੱਖਤਾ ਨਾਲ ਰੱਖਿਆ ਜਾਵੇਗਾ।

ਖੇਤੀ ਪ੍ਰਧਾਨ ਰਾਜ ਹੋਣ ਦੇ ਨਾਤੇ ਹਰਿਆਣਾ ਐਗਰੋ ਅਤੇ ਖਾਧ ਪ੍ਰੋਸੈਸਿੰਗ ਦੇ ਖੇਤਰ ਵਿੱਚ ਵੀ ਵਿਆਪਕ ਸੰਭਾਵਨਾਵਾਂ ਰੱਖਦਾ ਹੈ। ਮੁੱਖ ਮੰਤਰੀ ਸਿੰਗਾਪੁਰ ਦੇ ਨਿਵੇਸ਼ਕਾਂ ਅਤੇ ਖਾਧ ਉਦਯੋਗ ਨਾਲ ਜੁੜੇ ਪ੍ਰਤੀਨਿਧੀਆਂ ਨਾਲ ਆਧੁਨਿਕ ਫੂਡ ਪ੍ਰੋਸੈਸਿੰਗ, ਕੋਲਡ-ਚੇਨ, ਵੈਲਿਊ ਐਡੀਸ਼ਨ, ਨਿਰਯਾਤ-ਮੁਖੀ ਉਤਪਾਦਨ ਅਤੇ ਖੇਤੀ ਉਤਪਾਦਾਂ ਲਈ ਵਿਸ਼ਵਵਕ ਬਾਜ਼ਾਰ ਉਪਲਬਧ ਕਰਾਉਣ ਵਰਗੇ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕਰਨਗੇ। ਵਿਮਾਨਅਨ, ਲੌਜਿਸਟਿਕਸ ਅਤੇ ਸਪਲਾਈ-ਚੇਨ ਪ੍ਰਬੰਧਨ ਦੇ ਖੇਤਰਾਂ ਵਿੱਚ ਵੀ ਸਿੰਗਾਪੁਰ ਦੀ ਮਾਹਰਤਾ ਦਾ ਲਾਭ ਹਰਿਆਣਾ ਨੂੰ ਮਿਲ ਸਕਦਾ ਹੈ। ਦੌਰੇ ਦੌਰਾਨ ਇਨ੍ਹਾਂ ਖੇਤਰਾਂ ਵਿੱਚ ਆਧੁਨਿਕ ਤਕਨੀਕ, ਦੱਖ ਪ੍ਰਬੰਧਨ, ਵੇਅਰਹਾਊਸਿੰਗ, ਮਲਟੀਮੋਡਲ ਕਨੈਕਟੀਵਿਟੀ ਅਤੇ ਉਦਯੋਗਿਕ ਢੋਆ-ਢੁਆਈ ਪ੍ਰਣਾਲੀ ਨਾਲ ਸਬੰਧਤ ਭਾਈਵਾਲੀ ਦੀਆਂ ਸੰਭਾਵਨਾਵਾਂ 'ਤੇ ਚਰਚਾ ਕੀਤੀ ਜਾਵੇਗੀ।

ਸਿੱਖਿਆ ਅਤੇ ਹੁਨਰ ਵਿਕਾਸ ਦੇ ਖੇਤਰ ਵਿੱਚ ਵੀ ਸਹਿਯੋਗ ਮੁੱਖ ਮੰਤਰੀ ਦੇ ਦੌਰੇ ਦਾ ਮਹੱਤਵਪੂਰਨ ਹਿੱਸਾ ਰਹੇਗਾ। ਹਰਿਆਣਾ ਸਰਕਾਰ ਦਾ ਉਦੇਸ਼ ਵਿਸ਼ਵ ਪੱਧਰੀ ਸੰਸਥਾਨਾਂ, ਉਦਯੋਗਾਂ ਅਤੇ ਸਿਖਲਾਈ ਏਜੰਸੀਆਂ ਨਾਲ ਮਿਲ ਕੇ ਨੌਜਵਾਨਾਂ ਨੂੰ ਭਵਿੱਖ ਦੀਆਂ ਜ਼ਰੂਰਤਾਂ ਦੇ ਅਨੁਕੂਲ ਤਕਨੀਕੀ ਅਤੇ ਉਦਯੋਗਿਕ ਹੁਨਰ ਉਪਲਬਧ ਕਰਾਉਣਾ ਹੈ। ਮੁੱਖ ਮੰਤਰੀ 6 ਅਕਤੂਬਰ ਨੂੰ ਸਿੰਗਾਪੁਰ ਵਿੱਚ ਸਿੱਖ ਬਿਜ਼ਨਸਮੈਨ ਅਤੇ ਪ੍ਰਵਾਸੀ ਭਾਰਤੀ ਉਦਯੋਗਪਤੀਆਂ ਨੂੰ ਵੀ ਮਿਲਣਗੇ। ਇਸ ਦੌਰਾਨ ਉਨ੍ਹਾਂ ਨੂੰ ਹਰਿਆਣਾ ਵਿੱਚ ਨਿਵੇਸ਼, ਉਦਯੋਗ ਸਥਾਪਨਾ ਅਤੇ ਸਮਾਜਿਕ-ਆਰਥਿਕ ਵਿਕਾਸ ਨਾਲ ਜੁੜਨ ਦੇ ਮੌਕਿਆਂ ਦੀ ਜਾਣਕਾਰੀ ਦਿੱਤੀ ਜਾਵੇਗੀ। ਮੁੱਖ ਮੰਤਰੀ ਪ੍ਰਵਾਸੀ ਉਦਯੋਗਪਤੀਆਂ ਨੂੰ ਹਰਿਆਣਾ ਦੇ ਵਿਕਾਸ ਅਭਿਆਨ ਵਿੱਚ ਸਰਗਰਮ ਭਾਗੀਦਾਰੀ ਦਾ ਸੱਦਾ ਦੇਣਗੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਆਪਣੇ ਦੌਰੇ ਦੌਰਾਨ ਨਿਵੇਸ਼ਕਾਂ ਅਤੇ ਉਦਯੋਗ ਜਗਤ ਦੇ ਪ੍ਰਤੀਨਿਧੀਆਂ ਨੂੰ ਅਗਲੇ ਸਾਲ ਆਯੋਜਿਤ ਹੋਣ ਵਾਲੇ 'ਹੈਪਨਿੰਗ ਹਰਿਆਣਾ' ਵਿੱਚ ਹਿੱਸਾ ਲੈਣ ਦਾ ਸੱਦਾ ਵੀ ਦੇਣਗੇ। ਇਹ ਆਯੋਜਨ ਹਰਿਆਣਾ ਦੀ ਉਦਯੋਗਿਕ ਸਮਰੱਥਾ, ਨਿਵੇਸ਼ ਪ੍ਰੋਜੈਕਟਾਂ, ਨਵੀਨਤਾ, ਸਟਾਰਟਅੱਪ, ਨਿਰਮਾਣ ਅਤੇ ਵਿਸ਼ਵਵਕ ਸਹਿਯੋਗ ਦੀਆਂ ਸੰਭਾਵਨਾਵਾਂ ਨੂੰ ਇੱਕ ਮੰਚ 'ਤੇ ਪੇਸ਼ ਕਰਨ ਦਾ ਮਹੱਤਵਪੂਰਨ ਮੌਕਾ ਹੋਵੇਗਾ।

ਮੁੱਖ ਮੰਤਰੀ ਦੇ ਨਾਲ ਮੁੱਖ ਮੰਤਰੀ ਦਫ਼ਤਰ ਦੇ ਸੀਨੀਅਰ ਅਧਿਕਾਰੀ ਅਤੇ ਉਦਯੋਗ ਤੇ ਵਣਜ ਵਿਭਾਗ ਦੇ ਅਧਿਕਾਰੀਆਂ ਦਾ ਇੱਕ ਵਫ਼ਦ ਵੀ ਸਿੰਗਾਪੁਰ ਜਾਵੇਗਾ। ਵਫ਼ਦ ਨਿਵੇਸ਼ਕਾਂ ਅਤੇ ਸੰਸਥਾਨਾਂ ਨਾਲ ਹੋਣ ਵਾਲੀਆਂ ਮੀਟਿੰਗਾਂ ਵਿੱਚ ਹਰਿਆਣਾ ਸਰਕਾਰ ਦੀਆਂ ਨੀਤੀਆਂ, ਪ੍ਰੋਜੈਕਟਾਂ ਅਤੇ ਨਿਵੇਸ਼ ਸਹੂਲਤਾਂ ਦਾ ਵਿਸਤ੍ਰਿਤ ਪੇਸ਼ਕਾਰੀ ਦੇਵੇਗਾ। ਮੁੱਖ ਮੰਤਰੀ ਦਾ ਇਹ ਦੌਰਾ ਹਰਿਆਣਾ ਦੀ ਅਰਥਵਿਵਸਥਾ ਨੂੰ ਨਵੀਂ ਗਤੀ ਦੇਣ, ਰੁਜ਼ਗਾਰ ਦੇ ਮੌਕੇ ਵਧਾਉਣ, ਅਤਿ-ਆਧੁਨਿਕ ਉਦਯੋਗਾਂ ਨੂੰ ਆਕਰਸ਼ਿਤ ਕਰਨ ਅਤੇ ਰਾਜ ਨੂੰ ਨਿਵੇਸ਼ ਨਕਸ਼ੇ 'ਤੇ ਹੋਰ ਜ਼ਿਆਦਾ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲ ਮੰਨਿਆ ਜਾ ਰਿਹਾ ਹੈ।

# ਮਹਾਤਮਾ ਗਾਂਧੀ ਜਯੰਤੀ 'ਤੇ ਸਾਰੀਆਂ ਗ੍ਰਾਮ ਪੰਚਾਇਤਾਂ ਵਿੱਚ ਆਯੋਜਿਤ ਹੋਵੇਗੀ ਵਿਸ਼ੇਸ਼ ਗ੍ਰਾਮ ਸਭਾ, ਚੁਕਾਈ ਜਾਵੇਗੀ ਸਫ਼ਾਈ ਦੀ ਸਹੁੰ

**ਚੰਡੀਗੜ੍ਹ, 2 ਅਕਤੂਬਰ**
**-ਹਰਮਨਪ੍ਰੀਤ ਕੌਰ-**

ਹਰਿਆਣਾ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਨਿਰਦੇਸ਼ਾਂ ਅਨੁਸਾਰ ਰਾਸ਼ਟਰਪਿਤਾ ਮਹਾਤਮਾ ਗਾਂਧੀ ਜਯੰਤੀ ਦੇ ਮੌਕੇ 'ਤੇ ਪੂਰੇ ਸੂਬੇ ਵਿੱਚ ਸਾਰੀਆਂ ਗ੍ਰਾਮ ਪੰਚਾਇਤਾਂ ਵਿੱਚ ਸਫ਼ਾਈ ਦਿਵਸ ਮਨਾਇਆ ਜਾਵੇਗਾ। ਇਸ ਦੌਰਾਨ ਸਵੇਰੇ 11 ਵਜੇ ਵਿਸ਼ੇਸ਼ ਗ੍ਰਾਮ ਸਭਾਵਾਂ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਪਿੰਡ ਵਾਸੀਆਂ ਨੂੰ ਸਫ਼ਾਈ ਦੀ ਸਹੁੰ ਚੁਕਾਈ ਜਾਵੇਗੀ।

ਇੱਕ ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਸ਼ੇਸ਼ ਗ੍ਰਾਮ ਸਭਾ ਰਾਹੀਂ ਪਿੰਡ ਵਾਸੀਆਂ ਨੂੰ ਸਫ਼ਾਈ ਦੇ ਮਹੱਤਵ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਨਾਲ ਹੀ, ਪਿੰਡ ਵਾਸੀਆਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਜਨ-ਭਲਾਈਕਾਰੀ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਜਾਵੇਗੀ ਅਤੇ ਯੋਗ ਲੋਕਾਂ ਨੂੰ ਯੋਜਨਾਵਾਂ ਦਾ ਲਾਭ ਵੀ ਦਿਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਦਿਨ ਪਿੰਡ ਵਿੱਚ ਜਨ ਯੋਜਨਾ ਅਭਿਆਨ, ਜਨ-ਭਲਾਈਕਾਰੀ ਯੋਜਨਾ ਦੀ ਪ੍ਰਾਪਤੀ ਪਿੰਡ ਵਾਸੀਆਂ ਦੇ ਸਾਹਮਣੇ ਰੱਖਣਾ, ਗ੍ਰਾਮ ਸਭਾਵਾਂ ਵਿੱਚ ਪਿੰਡ ਵਾਸੀਆਂ ਦੀ ਭਾਗੀਦਾਰੀ ਯਕੀਨੀ ਬਣਾਉਂਦੇ ਹੋਏ ਪਿੰਡਾਂ ਦੇ ਵਿਕਾਸ ਨਾਲ ਜੁੜੇ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ ਜਾਵੇਗੀ ਅਤੇ ਜ਼ਰੂਰੀ ਮਤੇ ਪਾਸ ਕੀਤੇ ਜਾਣਗੇ।

ਗ੍ਰਾਮ ਪੰਚਾਇਤ ਵਿਕਾਸ ਯੋਜਨਾ ਤਿਆਰ ਕਰਨ ਦੀ ਪ੍ਰਕਿਰਿਆ ਪੂਰੀ ਕੀਤੀ ਜਾਵੇਗੀ। ਇਸ ਦੇ ਨਾਲ ਹੀ ਸੇਵਾ ਸੰਕਲਪ ਅਭਿਆਨ ਦੇ ਤਹਿਤ ਪਿੰਡ ਵਿੱਚ ਕੀਤੇ ਗਏ ਜਨ-ਭਲਾਈਕਾਰੀ ਅਤੇ ਸੇਵਾ ਕਾਰਜਾਂ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਜਾਣਕਾਰੀ ਗ੍ਰਾਮ ਸਭਾ ਦੇ ਸਾਹਮਣੇ ਰੱਖੀ ਜਾਵੇਗੀ ਅਤੇ ਆਗਾਮੀ ਜਨ-ਸੇਵਾ ਕਾਰਜਾਂ ਦੀ ਪ੍ਰਾਥਮਿਕਤਾ ਪਿੰਡ ਵਾਸੀਆਂ ਨਾਲ ਮਿਲ ਕੇ ਤੈਅ ਕੀਤੀ ਜਾਵੇਗੀ।

ਇਸੇ ਤਰ੍ਹਾਂ, ਸਫ਼ਾਈ ਹੀ ਸੇਵਾ ਅਭਿਆਨ ਦੇ ਤਹਿਤ ਪੰਚਾਇਤ, ਸਰਪੰਚ, ਸਫ਼ਾਈ ਮਿੱਤਰ, ਸਵੈ-ਸਹਾਇਤਾ ਸਮੂਹ, ਯੂਥ ਕਲੱਬ, ਲਾਇਬ੍ਰੇਰੀ ਅਧਿਕਾਰੀ, ਸਕਾਊਟਸ ਅਤੇ ਗਾਈਡਜ਼ ਅਤੇ ਆਸ਼ਾ ਅਤੇ ਆਂਗਣਵਾੜੀ ਵਰਕਰਾਂ ਸਮੇਤ ਗ੍ਰਾਮ ਪੰਚਾਇਤ ਦੇ ਸਟੇਕਹੋਲਡਰਾਂ ਨੂੰ ਇੱਕ ਮੰਚ 'ਤੇ ਲਿਆ ਕੇ ਪਿੰਡ ਵਿੱਚ ਸਫ਼ਾਈ ਦੀ ਸਥਿਤੀ ਦੀ ਸਮੀਖਿਆ ਕੀਤੀ ਜਾਵੇਗੀ। ਪੰਚਾਇਤ ਰਾਜ ਵਿਭਾਗ ਅਤੇ ਵਿਕਸਿਤ ਭਾਰਤ ਜੀ ਰਾਮ ਜੀ ਯੋਜਨਾ ਦੇ ਤਹਿਤ ਪਿੰਡ ਦੀਆਂ ਸਥਾਨਕ ਲੋੜਾਂ ਅਤੇ ਸਮੁੱਚੇ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਯੋਜਨਾ ਤਿਆਰ ਕਰਕੇ ਗ੍ਰਾਮ ਸਭਾ ਵਿੱਚ ਰਸਮੀ ਮਤਾ ਪਾਸ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਜਲ ਅਰਪਣ ਅਭਿਆਨ ਦੀਆਂ ਗਤੀਵਿਧੀਆਂ ਨੂੰ ਵੀ ਵਿਸ਼ੇਸ਼ ਗ੍ਰਾਮ ਸਭਾ ਵਿੱਚ ਸ਼ਾਮਲ ਕੀਤਾ ਜਾਵੇਗਾ। ਜਨ ਸਿਹਤ ਇੰਜੀਨੀਅਰਿੰਗ ਵਿਭਾਗ ਅਤੇ ਜਲ ਜੀਵਨ ਮਿਸ਼ਨ ਦੇ ਸਹਿਯੋਗ ਨਾਲ ਜਲ ਸਰੋਤਾਂ ਦੀ ਦੇਖਭਾਲ, ਪਾਣੀ ਦੀ ਉਪਲਬਧਤਾ, ਸਫ਼ਾਈ ਅਤੇ 'ਹਰ ਘਰ ਜਲ' ਵਿਵਸਥਾ ਦੇ ਨਿਰੰਤਰ ਸੰਚਾਲਨ ਦੀ ਸਮੀਖਿਆ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਅਭਿਆਨ ਦੇ ਸਫ਼ਲ ਸੰਚਾਲਨ ਲਈ ਬਲਾਕ ਪੱਧਰ 'ਤੇ ਸਬੰਧਤ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀ ਨੂੰ ਨੋਡਲ ਅਧਿਕਾਰੀ ਬਣਾਇਆ ਗਿਆ ਹੈ। ਉਨ੍ਹਾਂ ਨੇ ਸਾਰੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 2 ਅਕਤੂਬਰ ਨੂੰ ਆਯੋਜਿਤ ਵਿਸ਼ੇਸ਼ ਗ੍ਰਾਮ ਸਭਾਵਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਹਿੱਸਾ ਲੈਣ ਅਤੇ ਸਫ਼ਾਈ ਦੇ ਇਸ ਅਭਿਆਨ ਨੂੰ ਸਫ਼ਲ ਬਣਾਉਣ।

# ਰਾਸ਼ਟਰੀ ਆਈਜੀਓਟੀ ਕਰਮਯੋਗੀ ਰੈਂਕਿੰਗ ਵਿੱਚ ਸ਼੍ਰੇਣੀ-ਬੀ ਵਿੱਚ ਹਰਿਆਣਾ ਪਹਿਲੇ ਸਥਾਨ 'ਤੇ, 60.72 ਅੰਕ ਕੀਤੇ ਹਾਸਲ

**ਚੰਡੀਗੜ੍ਹ, 2 ਅਕਤੂਬਰ**
**-ਜੀ. ਐਸ. ਤੁੰਗ-**

ਹਰਿਆਣਾ ਨੇ ਰਾਸ਼ਟਰੀ ਆਈਜੀਓਟੀ ਕਰਮਯੋਗੀ ਮੰਚ 'ਤੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਰੈਂਕਿੰਗ ਵਿੱਚ ਸ਼੍ਰੇਣੀ-ਬੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਹਰਿਆਣਾ ਨੇ 60.72 ਅੰਕ ਪ੍ਰਾਪਤ ਕੀਤੇ ਹਨ। ਇਹ ਰੈਂਕਿੰਗ ਸਰਕਾਰੀ ਕਰਮਚਾਰੀਆਂ ਦੇ ਸਮਰੱਥਾ ਨਿਰਮਾਣ ਅਤੇ ਲਗਾਤਾਰ ਸਿੱਖਣ ਦੀਆਂ ਗਤੀਵਿਧੀਆਂ ਦੇ ਮੁਲਾਂਕਣ 'ਤੇ ਆਧਾਰਿਤ ਹੈ।ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਇੱਕ ਪੱਤਰ ਵਿੱਚ ਕਿਹਾ ਗਿਆ ਹੈ ਕਿ ਕੇਂਦਰੀ ਪ੍ਰਸੋਨਲ ਅਤੇ ਸਿਖਲਾਈ ਵਿਭਾਗ ਦੇ ਅਧੀਨ ਕਰਮਯੋਗੀ ਭਾਰਤ ਵੱਲੋਂ ਜਾਰੀ ਸੂਚਨਾ ਅਨੁਸਾਰ, 31 ਅਗਸਤ, 2026 ਤੱਕ ਦੇ ਅੰਕੜਿਆਂ ਦੇ ਆਧਾਰ 'ਤੇ ਤਿਆਰ ਰੈਂਕਿੰਗ ਵਿੱਚ ਹਰਿਆਣਾ ਨੇ ਸ਼੍ਰੇਣੀ-ਬੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਸ ਸ਼੍ਰੇਣੀ ਵਿੱਚ 1,00,001 ਤੋਂ 5,00,000 ਤੱਕ ਸਰਕਾਰੀ ਕਰਮਚਾਰੀਆਂ ਵਾਲੇ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਸ਼ਾਮਲ ਹਨ। ਹਰਿਆਣਾ ਤੋਂ ਬਾਅਦ ਕਰਨਾਟਕ ਨੇ 60.47, ਤੇਲੰਗਾਨਾ ਨੇ 60.39, ਗੁਜਰਾਤ ਨੇ 60.18 ਅਤੇ ਪੰਜਾਬ ਨੇ 60.06 ਅੰਕ ਪ੍ਰਾਪਤ ਕੀਤੇ ਹਨ।

ਇਹ ਰੈਂਕਿੰਗ ਆਈਜੀਓਟੀ ਕਰਮਯੋਗੀ ਮੰਚ ਦੇ ਮਾਧਿਅਮ ਨਾਲ ਸਰਕਾਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਭੂਮਿਕਾ-ਆਧਾਰਿਤ ਸਿਖਲਾਈ, ਸਮਰੱਥਾ ਨਿਰਮਾਣ ਅਤੇ ਲਗਾਤਾਰ ਸਿੱਖਣ ਵਿੱਚ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਭਾਗੀਦਾਰੀ ਨੂੰ ਮਾਪਣ ਦੇ ਉਦੇਸ਼ ਨਾਲ ਤਿਆਰ ਕੀਤੀ ਗਈ ਹੈ। ਕੇਂਦਰ ਸਰਕਾਰ ਵੱਲੋਂ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਮੇਂ-ਸਮੇਂ 'ਤੇ ਇਹ ਰੈਂਕਿੰਗ ਦਿੱਤੀ ਜਾਵੇਗੀ, ਤਾਂ ਜੋ ਉਹ ਆਪਣੀ ਪ੍ਰਗਤੀ ਦਾ ਮੁਲਾਂਕਣ ਕਰਦੇ ਹੋਏ ਲਗਾਤਾਰ ਸੁਧਾਰ ਕਰ ਸਕਣ।ਕੁੱਲ ਰੈਂਕਿੰਗ ਤਿੰਨ ਮੁੱਖ ਪ੍ਰਦਰਸ਼ਨ ਮਾਪਦੰਡਾਂ 'ਤੇ ਆਧਾਰਿਤ ਹੈ, ਜਿਨ੍ਹਾਂ ਲਈ ਕੁੱਲ 100 ਅੰਕ ਨਿਰਧਾਰਿਤ ਹਨ। ਰਾਜਾਂ ਦੇ ਵਿਭਾਗਾਂ ਦੁਆਰਾ ਆਰਟੀਫਿਸ਼ੀਅਲ ਇੰਟੈਲੀਜੈਂਸ ਆਧਾਰਿਤ ਸਮਰੱਥਾ ਨਿਰਮਾਣ ਯੋਜਨਾਵਾਂ ਤਿਆਰ ਕਰਨ ਲਈ 30 ਪ੍ਰਤੀਸ਼ਤ, ਭੂਮਿਕਾ-ਆਧਾਰਿਤ ਗਿਆਨ ਦੇ ਨਿਰਮਾਣ ਲਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੁਆਰਾ ਕੋਰਸ ਉਪਲਬਧ ਕਰਵਾਉਣ ਲਈ 30 ਪ੍ਰਤੀਸ਼ਤ, ਜਦਕਿ ਰਜਿਸਟਰਡ ਅਧਿਕਾਰੀਆਂ ਵਿੱਚੋਂ ਪਿਛਲੇ ਮਹੀਨੇ ਘੱਟੋ-ਘੱਟ ਇੱਕ ਘੰਟੇ ਦੀ ਸਿਖਲਾਈ ਪੂਰੀ ਕਰਨ ਵਾਲੇ ਅਧਿਕਾਰੀਆਂ ਲਈ 40 ਪ੍ਰਤੀਸ਼ਤ ਵੇਟੇਜ ਨਿਰਧਾਰਿਤ ਕੀਤੀ ਗਈ ਹੈ।

ਜਿਨ੍ਹਾਂ ਰਾਜਾਂ ਦੇ ਘੱਟੋ-ਘੱਟ 25 ਪ੍ਰਤੀਸ਼ਤ ਵਿਭਾਗਾਂ ਦੁਆਰਾ ਆਰਟੀਫਿਸ਼ੀਅਲ ਇੰਟੈਲੀਜੈਂਸ ਆਧਾਰਿਤ ਸਮਰੱਥਾ ਨਿਰਮਾਣ ਯੋਜਨਾਵਾਂ ਤਿਆਰ ਕੀਤੀਆਂ ਗਈਆਂ ਹਨ, ਉਹ ਪਹਿਲੇ ਮਾਪਦੰਡ ਦੇ ਤਹਿਤ ਪੂਰੇ 30 ਅੰਕ ਪ੍ਰਾਪਤ ਕਰ ਸਕਦੇ ਹਨ। ਇਸੇ ਤਰ੍ਹਾਂ, 10 ਜਾਂ ਇਸ ਤੋਂ ਵੱਧ ਲਾਈਵ ਕੋਰਸ ਉਪਲਬਧ ਕਰਵਾਉਣ ਵਾਲੇ ਰਾਜ ਦੂਜੇ ਮਾਪਦੰਡ ਦੇ ਤਹਿਤ ਪੂਰੇ 30 ਅੰਕ ਪ੍ਰਾਪਤ ਕਰ ਸਕਦੇ ਹਨ।

ਕੇਂਦਰ ਸਰਕਾਰ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਤੋਂ ਸਾਰੇ ਫਰੰਟਲਾਈਨ (ਅਗਰਿਮ ਪੰਕਤੀ ਦੇ) ਕਰਮਚਾਰੀਆਂ ਨੂੰ ਆਈਜੀਓਟੀ ਕਰਮਯੋਗੀ ਮੰਚ 'ਤੇ ਜੋੜਨ ਅਤੇ ਕਰਮਚਾਰੀਆਂ ਦੀ ਕੁੱਲ ਗਿਣਤੀ ਦੀ ਪੁਸ਼ਟੀ ਕਰਨ ਦੀ ਬੇਨਤੀ ਕੀਤੀ ਹੈ। ਨਾਲ ਹੀ, ਕਰਮਚਾਰੀਆਂ ਨੂੰ ਹਰ ਮਹੀਨੇ ਘੱਟੋ-ਘੱਟ ਇੱਕ ਘੰਟੇ ਦੀ ਸਿਖਲਾਈ ਪੂਰੀ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਹੈ।

ਆਈਜੀਓਟੀ ਕਰਮਯੋਗੀ ਮੰਚ 'ਤੇ ਸਰਕਾਰੀ ਅਧਿਕਾਰੀਆਂ ਲਈ ਜਨਰੇਟਿਵ ਆਰਟੀਫਿਸ਼ੀਅਲ ਇੰਟੈਲੀਜੈਂਸ, ਸਾਈਬਰ ਸੁਰੱਖਿਆ, ਕਲਾਊਡ ਕੰਪਿਊਟਿੰਗ, ਪ੍ਰੋਜੈਕਟ ਮੈਨੇਜਮੈਂਟ, ਨਿਜੀ ਵਿਕਾਸ ਅਤੇ ਡਾਟਾ ਐਨਾਲਿਟਿਕਸ ਵਰਗੇ ਵਿਸ਼ਿਆਂ 'ਤੇ 700 ਤੋਂ ਵੱਧ ਉੱਨਤ ਕੋਰਸ ਮੁਫ਼ਤ ਉਪਲਬਧ ਕਰਵਾਏ ਗਏ ਹਨ। ਸਾਈਬਰ ਸੁਰੱਖਿਆ ਅਤੇ ਆਰਟੀਫਿਸ਼ੀਅਲ ਇੰਟੈਲੀਜੈਂਸ 'ਤੇ ਡੈਡੀਕੇਟਿਡ ਲਰਨਿੰਗ ਪਾਥਵੇਅ ਵੀ ਸ਼ੁਰੂ ਕੀਤੇ ਗਏ ਹਨ, ਜਿਨ੍ਹਾਂ ਵਿੱਚ ਸਿਖਲਾਈ ਤੋਂ ਪਹਿਲਾਂ ਅਤੇ ਬਾਅਦ ਵਿੱਚ ਮੁਲਾਂਕਣ ਦੀ ਵਿਵਸਥਾ ਹੈ। ਕਰਮਚਾਰੀਆਂ ਨੂੰ 'ਪਬਲਿਕ ਸਰਵਿਸ ਵਿੱਚ ਸਾਈਬਰ ਸੁਰੱਖਿਆ ਦੀ ਬੁਨਿਆਦ' ਲਰਨਿੰਗ ਪਾਥਵੇਅ ਪੂਰਾ ਕਰਕੇ 'ਸਾਈਬਰ ਸੁਰੱਖਿਆ ਨਿਪੁੰਨ' ਬੈਜ ਹਾਸਲ ਕਰਨ ਲਈ ਵੀ ਉਤਸ਼ਾਹਿਤ ਕੀਤਾ ਗਿਆ ਹੈ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।